ਵੈਸਾਖ (ਨਾਨਕਸ਼ਾਹੀ ਸੰਮਤ ੫੫੭)
ਅਪ੍ਰੈਲ 2025

2/- ਰੁਪਏ
RNI No. 88/57, Vol. 69, Issue 4, April 2025

ਮਾਸਿਕ

# ਗੁਰਦੁਆਰਾ ਗਜ਼ਟ



## ਤੇਜਾ ਸਿੰਘ ਸਮੁੰਦਰੀ ਹਾਲ ਵਿਖੇ
## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਾਲ 2025-26 ਲਈ
## 1386 ਕਰੋੜ 47 ਲੱਖ 80 ਹਜ਼ਾਰ ਰੁਪਏ ਦਾ ਬਜਟ
## ਜੈਕਾਰਿਆਂ ਦੀ ਗੂੰਜ ਵਿੱਚ ਪਾਸ



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਨਵਨਿਯੁਕਤ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ
ਜਥੇਦਾਰ ਵਜੋਂ ਸੇਵਾ ਸੰਭਾਲਣ ਸਮੇਂ ਨਾਲ ਹਨ ਸਕੱਤਰ ਸ. ਪ੍ਰਤਾਪ ਸਿੰਘ, ਮੈਨੇਜਰ ਸ. ਮਲਕੀਤ ਸਿੰਘ ਤੇ ਹੋਰ। (10 ਮਾਰਚ)

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

ਸਥਾਪਤ ੧੯੨੯

| | | |
|---|---|---|
| ਵੈਸਾਖ | : | ਨਾਨਕਸ਼ਾਹੀ ਸੰਮਤ ੫੫੭ |
| ਅੰਕ 4 | : | ਜਿਲਦ 69 |
| ਅਪ੍ਰੈਲ | : | 2025 |

ਸੰਪਾਦਕ : ਪ੍ਰਤਾਪ ਸਿੰਘ
ਐਸੋਸੀਏਟ ਸੰਪਾਦਕ: ਡਾ. ਰਾਜਵਿੰਦਰ ਸਿੰਘ ਜੋਗਾ

ਚੰਦਾ

| ਦੇਸ਼ | | ਵਿਦੇਸ਼ |
|---|---|---|
| ਸਾਲਾਨਾ 20/- | : | ਸਾਲਾਨਾ 500/- |
| ਲਾਈਫ 200/- | : | (ਹਵਾਈ ਡਾਕ) |



**Website : www.sgpc.net**
**E-mail : gurdwaragazette@gmail.com**
**info@sgpc.net**
**Phone : 0183-255 3956-60, Ext. 254**


## ਸੂਚਨਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਦੀ ਸਥਾਪਤੀ ਦੇ ਸਮੇਂ ਤੋਂ ਚੱਲ ਰਹੇ ਜਿਲਦ ਨੰਬਰ ਦੀ ਲੜੀ ਅਨੁਸਾਰ ਸਾਲ ੨੦੨੦ ਵਿਚ ਜਿਲਦ ਨੰਬਰ ੯੨ ਛਪ ਰਿਹਾ ਸੀ। ਪਰੰਤੂ ਆਰ.ਐਨ.ਆਈ. ਵਿਭਾਗ ਭਾਰਤ ਸਰਕਾਰ ਪਾਸ ਪਰਚੇ ਦੀ ਰਜਿਸਟ੍ਰੇਸ਼ਨ ੧੯੫੭ ਵਿਚ ਹੋਈ ਸੀ, ਜਿਸ ਸਬੰਧੀ ਆਰ.ਐਨ.ਆਈ. ਵਿਭਾਗ ਵੱਲੋਂ ਪੁੱਜੇ ਪੱਤਰ ਦੀ ਰੌਸ਼ਨੀ ਵਿਚ ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ ੫੨੪ ਮਿਤੀ ੫-੯-੨੦੨੦ ਰਾਹੀਂ ਸਤੰਬਰ ੨੦੨੦ ਦੇ ਅੰਕ ਤੋਂ ਜਿਲਦ ਨੰਬਰ ੯੨ ਦੀ ਜਗ੍ਹਾ ੬੪ ਕੀਤਾ ਗਿਆ।


ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-68/10258 ਮਿਤੀ 20-6-67 ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

***ਪ੍ਰਤੀ ਕਾਪੀ 2/-ਰੁਪਏ***


# ਤਤਕਰਾ


| ਲੇਖ | ਪੰਨਾ |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰ ਮਰਯਾਦਾ | 4 |
| ਇਤਿਹਾਸਕ ਦਿਹਾੜੇ | 5 |
| ਗੁਰਬਾਣੀ ਵਿਚਾਰ | 7 |
| ਸੰਪਾਦਕੀ | 8 |
| ਖ਼ਾਲਸੇ ਦੀ ਮਹਾਨਤਾ -ਪ੍ਰੋ. ਕਿਰਪਾਲ ਸਿੰਘ ਬਡੂੰਗਰ | 11 |
| ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ... ਡਾ. ਇੰਦਰਜੀਤ ਸਿੰਘ ਵਾਸੂ | 16 |
| ਸ਼੍ਰੋਮਣੀ ਕਮੇਟੀ ਖ਼ਬਰਨਾਮਾ | 25 |
| ਹਿਸਾਬ-ਕਿਤਾਬ | 51 |
| ਮਤੇ | 65 |
| ਕਾਰਵਾਈ ਬਜਟ ਇਜਲਾਸ | 72 |

**English Section**

| | |
|---|---|
| **Historical Events** | **113** |
| **SGPC News** | **115** |


## ਪਾਠਕ ਧਿਆਨ ਦੇਣ

ਸਮੂਹ ਸੰਗਤ ਨੂੰ ਸਤਿਕਾਰ ਸਹਿਤ ਬੇਨਤੀ ਹੈ ਕਿ 'ਗੁਰਦੁਆਰਾ ਗਜ਼ਟ' ਮੈਗਜ਼ੀਨ ਵਿਚ ਧਾਰਮਿਕ ਸਮੱਗਰੀ ਅਤੇ ਗਤੀਵਿਧੀਆਂ ਛਾਪੀਆਂ ਜਾਂਦੀਆਂ ਹਨ। ਇਸ ਲਈ ਹਰੇਕ ਪਾਠਕ ਲਈ ਇਸ ਮੈਗਜ਼ੀਨ ਨੂੰ ਪੂਰਨ ਸਤਿਕਾਰਤ ਰੂਪ ਵਿਚ ਸੰਭਾਲਣਾ ਜ਼ਰੂਰੀ ਹੈ। ਇਸ ਨੂੰ ਪੜ੍ਹ ਕੇ ਏਧਰ-ਓਧਰ ਸੁੱਟਣ ਦੀ ਬਜਾਇ ਕਿਸੇ ਹੋਰ ਧਾਰਮਿਕ ਰੁਚੀ ਵਾਲੇ ਪਾਠਕ ਨੂੰ ਦੇ ਦਿਓ ਜਾਂ ਆਪਣੇ ਨੇੜੇ ਦੀ ਕਿਸੇ ਲਾਇਬ੍ਰੇਰੀ ਵਿਚ ਜਮ੍ਹਾਂ ਕਰਵਾ ਦਿਓ ਜੀ। ਪਰੰਤੂ ਜਾਣੇ-ਅਣਜਾਣੇ ਇਸ ਧਾਰਮਿਕ ਰਸਾਲੇ ਨੂੰ ਰੱਦੀ ਵਿਚ ਦੇ ਕੇ ਬੇਅਦਬੀ ਨਾ ਕਰੋ ਜੀ। -ਸੰਪਾਦਕ

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਮਰਯਾਦਾ

## ਮਹੀਨਾ ਵੈਸਾਖ

* ਕਿਵਾੜ ਖੁੱਲ੍ਹਣ ਦਾ ਸਮਾਂ — ੨-੧੫ ਵਜੇ ਅੰਮ੍ਰਿਤ ਵੇਲੇ
* ਕੀਰਤਨ ਆਰੰਭ — ੨-੧੫ ਵਜੇ ਅੰਮ੍ਰਿਤ ਵੇਲੇ
* ਆਸਾ ਦੀ ਵਾਰ ਦਾ ਕੀਰਤਨ ਆਰੰਭ — ੩-੧੫ ਵਜੇ ਸਵੇਰੇ
* ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ — ੪-੧੫ ਵਜੇ ਸਵੇਰੇ
* ਪਹਿਲਾ ਹੁਕਮਨਾਮਾ — ੪-੪੫ ਵਜੇ ਸਵੇਰੇ
* ਪਹਿਲੀ ਅਰਦਾਸ — ੫-੧੫ ਵਜੇ ਸਵੇਰੇ
* ਸ੍ਰੀ ਆਸਾ ਦੀ ਵਾਰ ਦੀ ਸਮਾਪਤੀ — ੬-੧੫ ਵਜੇ ਸਵੇਰੇ
* ਦੂਸਰੀ ਅਰਦਾਸ ਤੇ ਹੁਕਮਨਾਮਾ — ੬-੩੦ ਵਜੇ ਸਵੇਰੇ
* ਸ਼ਾਮ ਨੂੰ ਸੋ ਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।
* ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ — ੧੦-੧੫ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ — ੧੦-੩੦ ਵਜੇ ਰਾਤ
* ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ — ੧੦-੪੫ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫ਼ਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ।

**ਸਕੱਤਰ,**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ-੧੪੩੦੦੬

ਫੋਨ : ੦੦੯੧-੧੮੩-੨੫੫੩੯੫੭,੫੮,੫੯

# 16 ਅਪ੍ਰੈਲ ਤੋਂ 15 ਮਈ ਤਕ ਦੇ ਇਤਿਹਾਸਕ ਦਿਹਾੜੇ

੧੭ ਅਪ੍ਰੈਲ (ੳ) ਸਿੱਖਾਂ ਨੇ ਲਾਹੌਰ 'ਤੇ ਕਬਜ਼ਾ ਕਰ ਲਿਆ ਤੇ ਇਸ ਤਰ੍ਹਾਂ ਪੰਜਾਬ 'ਚੋਂ ਅਫ਼ਗਾਨੀ ਹਕੂਮਤ ਦਾ ਖ਼ਾਤਮਾ ਹੋ ਗਿਆ। (੧੭-੪-੧੭੬੫)

(ਅ) ੧੬ਵਾਂ ਸ਼ਹੀਦੀ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜੈਤੋ ਲਈ ਰਵਾਨਾ ਹੋਇਆ। (੧੭-੪-੧੯੨੫)

੧੮ ਅਪ੍ਰੈਲ ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ। (ਵੈਸਾਖ ਵਦੀ ੫)

੨੦ ਅਪ੍ਰੈਲ (ੳ) ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ। (ਵੈਸਾਖ ਵਦੀ ੭)

(ਅ) ਜਨਮ ਦਿਹਾੜਾ ਭਗਤ ਧੰਨਾ ਜੀ। (੮ ਵੈਸਾਖ)

੨੧ ਅਪ੍ਰੈਲ ਪ੍ਰਸਿੱਧ ਸਿੱਖ ਵਿਦਵਾਨ ਗਿਆਨੀ ਦਿੱਤ ਸਿੰਘ ਦਾ ਜਨਮ ਹੋਇਆ। (੨੧-੪-੧੮੫੩)

੨੪ ਅਪ੍ਰੈਲ (ੳ) ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬੀ ਸੂਬੇ ਲਈ ਇਕ ਸ਼ਾਂਤਮਈ ਅੰਦੋਲਨ ਸ਼ੁਰੂ ਕਰਨ ਦਾ ਫੈਸਲਾ ਕੀਤਾ। (੨੪-੪-੧੯੫੫)

(ਅ) ਸ਼੍ਰੋਮਣੀ ਅਕਾਲੀ ਦਲ ਨੇ ਸਤਲੁਜ-ਯਮੁਨਾ ਲਿੰਕ ਨਹਿਰ ਦੀ ਉਸਾਰੀ ਬੰਦ ਕਰਨ ਲਈ ਮੋਰਚਾ ਸ਼ੁਰੂ ਕੀਤਾ। (੨੪-੪-੧੯੮੨)

੨੫ ਅਪ੍ਰੈਲ ਮਹਾਰਾਜਾ ਰਣਜੀਤ ਸਿੰਘ ਅਤੇ ਈਸਟ ਇੰਡੀਆ ਕੰਪਨੀ (ਅੰਗਰੇਜ਼ਾਂ) ਦਰਮਿਆਨ ਅੰਮ੍ਰਿਤਸਰ ਦੀ ਸੰਧੀ ਹੋਈ। (੨੫-੪-੧੮੦੯)

੨੭ ਅਪ੍ਰੈਲ ਜੈਤੋ ਦੇ ਮੋਰਚੇ ਲਈ ੧੦੧ ਸਿੱਖਾਂ ਦਾ ਵਿਸ਼ੇਸ਼ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਰਵਾਨਾ ਹੋਇਆ। (੨੭-੪-੧੯੨੫)

੨੮ ਅਪ੍ਰੈਲ ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ। (ਵੈਸਾਖ ਸੁਦੀ ੧)

੨੯ ਅਪ੍ਰੈਲ ਸ਼੍ਰੋਮਣੀ ਅਕਾਲੀ ਦਲ ਨੇ ਚੰਡੀਗੜ੍ਹ ਪੰਜਾਬ ਨੂੰ ਦੇਣ ਲਈ ਮੋਰਚਾ ਲਾਉਣ ਦਾ ਐਲਾਨ ਕੀਤਾ। (੨੯-੪-੧੯੬੮)

੩੦ ਅਪ੍ਰੈਲ ਜਰਨੈਲ ਸ. ਹਰੀ ਸਿੰਘ ਨਲੂਆ ਨੇ ਜਮਰੌਦ ਵਿਖੇ ਸ਼ਹੀਦੀ ਪਾਈ। (੩੦-੪-੧੮੩੭)

੩ ਮਈ ਸ਼ਹੀਦੀ ਜੋੜ ਮੇਲਾ ਸ੍ਰੀ ਮੁਕਤਸਰ ਸਾਹਿਬ। (੨੧ ਵੈਸਾਖ)

੫ ਮਈ (ੳ) ਜਨਮ ਦਿਹਾੜਾ ਸ੍ਰ. ਜੱਸਾ ਸਿੰਘ ਰਾਮਗੜ੍ਹੀਆ। (੫ ਮਈ, ੧੭੨੩)

(ਅ) ਭਾਰਤ ਸਰਕਾਰ ਨੇ ਪੰਜਾਬ ਦੀਆਂ ਸਿੱਖ ਰਿਆਸਤਾਂ ਤੋੜ ਕੇ 'ਪੈਪਸੂ' ਸੂਬਾ ਕਾਇਮ ਕਰ ਦਿੱਤਾ। (੫-੫-੧੯੪੮)

੬ ਮਈ ਦਿੱਲੀ ਪੁਲੀਸ ਨੇ ਗੁ: ਸੀਸ ਗੰਜ ਸਾਹਿਬ 'ਤੇ ਫਾਇਰਿੰਗ ਕੀਤੀ। (੬-੫-੧੯੩੦)

੧੦ ਮਈ (ੳ) ਫਿਰੋਜ਼ਪੁਰ ਦੇ ਸਿੰਘਾਂ ਦਾ ਛੇਵਾਂ ਸ਼ਹੀਦੀ ਜਥਾ ੯ ਮਈ ਨੂੰ ਅੰਮ੍ਰਿਤਸਰ ਪੁੱਜਾ ਅਤੇ ੧੦ ਮਈ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਜੈਤੋਂ ਲਈ ਰਵਾਨਾ ਹੋਇਆ। (੧੦-੦੫-੧੯੨੪

(ਅ) ਪਿਸ਼ਾਵਰ ਵਿਖੇ ਸਿੱਖਾਂ ਤੇ ਪਠਾਣਾਂ ਦੇ ਹੋਏ ਕਤਲਾਂ ਦੇ ਰੋਸ ਵਜੋਂ ਮਾਸਟਰ ਤਾਰਾ ਸਿੰਘ ਸ੍ਰੀ ਅਕਾਲ ਤਖਤ ਸਾਹਿਬ ਤੋਂ ੧੦੦ ਸਿੰਘਾਂ ਦਾ ਜਥਾ ਲੈ ਕੇ ਗਏ। (੧੦-੫-੧੯੩੦)

(ੲ) ''ਪੰਜਾਬੀ ਸੂਬਾ ਜ਼ਿੰਦਾਬਾਦ'' ਦੇ ਨਾਅਰੇ 'ਤੇ ਲਾਈ ਅਣ-ਐਲਾਨੀ ਪਾਬੰਦੀ ਦੇ ਖ਼ਿਲਾਫ਼ ਸ਼੍ਰੋਮਣੀ ਅਕਾਲੀ ਦਲ ਨੇ ਮੋਰਚਾ ਲਾਇਆ। (੧੦-੫-੧੯੫੫)

੧੧ ਮਈ (ੳ) ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ (ਵੈਸਾਖ ਸੁਦੀ ੧੪)

(ਅ) ਸ਼੍ਰੋਮਣੀ ਅਕਾਲੀ ਦਲ ਨੇ 'ਸਿੱਖ ਇੱਕ ਵੱਖਰੀ ਕੌਮ ਹਨ' ਦਾ ਮਤਾ ਪਾਸ ਕੀਤਾ। (੧੧-੫-੧੯੮੧)

੧੨ ਮਈ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਸਰਹਿੰਦ ਫ਼ਤਹਿ ਦਿਵਸ। (੧੨ ਮਈ, ੧੭੧੦)

੧੫ ਮਈ ਮਹਾਰਾਣੀ ਜਿੰਦ ਕੌਰ (ਰਾਣੀ ਜਿੰਦਾਂ) ਨੂੰ ਸ਼ੇਖ਼ੂਪੁਰੇ ਦੇ ਕਿਲ੍ਹੇ ਤੋਂ ਪਹਿਲਾਂ ਬਨਾਰਸ ਵਿਖੇ ਲਿਜਾਇਆ ਗਿਆ ਉਪਰੰਤ ਚੁਨਾਰ (ਮਿਰਜ਼ਾਪੁਰ) ਦੇ ਕਿਲ੍ਹੇ ਵਿਚ ਨਜ਼ਰਬੰਦ ਕੀਤਾ ਗਿਆ ਅਤੇ ਉਸਦੀ ਪੈਨਸ਼ਨ ਸਾਲਾਨਾ ੪੮੦੦੦ ਰੁਪਏ ਤੋਂ ਘਟਾ ਕੇ ੧੨੦੦੦ ਰੁਪਏ ਕਰ ਦਿੱਤੀ ਗਈ। (੧੫-੫-੧੮੪੮)

## ਗੁਰਦੁਆਰਾ ਪ੍ਰਬੰਧਕ ਸੁਚੇਤ ਹੋਣ

ਬਿਜਲੀ ਦੇ ਸਰਕਟ ਸ਼ਾਰਟ ਹੋਣ ਕਾਰਨ ਅੱਗ ਲੱਗਣ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਗਨ-ਭੇਟ ਹੋ ਜਾਣ ਦੀਆਂ ਖ਼ਬਰਾਂ ਬਹੁਤ ਹੀ ਦੁੱਖਦਾਈ, ਚਿੰਤਾਜਨਕ ਤੇ ਹਿਰਦੇਵੇਧਕ ਹਨ। ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ-ਸੰਭਾਲ ਤੇ ਅਦਬ-ਸਤਿਕਾਰ ਬਹਾਲ ਰੱਖਣ ਲਈ ਸਮੁੱਚੇ ਸਿੱਖ ਭਾਈਚਾਰੇ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਅਜਿਹੀ ਕੋਈ ਮੰਦਭਾਗੀ ਘਟਨਾ ਨਾ ਵਾਪਰੇ। ਇਸ ਲਈ ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨਾਂ ਵਿੱਚ ਧੂਫ਼, ਲਾਈਟਾਂ, ਪੱਖੇ ਅਤੇ ਬਿਜਲੀ ਦੀਆਂ ਸਜਾਵਟੀ ਲੜੀਆਂ ਉਦੋਂ ਤੱਕ ਹੀ ਜਗਾਈਆਂ ਜਾਣ, ਜਦ ਤੀਕ ਕੋਈ ਨਿਗਰਾਨ ਹਾਜ਼ਰ ਹੋਵੇ। ਗੁਰਦੁਆਰਾ ਸਾਹਿਬ ਦੇ ਕਿਵਾੜ ਬੰਦ ਕਰਨ ਸਮੇਂ ਧੂਫ਼/ ਅਗਰਬੱਤੀ ਅਤੇ ਬਿਜਲੀ ਦਾ ਮੇਨ-ਸਵਿੱਚ ਆਦਿ ਬੰਦ ਕਰ ਦੇਣੇ ਚਾਹੀਦੇ ਹਨ।

ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਦੀ ਬਿਜਲੀ ਦੀ ਸਮੁੱਚੀ ਫਿਟਿੰਗ ਤਸੱਲੀਬਖਸ਼ ਕੀਤੀ ਜਾਵੇ। ਹਰ ਗੁਰੂ-ਘਰ ਵਿੱਚ ਅੱਗ ਬੁਝਾਊ ਜੰਤਰ ਲਗਾਉਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਸ਼ਚਿਤ ਟੀਮਾਂ ਹਰੇਕ ਗੁਰੂ-ਘਰ ਪੁੱਜ ਕੇ ਨਿਰੀਖਣ ਕਰਨਗੀਆਂ। ਜੋ ਕਮੇਟੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਯਾਦਾ ਅਨੁਸਾਰ ਅਦਬ-ਸਤਿਕਾਰ ਤੇ ਸੇਵਾ-ਸੰਭਾਲ ਠੀਕ ਤਰ੍ਹਾਂ ਨਹੀਂ ਕਰ ਸਕਦੀਆਂ, ਉਨ੍ਹਾਂ ਵਿਰੁੱਧ ਸਖ਼ਤੀ ਨਾਲ ਕਾਰਵਾਈ ਹੋਵੇਗੀ।

**ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।**

**ਗੁਰਬਾਣੀ ਵਿਚਾਰ:**

# ਵੈਸਾਖੁ ਸੁਹਾਵਾ ਤਾਂ ਲਗੈ...

*ਵੈਸਾਖਿ ਧੀਰਨਿ ਕਿਉ ਵਾਢੀਆ ਜਿਨਾ ਪ੍ਰੇਮ ਬਿਛੋਹੁ॥*
*ਹਰਿ ਸਾਜਨੁ ਪੁਰਖੁ ਵਿਸਾਰਿ ਕੈ ਲਗੀ ਮਾਇਆ ਧੋਹੁ॥*
*ਪੁਤ੍ਰ ਕਲਤ੍ਰ ਨ ਸੰਗਿ ਧਨਾ ਹਰਿ ਅਵਿਨਾਸੀ ਓਹੁ॥*
*ਪਲਚਿ ਪਲਚਿ ਸਗਲੀ ਮੁਈ ਝੂਠੈ ਧੰਧੈ ਮੋਹੁ॥*
*ਇਕਸੁ ਹਰਿ ਕੇ ਨਾਮ ਬਿਨੁ ਅਗੈ ਲਈਅਹਿ ਖੋਹਿ॥*
*ਦਯੁ ਵਿਸਾਰਿ ਵਿਗੁਚਣਾ ਪ੍ਰਭ ਬਿਨੁ ਅਵਰੁ ਨ ਕੋਇ॥*
*ਪ੍ਰੀਤਮ ਚਰਣੀ ਜੋ ਲਗੇ ਤਿਨ ਕੀ ਨਿਰਮਲ ਸੋਇ॥*
*ਨਾਨਕ ਕੀ ਪ੍ਰਭ ਬੇਨਤੀ ਪ੍ਰਭ ਮਿਲਹੁ ਪਰਾਪਤਿ ਹੋਇ॥*
*ਵੈਸਾਖੁ ਸੁਹਾਵਾ ਤਾਂ ਲਗੈ ਜਾ ਸੰਤੁ ਭੇਟੈ ਹਰਿ ਸੋਇ॥੩॥*

(ਵੈਸਾਖੀ ਵਾਲਾ ਦਿਨ ਹਰੇਕ ਇਸਤਰੀ-ਮਰਦ ਵਾਸਤੇ ਰੀਝਾਂ ਵਾਲਾ ਦਿਨ ਹੁੰਦਾ ਹੈ, ਪਰ) ਵੈਸਾਖ ਵਿਚ ਉਨ੍ਹਾਂ ਇਸਤਰੀਆਂ ਦਾ ਦਿਲ ਕਿਵੇਂ ਖਲੋਵੇ ਜੋ ਪਤੀ ਤੋਂ ਵਿਛੁੜੀਆਂ ਪਈਆਂ ਹਨ, ਜਿਨ੍ਹਾਂ ਦੇ ਅੰਦਰ ਪਿਆਰ (ਦੇ ਪ੍ਰਗਟਾਵੇ) ਦੀ ਅਣਹੋਂਦ ਹੈ, (ਇਸ ਤਰ੍ਹਾਂ ਉਸ ਜੀਵ ਨੂੰ ਧੀਰਜ ਕਿਵੇਂ ਆਵੇ ਜਿਸ ਨੂੰ) ਸੱਜਣ-ਪ੍ਰਭੂ ਵਿਸਾਰ ਕੇ ਮਨ-ਮੋਹਣੀ ਮਾਇਆ ਚੰਬੜੀ ਹੋਈ ਹੈ?

ਨਾ ਪੁੱਤਰ, ਨਾ ਇਸਤਰੀ, ਨਾ ਧਨ, ਕੋਈ ਭੀ ਮਨੁੱਖ ਦੇ ਨਾਲ ਨਹੀਂ ਨਿਭਦਾ, ਇਕ ਅਬਿਨਾਸੀ ਪਰਮਾਤਮਾ ਹੀ ਅਸਲ ਸਾਥੀ ਹੈ। ਨਾਸ਼ਵੰਤ ਧੰਦੇ ਦਾ ਮੋਹ (ਸਾਰੀ ਲੋਕਾਈ ਨੂੰ ਹੀ) ਵਿਆਪ ਰਿਹਾ ਹੈ, (ਮਾਇਆ ਦੇ ਮੋਹ ਵਿਚ) ਮੁੜ-ਮੁੜ ਫਸ ਕੇ ਸਾਰੀ ਲੋਕਾਈ ਹੀ (ਆਤਮਿਕ ਮੌਤੇ) ਮਰ ਰਹੀ ਹੈ। ਇਕ ਪਰਮਾਤਮਾ ਦੇ ਨਾਮ ਸਿਮਰਨ ਤੋਂ ਬਿਨਾਂ ਹੋਰ ਜਿਤਨੇ ਭੀ ਕਰਮ ਇਥੇ ਕਰੀਦੇ ਹਨ, ਉਹ ਸਾਰੇ ਮਰਨ ਤੋਂ ਪਹਿਲਾਂ ਹੀ ਖੋਹ ਲਏ ਜਾਂਦੇ ਹਨ (ਭਾਵ, ਉਹ ਉੱਚੇ ਆਤਮਿਕ ਜੀਵਨ ਦਾ ਅੰਗ ਨਹੀਂ ਬਣ ਸਕਦੇ)।

ਪਿਆਰ-ਸਰੂਪ ਪ੍ਰਭੂ ਨੂੰ ਵਿਸਾਰ ਕੇ ਖ਼ੁਆਰੀ ਹੀ ਹੁੰਦੀ ਹੈ, ਪਰਮਾਤਮਾ ਤੋਂ ਬਿਨਾਂ ਜਿੰਦ ਦਾ ਹੋਰ ਕੋਈ ਸਾਥੀ ਹੀ ਨਹੀਂ ਹੁੰਦਾ। ਪ੍ਰਭੂ-ਪ੍ਰੀਤਮ ਦੀ ਚਰਨੀਂ ਜਿਹੜੇ ਬੰਦੇ ਲੱਗਦੇ ਹਨ, ਉਨ੍ਹਾਂ ਦੀ (ਲੋਕ-ਪਰਲੋਕ ਵਿਚ) ਭਲੀ ਸ਼ੋਭਾ ਹੁੰਦੀ ਹੈ।

ਹੇ ਪ੍ਰਭੂ! (ਤੇਰੇ ਦਰ 'ਤੇ) ਮੇਰੀ ਬੇਨਤੀ ਹੈ ਕਿ ਮੈਨੂੰ ਤੇਰਾ ਦਿਲ-ਰੱਜਵਾਂ ਮਿਲਾਪ ਨਸੀਬ ਹੋਵੇ। (ਰੁੱਤ ਫਿਰਨ ਨਾਲ ਚੁਫੇਰੇ ਬਨਸਪਤੀ ਪਈ ਸੁਹਾਵਣੀ ਹੋ ਜਾਏ, ਪਰ) ਜਿੰਦ ਨੂੰ ਵੈਸਾਖ ਦਾ ਮਹੀਨਾ ਤਦੋਂ ਹੀ ਸੋਹਣਾ ਲੱਗ ਸਕਦਾ ਹੈ, ਜੇ ਹਰੀ ਸੰਤ-ਪ੍ਰਭੂ ਮਿਲ ਪਏ ॥੩॥

■

*ਸੰਪਾਦਕੀ...*

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਬਜ਼ਟ ਤਰਜੀਹਾਂ

ਹਰ ਇਕ ਦੇਸ਼ ਦਾ ਆਪਣਾ-ਆਪਣਾ ਸਾਲਾਨਾ ਬਜ਼ਟ ਹੁੰਦਾ ਹੈ। ਜਿਸ ਵਿਚ ਦੇਸ਼ ਦੀਆਂ ਵੱਖ-ਵੱਖ ਸਟੇਟਾਂ ਨੂੰ ਧਿਆਨ ਵਿਚ ਰੱਖ ਕੇ ਉਨ੍ਹਾਂ ਲਈ ਕੁਝ ਮੱਦਾਂ ਰੱਖੀਆਂ ਜਾਂਦੀਆਂ ਹਨ। ਇਸੇ ਕਰਕੇ ਦੇਸ਼ ਦੇ ਲੋਕਾਂ ਨੂੰ ਇਸ ਤੋਂ ਬਹੁਤ ਸਾਰੀਆਂ ਉਮੀਦਾਂ ਹੁੰਦੀਆਂ ਹਨ। ਪਰ ਦੇਸ਼ ਦਾ ਹਰ ਸਾਲ ਦਾ ਬਜ਼ਟ ਲੋਕਾਂ ਦੀਆਂ ਇਨ੍ਹਾਂ ਉਮੀਦਾਂ 'ਤੇ ਕਦੇ ਵੀ ਖਰਾ ਨਹੀਂ ਉਤਰਦਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਿੱਖ ਕੌਮ ਦੀ ਸ਼੍ਰੋਮਣੀ ਤੇ ਜਮਹੂਰੀ ਸੰਸਥਾ ਹੈ। ਇਸ ਦਾ ਵੀ ਹਰ ਸਾਲ ਸਾਲਾਨਾ ਬਜ਼ਟ ਤਿਆਰ ਹੁੰਦਾ ਹੈ। ਸ਼੍ਰੋਮਣੀ ਕਮੇਟੀ ਜਿੱਥੇ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਕਰਦੀ ਹੈ, ਉੱਥੇ ਵੱਡੀ ਪੱਧਰ 'ਤੇ ਗੁਰਮਤਿ ਦਾ ਪ੍ਰਚਾਰ-ਪ੍ਰਸਾਰ ਕਰਦੀ ਹੈ। ਇੱਥੇ ਹੀ ਬੱਸ ਨਹੀਂ, ਬਲਕਿ ਜਿਹੜੇ ਕਾਰਜ ਸਥਾਨਿਕ ਸਰਕਾਰਾਂ ਦੇ ਹਿੱਸੇ ਵਿਚ ਆਉਣ ਵਾਲੇ ਹਨ ਜਿਵੇਂ- ਵਿਦਿਅਕ ਅਦਾਰੇ, ਮੈਡੀਕਲ ਕਾਲਜ ਤੇ ਹੋਰ ਸਮਾਜ ਭਲਾਈ ਦੇ ਖੇਤਰ ਵਿਚ ਵੀ ਲੋੜ ਤੋਂ ਵਧੇਰੇ ਸ਼੍ਰੋਮਣੀ ਕਮੇਟੀ ਆਪਣਾ ਅਹਿਮ ਯੋਗਦਾਨ ਪਾਉਂਦੀ ਆ ਰਹੀ ਹੈ। ਕੁਝ ਲੋਕ ਸ਼੍ਰੋਮਣੀ ਕਮੇਟੀ ਦੇ ਸਾਲਾਨਾ ਬਜ਼ਟ ਨੂੰ ਇਹ ਕਹਿ ਕੇ ਭੰਡੀ ਪ੍ਰਚਾਰ ਵੀ ਕਰਦੇ ਵੇਖੇ, ਸੁਣੇ ਹਨ ਕਿ ਸ਼੍ਰੋਮਣੀ ਕਮੇਟੀ ਦਾ ਬਜ਼ਟ ਪੰਜਾਬ ਸਰਕਾਰ ਨਾਲੋਂ ਵਧੇਰੇ ਹੈ, ਪਰ ਇਹ ਸੱਚਾਈ ਤੋਂ ਕੋਹਾਂ ਦੂਰ ਹੈ, ਜਦੋਂਕਿ ਸ਼੍ਰੋਮਣੀ ਕਮੇਟੀ ਦਾ ਬਜ਼ਟ ਤਾਂ ਪੰਜਾਬ ਸਰਕਾਰ ਦੇ ਮੁਕਾਬਲੇ ਨਾ-ਮਾਤਰ ਹੀ ਹੈ। ਅਜਿਹਾ ਪ੍ਰਚਾਰ ਕਰਨ ਵਾਲੇ ਸ਼ਰਾਰਤੀ ਲੋਕ ਇਹ ਭੁੱਲ ਜਾਂਦੇ ਹਨ ਕਿ ਸ਼੍ਰੋਮਣੀ ਕਮੇਟੀ ਸਿੱਖ ਕੌਮ ਦੀ ਇਕ ਧਾਰਮਿਕ ਸੰਸਥਾ ਹੈ ਤੇ ਦੂਜੇ ਪਾਸੇ ਇਕ ਰਾਜ ਸਰਕਾਰ ਹੈ। ਸਰਕਾਰਾਂ ਕੋਲ ਆਮਦਨ ਦੇ ਕਿੰਨੇ ਹੀਲੇ-ਵਸੀਲੇ ਹੁੰਦੇ ਹਨ, ਜਦੋਂਕਿ ਸ਼੍ਰੋਮਣੀ ਕਮੇਟੀ ਕੋਲ ਆਮਦਨ ਦੇ ਵਸੀਲੇ ਸੀਮਿਤ ਹਨ? ਫਿਰ ਵੀ ਸ਼੍ਰੋਮਣੀ ਕਮੇਟੀ ਸਿੱਖ ਸੰਗਤ ਦੇ ਦਸਵੰਧ ਤੇ ਆਪਣੇ ਸੀਮਿਤ ਵਸੀਲਿਆਂ ਤੋਂ ਇਕੱਤਰ ਕੀਤੀ ਮਾਇਆ ਨਾਲ ਸਮਾਜ ਦੇ ਵਿਕਾਸ ਵਿਚ ਆਪਣਾ ਅਹਿਮ ਯੋਗਦਾਨ ਪਾ ਰਹੀ ਹੈ। ਸ਼੍ਰੋਮਣੀ ਕਮੇਟੀ ਵਿਚ ਗੁਰਦੁਆਰਾ ਪ੍ਰਬੰਧ ਦੇ ਨਾਲ-ਨਾਲ ਹੋਰ ਵਿਦਿਅਕ ਸੰਸਥਾਵਾਂ ਜਿਵੇਂ- ਸੈਂਕੜੇ ਹੀ ਸਕੂਲਾਂ, ਕਾਲਜਾਂ, ਮੈਡੀਕਲ ਕਾਲਜਾਂ, ਇੰਜੀਨੀਅਰਿੰਗ ਤੇ ਪੌਲੀਟੈਕਨਿਕ ਕਾਲਜ, ਯੂਨੀਵਰਸਿਟੀਆਂ, ਧਾਰਮਿਕ ਵਿਦਿਆਲੇ, ਮਿਸ਼ਨਰੀ ਕਾਲਜਾਂ ਅਤੇ ਸਿੱਖ ਮਿਸ਼ਨਾਂ ਆਦਿ ਵਿਚ ਲਗਪਗ ੨੩ ਹਜ਼ਾਰ ਦੇ ਕਰੀਬ ਮੁਲਾਜ਼ਮ ਕਾਰਜਸ਼ੀਲ ਹਨ। ਇਹ ਸਿਰਫ ਪੰਜਾਬ ਵਿਚ ਹੀ ਨਹੀਂ ਬਲਕਿ ਹੋਰਨਾਂ ਰਾਜਾਂ ਵਿਚ ਵੀ ਚਲਾਏ ਜਾ ਰਹੇ ਹਨ। ਇਨ੍ਹਾਂ ਵਿਦਿਅਕ ਅਦਾਰਿਆਂ ਦੀਆਂ ਫੀਸਾਂ ਵੀ ਬਾਕੀ ਦੁਨਿਆਵੀ ਸਕੂਲਾਂ, ਕਾਲਜਾਂ ਦੇ ਮੁਕਾਬਲੇ ਬਹੁਤ ਘੱਟ ਹਨ। ਇੱਥੋਂ ਤਕ ਕਿ ਧਾਰਮਿਕ ਤੇ ਮਿਸ਼ਨਰੀ ਕਾਲਜਾਂ ਵਿਚ ਤਾਂ ਸਾਰੀ ਪੜ੍ਹਾਈ ਤੇ ਰਹਿਣ-ਸਹਿਣ ਦੀ ਸਾਰੀ ਸਹੂਲਤ ਮੁਫਤ ਦਿੱਤੀ ਜਾਂਦੀ ਹੈ। ਸਮਾਜ ਵਿਚ ਸਕੂਲੀ ਵਿਦਿਆ, ਸਿਹਤ ਸਹੂਲਤਾਂ ਦੇਣਾ ਸਰਕਾਰਾਂ ਦਾ ਕੰਮ ਹੁੰਦਾ ਹੈ ਪਰ ਅਜਿਹੇ ਕਾਰਜਾਂ ਵਿਚ ਸ਼੍ਰੋਮਣੀ ਕਮੇਟੀ ਮੋਹਰੀ ਹੋ ਕੇ ਕਾਰਜ ਕਰ ਰਹੀ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਾਲ ੨੦੨੫-੨੦੨੬ ਲਈ ਸਾਲਾਨਾ ਬਜ਼ਟ ੧੩ ਸੌ ੮੬ ਕਰੋੜ ੪੭ ਲੱਖ ੮੦ ਹਜ਼ਾਰ ਪਾਸ ਕੀਤਾ ਗਿਆ ਹੈ। ਇਸ ਬਜ਼ਟ ਵਿਚ ਪਿਛਲੇ ਸਾਲ ਦੇ ਮੁਕਾਬਲੇ ੯.੯੫ ਫੀਸਦੀ ਵਾਧਾ ਕੀਤਾ ਗਿਆ ਹੈ।

ਸ਼੍ਰੋਮਣੀ ਕਮੇਟੀ ਦੇ ਬਜ਼ਟ ਵਿਚ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਨ ਕਾਰਜਾਂ ਤੋਂ ਇਲਾਵਾ ਇਸ ਸੰਸਥਾ ਨਾਲ ਸੰਬੰਧਤ ਹਰ ਖੇਤਰ ਨੂੰ ਵਿਸ਼ੇਸ਼ ਤਵੱਜੋਂ ਦਿੱਤੀ ਗਈ ਹੈ। ਰੁਟੀਨ ਦੇ ਖ਼ਰਚਿਆਂ ਤੋਂ ਇਲਾਵਾ ਬਜ਼ਟ ਅੰਦਰ ਗੁਰਪੁਰਬ-ਸ਼ਤਾਬਦੀਆਂ, ਅੰਮ੍ਰਿਤਧਾਰੀ ਬੱਚਿਆਂ, ਸਿਕਲੀਗਰ ਤੇ ਵਣਜਾਰੇ ਸਿੱਖਾਂ, ਗੁਰਸਿੱਖ ਬੱਚਿਆਂ ਨੂੰ ਆਈ.ਪੀ.ਐਸ., ਪੀ.ਸੀ.ਐਸ. ਤੇ ਸਿਵਲ ਸਰਵਿਸਜ਼ ਦੀ ਤਿਆਰੀ ਆਦਿ ਕਰਵਾਉਣ, ਗੁਰਸਿੱਖ ਖਿਡਾਰੀਆਂ, ਮੁਕਾਬਲਾ ਪ੍ਰੀਖਿਆਵਾਂ ਵਿਚ ਬੇਹਤਰ ਕਾਰਗੁਜ਼ਾਰੀ ਦਿਖਾਉਣ ਵਾਲੇ ਸਿੱਖ ਨੌਜੁਆਨਾਂ ਅਤੇ ਸਿੱਖ ਇਤਿਹਾਸ ਦੀ ਖੋਜ ਤੇ ਛਪਾਈ ਆਦਿ ਲਈ ਵਿਸ਼ੇਸ਼ ਰਾਸ਼ੀ ਰੱਖੀ ਗਈ ਹੈ। ਸ਼੍ਰੋਮਣੀ ਕਮੇਟੀ ਦੀਆਂ ਬਜ਼ਟ ਤਰਜੀਹਾਂ ਜਿੱਥੇ ਸਿੱਖੀ ਨੂੰ ਪ੍ਰਫੁੱਲਤ ਕਰਨ ਲਈ ਵਿਸ਼ੇਸ਼ ਅਹਿਮੀਅਤ ਵਾਲੀਆਂ ਹਨ, ਉੱਥੇ ਸਮਾਜ ਭਲਾਈ ਦੇ ਕਾਰਜਾਂ ਵਾਸਤੇ ਵੀ ਲੋੜੀਂਦੀਆਂ ਸੇਵਾਵਾਂ ਨਿਭਾਉਣ ਲਈ ਮਹੱਤਵਪੂਰਨ ਹਨ।

ਸ਼੍ਰੋਮਣੀ ਕਮੇਟੀ ਦੇ ਬਜ਼ਟ ਵਿਚ ਵੱਖ-ਵੱਖ ਲੋਕ ਭਲਾਈ ਦੇ ਕਾਰਜਾਂ, ਧਰਮ ਪ੍ਰਚਾਰ, ਪੰਥਕ ਮਸਲਿਆਂ ਦਾ ਸਰਲੀਕਰਨ, ਸਿਹਤ ਸਹੂਲਤਾਂ ਅਤੇ ਵਿਦਿਆ ਦੇ ਪ੍ਰਸਾਰ ਨੂੰ ਹੋਰ ਤਰਜ਼ੀਹ ਦਿੱਤੀ ਗਈ ਹੈ। ਸ਼੍ਰੋਮਣੀ ਕਮੇਟੀ ਤਾਂ ਭਾਵੇਂ ਪਹਿਲਾਂ ਹੀ ਇਸ ਖੇਤਰ ਵਿਚ ਆਪਣੇ ਵਿਤੋਂ ਵੱਧ ਯੋਗਦਾਨ ਪਾ ਰਹੀ ਪਰ ਸਮੇਂ ਦੀ ਲੋੜ ਨੂੰ ਮੁਖ ਰੱਖਦਿਆਂ ਵਿਦਿਆ ਤੇ ਸਿਹਤ ਸਹੂਲਤਾਂ ਵੱਲ ਖਾਸ ਧਿਆਨ ਦਿੱਤਾ ਗਿਆ ਹੈ। ਵਿਦਿਆ ਲਈ ਜਿੱਥੇ ਸਕੂਲ, ਕਾਲਜ ਤੇ ਯੂਨੀਵਰਸਿਟੀਆਂ ਚਲਾਈਆਂ ਜਾ ਰਹੀਆਂ ਹਨ, ਉੱਥੇ ਮੈਡੀਕਲ ਹਸਪਤਾਲ ਤੇ ਮੈਡੀਕਲ ਯੂਨੀਵਰਸਿਟੀਆਂ ਵੀ ਚੱਲ ਰਹੀਆਂ ਹਨ, ਜੋ ਘੱਟ ਖਰਚੇ 'ਤੇ ਇਲਾਜ ਕਰਦੀਆਂ ਹਨ। ਇਸ ਦੇ ਨਾਲ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਦੋ ਸੌ ਤੋਂ ਵਧੇਰੇ ਅੰਮ੍ਰਿਤਧਾਰੀ ਗੁਰਸਿੱਖ ਬੱਚੀਆਂ ਨੂੰ ਮੁਫ਼ਤ ਵਿਦਿਆ, ਰਿਹਾਇਸ਼ ਅਤੇ ਖਾਣੇ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਤਲਵੰਡੀ ਸਾਬੋ ਵਿਖੇ ਵੀ ਦੋ ਸੌ ਤੋਂ ਵਧੇਰੇ ਬੱਚੀਆਂ ਨੂੰ ਇਸੇ ਪ੍ਰੋਗਰਾਮ ਤਹਿਤ ਮੁਫ਼ਤ ਸਿੱਖਿਆ ਦਿੱਤੀ ਜਾ ਰਹੀ ਹੈ। ਧਰਮ ਪ੍ਰਚਾਰ ਲਹਿਰ ਨੂੰ ਹੋਰ ਵਿਸ਼ੇਸ਼ ਹੁਲਾਰਾ ਦੇਣ ਅਤੇ ਸਿੱਖ ਸੰਗਤ ਨੂੰ ਆਪਣੇ ਵਿਰਸੇ ਤੋਂ ਜਾਣੂੰ ਕਰਵਾਉਣ ਲਈ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ ਤੇ ਭਾਈ ਸਤੀ ਦਾਸ ਜੀ ਦਾ ੩੫੦ ਸਾਲਾ ਸ਼ਹੀਦੀ ਪੁਰਬ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦਾ ੩੫੦ ਸਾਲਾ ਗੁਰਿਆਈ ਪੁਰਬ ਸ਼ਤਾਬਦੀ ਰੂਪ ਵਿਚ ਵੱਡੀ ਪੱਧਰ 'ਤੇ ਮਨਾਉਣ ਲਈ ਵਿਸ਼ੇਸ਼ ਰਾਸ਼ੀ ਰੱਖੀ ਗਈ ਹੈ।

ਪੰਥਕ ਭਲਾਈ ਕਾਰਜਾਂ ਲਈ ੪ ਕਰੋੜ ੯੫ ਲੱਖ ਰੁਪਏ, ਇਸ ਤੋਂ ਇਲਾਵਾ ਸਿੱਖ ਬੱਚਿਆਂ ਨੂੰ ਮੁਫ਼ਤ ਵਿਦਿਆ ਲਈ ੮ ਕਰੋੜ ੪੦ ਲੱਖ ਰੁਪਏ, ਖੇਡਾਂ ਲਈ ੩ ਕਰੋੜ ੯ ਲੱਖ ਰੁਪਏ, ਕੁਦਰਤੀ ਆਫ਼ਤਾਂ ਲਈ ੧ ਕਰੋੜ ੫੦ ਲੱਖ, ਵੱਖ-ਵੱਖ ਗੁਰਦੁਆਰਾ ਸਾਹਿਬਾਨ ਅੰਦਰ ਚੱਲ ਰਹੀਆਂ ਮੁਫ਼ਤ ਡਿਸਪੈਂਸਰੀਆਂ ਲਈ ੪੪ ਲੱਖ, ਪ੍ਰਸ਼ਾਸਕੀ ਤੇ ਜੁਡੀਸ਼ੀਅਲ ਸੇਵਾਵਾਂ ਵਾਸਤੇ ਸਿੱਖ ਨੌਜੁਆਨਾਂ ਨੂੰ ਤਿਆਰੀ ਕਰਵਾਉਣ ਲਈ ੨ ਕਰੋੜ ੬੩ ਲੱਖ ਰੁਪਏ ਆਦਿ ਰਾਖਵੇਂ ਰੱਖੇ ਗਏ ਹਨ। ਪੰਜਾਬ ਅਤੇ ਪੰਜਾਬ ਤੋਂ ਬਾਹਰਲੇ ਗੁਰਦੁਆਰਾ ਸਾਹਿਬਾਨ, ਧਾਰਮਿਕ ਸਾਹਿਤ ਦੀ ਛਪਾਈ, ਅੰਮ੍ਰਿਤ ਸੰਸਾਰ, ਮੁਫ਼ਤ ਕਕਾਰ, ਧਰਮੀ ਫੌਜੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਹਾਇਤਾ, ਜੇਲ੍ਹਾਂ ਵਿਚ ਨਜ਼ਰਬੰਦ ਸਿੰਘਾਂ ਦੇ ਕੇਸਾਂ ਦੀ ਪੈਰਵਾਈ, ਦਿੱਲੀ ਸਿੱਖ ਕਤਲੇਆਮ ਤੋਂ ਪ੍ਰਭਾਵਿਤ ਪਰਿਵਾਰਾਂ ਦੀ ਸਹਾਇਤਾ ਅਤੇ ਬੱਚਿਆਂ ਦੀ ਪੜ੍ਹਾਈ ਆਦਿ ਲਈ ਵੀ ਵਿਸ਼ੇਸ਼ ਫੰਡ ਰੱਖਿਆ ਗਿਆ ਹੈ। ਵਿਦਿਆ ਦੇ ਨਾਲ-ਨਾਲ ਅੱਜ ਨੌਜੁਆਨ ਪੀੜ੍ਹੀ ਲਈ ਖੇਡਾਂ ਦੀ ਵੀ ਵਿਸ਼ੇਸ਼ ਮਹੱਤਤਾ ਹੈ। ਇਸ ਲਈ ਬਜ਼ਟ ਵਿਚ ਉਕਤ ਅਨੁਸਾਰ ਸਿੱਖ ਵਿਰਾਸਤੀ ਖੇਡਾਂ ਲਈ ਸਕੂਲੀ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਦੇ ਨਾਲ-ਨਾਲ ਅੰਮ੍ਰਿਤਧਾਰੀ ਗੁਰਸਿੱਖ ਬੱਚਿਆਂ ਨੂੰ ਵਜੀਫੇ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਾਰਾ ਲੇਖ-

ਜੋਖਾ ਪਾਰਦਰਸੀ ਹੁੰਦਾ ਹੈ, ਜੋ ਕਿ ਸ਼੍ਰੋਮਣੀ ਕਮੇਟੀ ਦੁਆਰਾ ਪ੍ਰਕਾਸ਼ਤ ਕੀਤੇ ਜਾਂਦੇ ਮਹੀਨਾਵਾਰ ਰਸਾਲੇ 'ਗੁਰਦੁਆਰਾ ਗਜ਼ਟ' ਵਿਚ 'ਚਿੱਠੇ ਆਮਦਨ ਖਰਚ' ਅਧੀਨ ਅਤੇ ਪ੍ਰਵਾਨਤ ਸਾਲਾਨਾ ਬਜ਼ਟ ਛਾਪਿਆ ਜਾਂਦਾ ਹੈ। ਸਾਲ ੨੦੨੫-੨੬ ਦੇ ਬਜ਼ਟ ਦੀਆਂ ਤਰਜ਼ੀਹਾਂ ਬਹੁਮੁਖੀ ਹਨ, ਸ਼੍ਰੋਮਣੀ ਕਮੇਟੀ ਆਪਣੇ ਸੀਮਤ ਸਾਧਨਾਂ ਵਿਚ ਵੀ ਗੁਰਦੁਆਰਾ ਪ੍ਰਬੰਧਾਂ ਦੇ ਨਾਲ-ਨਾਲ ਵਿਦਿਆ, ਸਿਹਤ ਸਹੂਲਤਾਂ ਅਤੇ ਸਮਾਜ ਭਲਾਈ ਦੇ ਕਾਰਜਾਂ ਨੂੰ ਵਿਸ਼ੇਸ਼ ਤਵੱਜੋਂ ਦੇ ਕੇ ਨਿਰੰਤਰ ਸੇਵਾਵਾਂ ਨਿਭਾ ਰਹੀ ਹੈ। ਇਸ ਵਾਰ ਦਾ ਬਜ਼ਟ ਘੱਟ ਆਮਦਨ ਆਉਣ ਦੇ ਬਾਵਜੂਦ ਵੀ ਹਰ ਪੱਖ ਤੋਂ ਬੇਹਤਰ ਹੈ। ਇਸੇ ਆਧਾਰਿਤ ਹੀ ਇਨ੍ਹਾਂ ਸੇਵਾਵਾਂ ਤੇ ਲੋਕ ਭਲਾਈ ਦੇ ਕਾਰਜਾਂ ਲਈ ਸ਼੍ਰੋਮਣੀ ਕਮੇਟੀ ਵਚਨਬਧ ਹੈ ਅਤੇ ਭਵਿੱਖ ਵਿੱਚ ਵੀ ਰਹੇਗੀ।

# ਗੁਰਦੁਆਰਾ ਪ੍ਰਬੰਧਕ ਸੁਚੇਤ ਹੋਣ

ਗੁਰਦੁਆਰਿਆਂ ਵਿਚ ਬਿਜਲੀ ਦੇ ਸਰਕਟ ਸ਼ਾਰਟ ਹੋਣ ਕਾਰਨ ਅੱਗਾਂ ਲੱਗਣ ਦੀਆਂ ਦੁੱਖਦਾਈ ਘਟਨਾਵਾਂ ਕਾਰਨ ਹੋਰ ਨੁਕਸਾਨ ਦੇ ਨਾਲ-ਨਾਲ ਕਈ ਵਾਰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਵੀ ਅਗਨ ਭੇਟ ਹੋ ਜਾਂਦੇ ਹਨ। ਗੁਰਦੁਆਰਿਆਂ ਵਿਚ ਸ਼ਰਧਾ-ਵੱਸ ਕਈ ਤਰ੍ਹਾਂ ਦੇ ਸਜਾਵਟੀ ਲੈਂਪ, ਬਿਜਲੀ ਦੀਆਂ ਲੜੀਆਂ ਆਦਿ ਲਗਾਈਆਂ ਜਾਂਦੀਆਂ ਹਨ, ਜਿਨ੍ਹਾਂ ਦੀਆਂ ਤਾਰਾਂ ਦੇ ਜੋੜ ਉਚਿਤ ਢੰਗ ਨਾਲ ਨਹੀਂ ਲਗਾਏ ਜਾਂਦੇ। ਸਰਕਟ ਸ਼ਾਰਟ ਹੋਣ ਕਾਰਨ ਜਦ ਕੋਈ ਦੁੱਖਦਾਈ ਘਟਨਾ ਵਾਪਰ ਜਾਂਦੀ ਹੈ ਤਾਂ ਬੇਵੱਸੀ ਜ਼ਾਹਿਰ ਕਰ ਕੇ ਛੁਟਕਾਰਾ ਪਾਉਣ ਦਾ ਯਤਨ ਕੀਤਾ ਜਾਂਦਾ ਹੈ ਜਾਂ ਫਿਰ ਕਈ ਵਾਰ ਅਣਗਹਿਲੀ ਨੂੰ ਛੁਪਾਉਣ ਲਈ ਕਿਸੇ ਨਾ ਕਿਸੇ 'ਤੇ ਸ਼ੱਕ ਦੀ ਸੂਈ ਟਿਕਾ ਦਿੱਤੀ ਜਾਂਦੀ ਹੈ, ਜੋ ਉਚਿਤ ਨਹੀਂ। ਗੁਰੂ-ਘਰਾਂ ਦੇ ਪ੍ਰਬੰਧਕਾਂ ਨੂੰ ਨਿਮਰਤਾ ਪੂਰਵਕ ਅਪੀਲ ਕੀਤੀ ਜਾਂਦੀ ਹੈ ਕਿ ਗੁਰਦੁਆਰਾ ਸਾਹਿਬ ਅੰਦਰ ਏ.ਸੀ., ਕੂਲਰ, ਪੱਖੇ, ਲਾਈਟਾਂ, ਧੂਫ, ਦੀਵਾ-ਬੱਤੀ ਆਦਿ ਤਦ ਤੱਕ ਹੀ ਜਾਰੀ ਰੱਖਣਾ ਚਾਹੀਦਾ ਹੈ ਜਦ ਤਕ ਕੋਈ ਨਿਗਰਾਨੀ ਵਾਲਾ ਹਾਜ਼ਰ ਹੋਵੇ। ਗੁਰਦੁਆਰਾ ਸਾਹਿਬ ਦੇ ਕਿਵਾੜ ਬੰਦ ਕਰਨ ਸਮੇਂ ਜਾਂ ਬਾਹਰ ਜਾਣ ਸਮੇਂ ਬਿਜਲਈ ਉਪਕਰਣ, ਧੂਫ, ਦੀਵਾਬੱਤੀ ਬੰਦ ਕਰਕੇ ਜਾਣਾ ਚਾਹੀਦਾ ਹੈ। ਗੁਰਦੁਆਰੇ ਅੰਦਰ ਬਿਜਲੀ ਦੀਆਂ ਤਾਰਾਂ ਸਮੇਤ ਸਮੁੱਚੀ ਫਿਟਿੰਗ ਆਦਿ ਉਚਿਤ ਢੰਗ ਨਾਲ ਕੀਤੀ ਜਾਵੇ। ਸੁਖ-ਆਸਣ ਵਾਲੇ ਪਲੰਘ ਨਾਲ ਬਿਜਲੀ ਦੇ ਬੱਲਬ, ਪੱਖੇ ਜਾਂ ਹੋਰ ਕਿਸੇ ਯੰਤਰ ਦੀ ਫਿਟਿੰਗ ਨਾ ਕੀਤੀ ਜਾਵੇ। ਜ਼ਿਆਦਾ ਗਰਮੀ, ਤੇਜ਼ ਹਵਾਵਾਂ ਅਤੇ ਹਨ੍ਹੇਰੀਆਂ ਆਦਿ ਚੱਲਣ ਸਮੇਂ ਅਕਸਰ ਤਾਰਾਂ ਸ਼ਾਰਟ ਹੋਣ ਦਾ ਡਰ ਬਣਿਆ ਰਹਿੰਦਾ ਹੈ। ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕ, ਗ੍ਰੰਥੀ ਸਿੰਘ ਅਤੇ ਸੇਵਾਦਾਰ ਉਪਰੋਕਤ ਦਿੱਤੇ ਸੁਝਾਵਾਂ ਨੂੰ ਅਮਲ 'ਚ ਲਿਆ ਕੇ ਗੁਰੂ ਸਾਹਿਬ ਦੇ ਅਦਬ-ਸਤਿਕਾਰ ਨੂੰ ਯਕੀਨੀ ਬਣਾਉਣ।

**ਸਕੱਤਰ,**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

# ਖ਼ਾਲਸੇ ਦੀ ਮਹਾਨਤਾ

*-ਪ੍ਰੋ. ਕਿਰਪਾਲ ਸਿੰਘ ਬਡੂੰਗਰ**

ਖਾਲਸਾ ਪੰਥ ਦੀ ਸਾਜਨਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸੰਮਤ ੧੭੫੬ ਬਿਕ੍ਰਮੀ (੧੬੯੯ ਈ.) ਵਿਚ ਵੈਸਾਖੀ ਵਾਲੇ ਦਿਨ ਕੀਤੀ। ਵੈਸਾਖੀ ਦਾ ਤਿਉਹਾਰ ਭਾਰਤ ਦਾ ਇਕ ਸਮਾਜਿਕ ਤਿਉਹਾਰ ਹੈ, ਜੋ ਪੁਰਾਤਨ ਸਮੇਂ ਤੋਂ ਸਾਰੇ ਭਾਰਤ ਵਿਚ ਮਨਾਇਆ ਜਾਂਦਾ ਹੈ। ਇਸ ਵੇਲੇ ਤਕ ਹਾੜੀ ਦੀ ਫਸਲ ਪੱਕ ਕੇ ਤਿਆਰ ਹੋ ਗਈ ਹੁੰਦੀ ਹੈ। ਇਸ ਦਿਨ ਸਾਰੇ ਲੋਕ ਬਿਨਾ ਕਿਸੇ ਭੇਦ-ਭਾਵ ਦੇ ਨਵੀਆਂ ਆਸਾਂ ਤੇ ਉਮੀਦਾਂ ਲੈ ਕੇ ਮੇਲਿਆਂ ਵਿਚ ਖੁਸ਼ੀ ਨਾਲ ਸ਼ਰੀਕ ਹੁੰਦੇ ਹਨ। ਮਨੁੱਖਤਾ ਨੂੰ ਖਾਲਸੇ ਦੀ ਵਡਮੁੱਲੀ ਦਾਤ ਦੇਣ ਲਈ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਸ ਦਿਨ ਨੂੰ ਚੁਣਿਆ, ਕਿਉਂਕਿ ਖਾਲਸੇ ਦਾ ਸੰਕਲਪ ਮਨੁੱਖਤਾ ਨੂੰ ਦੁੱਖਾਂ ਤੋਂ ਨਿਜਾਤ ਦਿਵਾਉਣ ਲਈ ਅਤੇ ਉਸ ਦੇ ਸਰਬਪੱਖੀ ਵਿਕਾਸ ਲਈ ਇਕ ਅਗੰਮੀ ਵਰਦਾਨ ਸੀ ਅਤੇ ਇਕ ਨਵੇਂ ਸੱਜਰੇ ਜੀਵਨ ਦੀ ਸ਼ੁਰੂਆਤ ਸੀ। ਵੈਸਾਖ ਮਹੀਨੇ ਨੂੰ ਗੁਰਬਾਣੀ ਵਿਚ ਭਲਾ ਕਿਹਾ ਗਿਆ ਹੈ:

*ਵੈਸਾਖੁ ਭਲਾ ਸਾਖਾ ਵੇਸ ਕਰੇ॥ (ਪੰਨਾ ੧੧੦੮)*

ਖਾਲਸੇ ਦੀ ਸਾਜਨਾ ਦੀ ਪ੍ਰਕਿਰਿਆ ਤਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਨਾਲ ਹੀ ਅਰੰਭ ਹੋ ਗਈ ਸੀ। ੨੩੦ ਸਾਲ ਦਸ ਗੁਰੂ ਸਾਹਿਬਾਨ ਦੀ ਸਰਪ੍ਰਸਤੀ ਵਿਚ ਇਸ ਦਾ ਵਿਕਾਸ ਹੁੰਦਾ ਰਿਹਾ ਹੈ। ਦਸ ਗੁਰੂ ਸਾਹਿਬਾਨ ਵਿਚ ਇੱਕੋ ਹੀ ਗੁਰੂ-ਜੋਤਿ ਵਰਤਦੀ ਸੀ। ਉਨ੍ਹਾਂ ਦੀ ਬਾਣੀ ਦਾ ਭਾਵ, ਉਦੇਸ਼ ਤੇ ਵਿਚਾਰਧਾਰਾ ਇਕ ਹੀ ਸੀ:

*-ਲਹਣੇ ਦੀ ਫੇਰਾਈਐ ਨਾਨਕਾ ਦੋਹੀ ਖਟੀਐ॥*
*ਜੋਤਿ ਓਹਾ ਜੁਗਤਿ ਸਾਇ ਸਹਿ ਕਾਇਆ ਫੇਰਿ ਪਲਟੀਐ॥ (ਪੰਨਾ ੯੬੬)*
*-ਇਕਾ ਬਾਣੀ ਇਕੁ ਗੁਰੁ ਇਕੋ ਸਬਦੁ ਵੀਚਾਰਿ॥*
*ਸਚਾ ਸਉਦਾ ਹਟੁ ਸਚੁ ਰਤਨੀ ਭਰੇ ਭੰਡਾਰ॥ (ਪੰਨਾ ੬੪੬)*

ਇਸ ਅਨਮੋਲ ਗੁਰਮਤਿ ਵਿਚਾਰਧਾਰਾ ਦੀ ਸਿਖਰ ਸੀ, ਖਾਲਸੇ ਦੀ ਸਾਜਨਾ। ਖਾਲਸਾ ਇਕ ਆਦਰਸ਼ ਪੁਰਖ ਸੀ, ਜਿਸ ਨੂੰ ਗੁਰਬਾਣੀ ਵਿਚ ਸਚਿਆਰ, ਗੁਰਮੁਖ, ਬ੍ਰਹਮ ਗਿਆਨੀ ਕਿਹਾ ਗਿਆ ਹੈ। ਖਾਲਸਾ ਇਕ ਸਰਬਪੱਖੀ, ਸਰਬ ਪ੍ਰਕਾਰ ਦੇ ਸਦਗੁਣਾਂ ਨਾਲ ਭਰਪੂਰ, ਆਤਮ-ਵਿਸ਼ਵਾਸ, ਸਵੈ-ਨਿਰਭਰ ਤੇ ਸੰਪੂਰਨ ਮਨੁੱਖ ਹੈ। ਖਾਲਸਾ ਸੰਤ ਵੀ ਹੈ, ਸਿਪਾਹੀ ਵੀ। ਖਾਲਸਾ ਗ੍ਰਿਹਸਤੀ ਵੀ ਹੈ ਤੇ ਯੋਗੀ ਵੀ। ਖਾਲਸਾ ਭਗਤ ਵੀ ਹੈ, ਸੂਰਬੀਰ ਵੀ ਹੈ ਤੇ ਦਾਤਾਰ ਵੀ ਹੈ। ਖਾਲਸਾ ਦ੍ਰਿੜ੍ਹ ਵੀ ਹੈ ਤੇ ਨਿਮਰ ਵੀ ਹੈ। ਖਾਲਸਾ ਨਿਰਭੈ ਵੀ ਹੈ ਤੇ ਨਿਰਵੈਰ ਵੀ ਹੈ। ਖਾਲਸਾ ਹਰ ਪ੍ਰਕਾਰ ਦੇ ਗਿਆਨ ਦਾ, ਸ਼ਕਤੀਆਂ ਦਾ ਭੰਡਾਰ ਹੈ, ਇਸ ਲਈ ਨਿਰੰਜਨ ਰੂਪ ਹੈ। ਇਹ ਇਕ ਅਜਿਹੀ ਸ਼ਖ਼ਸੀਅਤ ਹੈ, ਜਿਸ ਬਾਰੇ ਸ੍ਰੀ ਗੁਰੂ ਅੰਗਦ ਦੇਵ ਜੀ ਨੇ ਫੁਰਮਾਇਆ ਹੈ:

*ਸਰਬ ਸਬਦੰ ਤ ਏਕ ਸਬਦੰ ਜੇ ਕੋ ਜਾਨਸਿ ਭੇਉ॥*
*ਨਾਨਕ ਤਾ ਕੋ ਦਾਸੁ ਹੈ ਸੋਈ ਨਿਰੰਜਨ ਦੇਉ॥ (ਪੰਨਾ ੪੬੯)*

---

**ਸਾਬਕਾ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।*

ਖਾਲਸਾ ਸਿੱਧਾ ਪਰਮਾਤਮਾ ਨਾਲ ਸੰਬੰਧਿਤ ਹੈ। ਹਰਿ ਤੋਂ ਬਿਨਾ ਉਹ ਕਿਸੇ ਦੇ ਅਧੀਨ ਨਹੀਂ, ਕਿਸੇ ਦਾ ਮੁਹਤਾਜ ਨਹੀਂ। ਉਹ ਸ਼ਬਦ ਦੀ ਨਿਰੰਜਨੀ ਜੋਤਿ ਦਾ ਪੁਜਾਰੀ ਹੈ। ਖਾਲਸਾ ਅਕਾਲ ਪੁਰਖ ਦੇ ਹੁਕਮ ਵਿਚ ਹੈ, ਇਸ ਲਈ ਇਸ ਨੂੰ ਧੁਰੋਂ ਸਰਦਾਰੀ ਪ੍ਰਾਪਤ ਹੈ। ਇਸ ਬਾਰੇ ਗੁਰਬਾਣੀ ਵਿਚ ਫੁਰਮਾਇਆ ਹੈ:

*ਸਚੇ ਕੀ ਸਿਰਕਾਰ ਜੁਗੁ ਜੁਗੁ ਜਾਣੀਐ॥*
*ਹੁਕਮੁ ਮੰਨੇ ਸਿਰਦਾਰੁ ਦਰਿ ਦੀਬਾਣੀਐ॥ (ਪੰਨਾ ੧੪੨)*

ਖਾਲਸਾ ਕਿਸੇ ਪ੍ਰਕਾਰ ਦੇ ਕਰਮ-ਕਾਂਡ, ਵਹਿਮ-ਭਰਮ ਨੂੰ ਨਹੀਂ ਮੰਨਦਾ। ਜਿਸ ਦੇ ਹਿਰਦੇ ਅੰਦਰ ਪਰਮਾਤਮਾ ਦਾ ਪ੍ਰਤੱਖ ਗਿਆਨ ਜਗਮਗਾਉਂਦਾ ਹੈ ਅਤੇ ਜਿਸ ਦੇ ਮਨ ਵਿੱਚੋਂ ਅਗਿਆਨਤਾ ਦਾ ਭਰਮ ਮਿੱਟ ਜਾਂਦਾ ਹੈ, ਉਹ ਹੀ ਅਸਲ ਵਿਚ ਖਾਲਸਾ ਹੈ। ਗੁਰੂ ਜੀ ਨੇ ਖਾਲਸੇ ਦਾ ਸਿਰਫ ਆਦਰਸ਼ ਹੀ ਨਹੀਂ ਪੇਸ਼ ਕੀਤਾ, ਸਗੋਂ ਅਮਲੀ ਰੂਪ ਵਿਚ ਖਾਲਸਾ ਬਣ ਕੇ ਮਿਸਾਲ ਪੇਸ਼ ਕੀਤੀ ਹੈ:

*ਜਾਗਤਿ ਜੋਤਿ ਜਪੈ ਨਿਸਿ ਬਾਸੁਰ ਏਕੁ ਬਿਨਾ ਮਨਿ ਨੈਕ ਨ ਆਨੈ॥*
*ਪੂਰਨ ਪ੍ਰੇਮ ਪ੍ਰਤੀਤਿ ਸਜੈ ਬ੍ਰਤ ਗੋਰ ਮੜ੍ਹੀ ਮਟ ਭੂਲ ਨ ਮਾਨੈ॥*
*ਤੀਰਥ ਦਾਨ ਦਯਾ ਤਪ ਸੰਜਮ ਏਕੁ ਬਿਨਾਂ ਨਹਿ ਏਕ ਪਛਾਨੈ॥*
*ਪੂਰਨ ਜੋਤਿ ਜਗੈ ਘਟ ਮੈਂ ਤਬ ਖਾਲਸ ਤਾਹਿ ਨਖਾਲਿਸ ਜਾਨੈ॥ (ਤੇਤੀ ਸਵੱਯੇ)*
*-ਖਾਲਸਾ ਖਾਸ ਕਹਾਵੈ ਸੋਈ, ਜਾਕੇ ਹਿਰਦੈ ਭਰਮ ਨਾ ਹੋਈ।*
*ਭਰਮ ਭੇਖ ਤੇ ਰਹੈ ਨਿਆਰਾ, ਸੋ ਖਾਲਸ ਸਤਿਗੁਰੂ ਹਮਾਰਾ। (ਸ੍ਰੀ ਗੁਰ ਸੋਭਾ)*

੩੦ ਮਾਰਚ, ੧੬੯੯, ਸੰਮਤ ੧੭੫੬ ਦੀ ਵੈਸਾਖੀ ਦੇ ਦਿਹਾੜੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਖਾਲਸੇ ਦੀ ਸਾਜਨਾ ਕੀਤੀ। ਇਸੇ ਪਵਿੱਤਰ ਸਥਾਨ 'ਤੇ ਅੱਜ ਤਖਤ ਸ੍ਰੀ ਕੇਸਗੜ੍ਹ ਸਾਹਿਬ ਸੁਸ਼ੋਭਿਤ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਜਿਸ ਤਰ੍ਹਾਂ ਸਿੱਖੀ ਧਾਰਨ ਲਈ ਸਿਰ ਦੇਣ ਦੀ ਸ਼ਰਤ ਰੱਖੀ ਸੀ, ਉਸੇ ਸਿਰੁ ਧਰਿ ਤਲੀ ਗਲੀ ਮੇਰੀ ਆਉ ਦੇ ਸਿਧਾਂਤ ਨੂੰ ਅਮਲੀ ਜਾਮਾ ਪਹਿਨਾਉਂਦਿਆਂ ਗੁਰੂ ਜੀ ਨੇ ਭਰੇ ਦੀਵਾਨ ਵਿਚ ਸਿੱਖਾਂ ਨੂੰ ਸੀਸ ਭੇਟ ਕਰਨ ਦੀ ਮੰਗ ਕੀਤੀ। ਗੁਰੂ ਜੀ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਦੀਵਾਨ ਵਿੱਚੋਂ ਪੰਜ ਸਿੰਘ ਆਪਣਾ ਸੀਸ ਗੁਰੂ ਚਰਨਾਂ ਵਿਚ ਭੇਟ ਕਰਨ ਲਈ ਉੱਠੇ। ਇਹ ਸਿੱਖ ਸਨ- ਭਾਈ ਦਇਆ ਰਾਮ, ਭਾਈ ਧਰਮ ਦਾਸ, ਭਾਈ ਹਿੰਮਤ ਚੰਦ, ਭਾਈ ਸਾਹਿਬ ਚੰਦ ਤੇ ਭਾਈ ਮੁਹਕਮ ਚੰਦ। ਗੁਰੂ ਜੀ ਨੇ ਇਨ੍ਹਾਂ ਪੰਜਾਂ ਨੂੰ ਨਵੇਂ ਬਸਤਰ ਤੇ ਸ਼ਸਤਰ ਪਹਿਨਾਏ। ਖੰਡੇ-ਬਾਟੇ ਦਾ ਅੰਮ੍ਰਿਤ ਹੱਥੀਂ ਤਿਆਰ ਕਰ ਕੇ ਉਨ੍ਹਾਂ ਨੂੰ ਛਕਾਇਆ ਅਤੇ ਆਪਣੇ ਪਿਆਰਿਆਂ ਦੀ ਪਦਵੀ ਦਿੱਤੀ। ਇਨ੍ਹਾਂ ਸਭਨਾਂ ਦੇ ਨਾਵਾਂ ਨਾਲ 'ਸਿੰਘ' ਪਦ ਲਾਇਆ ਗਿਆ। ਇਨ੍ਹਾਂ ਦੇ ਨਵੇਂ ਨਾਂ ਰੱਖੇ ਗਏ, ਭਾਈ ਦਇਆ ਸਿੰਘ, ਭਾਈ ਧਰਮ ਸਿੰਘ, ਭਾਈ ਹਿੰਮਤ ਸਿੰਘ, ਭਾਈ ਸਾਹਿਬ ਸਿੰਘ ਤੇ ਭਾਈ ਮੁਹਕਮ ਸਿੰਘ। ਇਨ੍ਹਾਂ ਦਾ ਪੁਰਾਣਾ ਕੁਲ ਨਾਸ ਤੇ ਵਰਨ ਨਾਸ ਕਰ ਕੇ ਖਾਲਸੇ ਦਾ ਰੂਪ ਬਖਸ਼ਿਆ। ਫਿਰ ਇਨ੍ਹਾਂ ਤੋਂ ਆਪ ਅੰਮ੍ਰਿਤ ਛਕ ਕੇ ਗੁਰੂ ਚੇਲੇ ਦਾ ਫਰਕ ਮਿਟਾ ਦਿੱਤਾ। ਭਾਈ ਗੁਰਦਾਸ ਜੀ (ਦੂਜਾ) ਨੇ ਲਿਖਿਆ:

*ਸੰਗਤਿ ਕੀਨੀ ਖਾਲਸਾ ਮਨਮੁਖੀ ਦੁਹੇਲਾ।*
*ਵਾਹ ਵਾਹ ਗੋਬਿੰਦ ਸਿੰਘ ਆਪੇ ਗੁਰ ਚੇਲਾ॥*

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਦੀਆਂ ਤੋਂ ਚੱਲੀ ਆ ਰਹੀ ਗੁਰੂ ਚੇਲੇ ਦੀ ਪ੍ਰਥਾ ਦਾ ਅੰਤ ਕਰ ਦਿੱਤਾ। ਉਨ੍ਹਾਂ ਨੇ ਆਪਣੇ ਹੱਥੀਂ ਖਾਲਸਾ ਸਜਾਏ ਪੰਜਾਂ ਸਿੰਘਾਂ ਦੇ ਹੱਥੋਂ ਆਪ ਅੰਮ੍ਰਿਤ-ਪਾਨ ਕੀਤਾ।

ਇਸ ਤਰ੍ਹਾਂ ਗੁਰੂ ਜੀ ਨੇ ਆਪਣੇ ਪੰਜ ਰਹਿਤਵਾਨ ਸਿੰਘਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਤਾਬਿਆ ਰਹਿ ਕੇ ਅੰਮ੍ਰਿਤ-ਸੰਚਾਰ ਕਰਨ ਦਾ ਅਧਿਕਾਰ ਦੇ ਦਿੱਤਾ ਸੀ। ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ

ਜਪੁ ਜੀ ਸਾਹਿਬ ਵਿਚ ਪੰਚਾਂ ਭਾਵ ਗੁਰਮੁਖਾਂ ਨੂੰ ਸ੍ਰੇਸ਼ਟ ਤੇ ਆਦਰਯੋਗ ਆਖਿਆ ਗਿਆ ਹੈ। ਗੁਰਬਾਣੀ ਵਿਚ ਸਿੱਖ ਤੇ ਗੁਰੂ ਨੂੰ ਇੱਕ ਹੀ ਸਮਝਿਆ ਗਿਆ ਹੈ, ਕਿਉਂਕਿ ਦੋਵਾਂ ਦਾ ਆਧਾਰ ਇੱਕੋ ਗੁਰਮਤਿ ਸਿਧਾਂਤ ਹੁੰਦਾ ਹੈ:

*-ਪੰਚ ਪਰਵਾਣ ਪੰਚ ਪਰਧਾਨੁ॥ ਪੰਚੇ ਪਾਵਹਿ ਦਰਗਹਿ ਮਾਨੁ॥*
*ਪੰਚੇ ਸੋਹਹਿ ਦਰਿ ਰਾਜਾਨੁ॥ ਪੰਚਾ ਕਾ ਗੁਰੁ ਏਕੁ ਧਿਆਨੁ॥ (ਪੰਨਾ ੩)*
*-ਗੁਰੁ ਸਿਖੁ ਸਿਖੁ ਗੁਰੁ ਹੈ ਏਕੋ ਗੁਰ ਉਪਦੇਸੁ ਚਲਾਏ॥ (ਪੰਨਾ ੪੪੪)*

ਇਹ ਪੰਚ ਜਾਂ ਬ੍ਰਹਮਗਿਆਨੀ ਸਿੱਖ ਖਾਲਸੇ ਦੀ ਰਹਿਣੀ-ਬਹਿਣੀ ਵਿਚ ਪੂਰਨ ਹੋਣੇ ਚਾਹੀਦੇ ਹਨ। ਇਨ੍ਹਾਂ ਦੀ ਰਹਿਤ ਮਰਯਾਦਾ ਨਿਸ਼ਚਿਤ ਹੈ, ਜੋ ਕਿਸੇ ਵੀ ਸੂਰਤ ਵਿਚ ਭੰਗ ਨਹੀਂ ਹੋਣੀ ਚਾਹੀਦੀ। ਖਾਲਸਾ ਸਾਬਤ ਸੂਰਤਿ ਦਸਤਾਰ ਸਿਰਾ ਦੇ ਆਦਰਸ਼ ਅਨੁਸਾਰ ਹੋਣਾ ਚਾਹੀਦਾ ਹੈ। ਇਸ ਲਈ ਪੰਜ ਕਕਾਰ- ਕੇਸ, ਕਿਰਪਾਨ, ਕੰਘਾ, ਕਛਿਹਰਾ ਤੇ ਕੜਾ ਦਾ ਧਾਰਨ ਕਰਨਾ ਜ਼ਰੂਰੀ ਹੈ ਅਤੇ ਚਾਰ ਕੁਰਹਿਤਾਂ ਇਸ ਲਈ ਮਨ੍ਹਾਂ ਹਨ- ਤਮਾਕੂ, ਕੁੱਠਾ, ਪਰ-ਇਸਤਰੀ ਗਮਨ ਤੇ ਰੋਮਾਂ ਦੀ ਬੇਅਦਬੀ। ਇਸ ਤੋਂ ਇਲਾਵਾ ਖਾਲਸਾ ਲਈ ਬਾਣੀ ਤੇ ਬਾਣਾ ਦੋਵੇਂ ਇੱਕੋ ਜਿਹੇ ਜ਼ਰੂਰੀ ਹਨ। ਇਸ ਨੇ ਗੁਰਬਾਣੀ ਨੂੰ ਗੁਰੂ ਮੰਨਣਾ ਹੈ ਤੇ ਗੁਰੂ ਦੇ ਸ਼ਬਦ ਨੂੰ ਹਿਰਦੇ ਵਿਚ ਵਸਾ ਕੇ ਨਾਮ ਦੇ ਅੰਮ੍ਰਿਤ ਵਿਚ ਆਪਣੇ ਮਨ ਨੂੰ ਰੰਗਣਾ ਹੈ। ਖਾਲਸੇ ਨੂੰ ਸ਼ਸਤਰ ਬਸਤਰ ਸਜਾ ਕੇ ਰੱਖਣੇ ਚਾਹੀਦੇ ਹਨ। ਖਾਲਸੇ ਦਾ ਉਦੇਸ਼ ਸਿਰਫ ਆਪਣੇ ਲਈ ਜੀਣਾ ਨਹੀਂ, ਇਹ ਇਕ ਮਹਾਨ ਪਰਉਪਕਾਰੀ ਯੋਧਾ ਵੀ ਹੈ, ਇਸ ਨੇ ਧਰਤੀ 'ਤੇ ਮਜ਼ਲੂਮਾਂ ਦੀ ਸਹਾਇਤਾ ਕਰਨੀ ਹੈ ਤੇ ਜ਼ਾਲਮਾਂ ਦਾ ਵਿਰੋਧ ਕਰਨਾ ਹੈ। ਇਸ ਨੂੰ ਆਪਣਾ ਤਨ-ਮਨ-ਧਨ ਗੁਰੂ ਨੂੰ ਸੌਂਪ ਦੇਣਾ ਚਾਹੀਦਾ ਹੈ। ਖਾਲਸੇ ਲਈ ਇਹ ਸ਼ਰਤ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਰੱਖ ਦਿੱਤੀ ਸੀ:

*-ਜਉ ਤਉ ਪ੍ਰੇਮ ਖੇਲਣ ਕਾ ਚਾਉ॥ ਸਿਰੁ ਧਰਿ ਤਲੀ ਗਲੀ ਮੇਰੀ ਆਉ॥*
*ਇਤੁ ਮਾਰਗਿ ਪੈਰੁ ਧਰੀਜੈ॥ ਸਿਰੁ ਦੀਜੈ ਕਾਣਿ ਨ ਕੀਜੈ॥ (ਪੰਨਾ ੧੪੧੨)*
*-ਧੰਨਿ ਜੀਓ ਤਿਹ ਕੋ ਜਗ ਮੈ ਮੁਖ ਤੇ ਹਰਿ ਚਿੱਤ ਮੈ ਜੁੱਧੁ ਬਿਚਾਰੈ॥*
*ਦੇਹ ਅਨਿੱਤ ਨ ਨਿੱਤ ਰਹੈ ਜਸੁ ਨਾਵ ਚੜ੍ਹੈ ਭਵ ਸਾਗਰ ਤਾਰੈ॥*
*ਧੀਰਜ ਧਾਮ ਬਨਾਇ ਇਹੈ ਤਨ ਬੁੱਧਿ ਸੁ ਦੀਪਕ ਜਿਉਂ ਉਜੀਆਰੈ॥*
*ਗਿਆਨਹਿ ਕੀ ਬਢਨੀ ਮਨਹੁ ਹਾਥ ਲੈ ਕਾਤਰਤਾ ਕੁਤਵਾਰ ਬੁਹਾਰੈ॥*

*(ਪਾਤਸ਼ਾਹੀ ੧੦)*

ਇਹ ਹੈ ਖਾਲਸੇ ਦਾ ਅੰਦਰਲਾ ਰੂਪ ਕਿ ਗਿਆਨ ਦਾ ਝਾੜੂ ਲੈ ਕੇ ਮਨ ਦੀ ਕਾਇਰਤਾ ਨੂੰ ਹੂੰਝ ਕੇ ਬਾਹਰ ਕੱਢ ਦੇਵੇ। ਖਾਲਸੇ ਨੇ ਅਜਿਹਾ ਹੀ ਕੀਤਾ। ਚੱਪੜਚਿੜੀ ਦੇ ਮੈਦਾਨ ਵਿਚ ਬਾਬਾ ਬੰਦਾ ਸਿੰਘ ਬਹਾਦਰ ਅਤੇ ਸਾਥੀ ਸਿੱਖ ਯੋਧਿਆਂ ਨੇ ਹਾਥੀ ਘੋੜਿਆਂ ਦੀ ਸੈਨਾ ਨੂੰ ਮਿੱਟੀ ਵਿਚ ਰੋਲ ਦਿੱਤਾ ਅਤੇ ੧੨ ਮਈ, ੧੭੧੦ ਈ. ਨੂੰ ਸਰਹੰਦ ਦੀ ਧਰਤੀ 'ਤੇ ਸਿੱਖ ਰਾਜ ਦਾ ਕੇਸਰੀ ਪਰਚਮ ਲਹਿਰਾ ਦਿੱਤਾ। ਸਰਦਾਰ ਜੱਸਾ ਸਿੰਘ ਆਹਲੂਵਾਲੀਆ, ਮਹਾਰਾਜਾ ਰਣਜੀਤ ਸਿੰਘ ਅਤੇ ਅਕਾਲੀ ਫੂਲਾ ਸਿੰਘ ਵਰਗੇ ਯੋਧੇ ਖਾਲਸਾ ਪੰਥ ਵਿਚ ਪੈਦਾ ਹੋਏ, ਜਿਨ੍ਹਾਂ ਨੇ ਬਦੇਸ਼ੀ ਜਰਵਾਣਿਆਂ ਨੂੰ ਬਾਹਰ ਧਕੇਲ ਦਿੱਤਾ। ਸਰਦਾਰ ਹਰੀ ਸਿੰਘ ਨਲੂਆ ਵਰਗੇ ਜਰਨੈਲ ਹੋਏ, ਜਿਨ੍ਹਾਂ ਤੋਂ ਖੂੰਖਾਰ ਪਠਾਣ ਵੀ ਭੈ ਖਾਂਦੇ ਸਨ। ਉਸ ਇਲਾਕੇ ਦੀਆਂ ਇਸਤਰੀਆਂ ਅਜੇ ਵੀ ਆਪਣੇ ਬੱਚਿਆਂ ਨੂੰ ਰੋਣ ਤੋਂ ਚੁੱਪ ਕਰਾਉਣ ਲਈ 'ਹਰੀਆ ਰਾਗਲੇ' ਕਹਿ ਕੇ ਡਰਾਉਂਦੀਆਂ ਹਨ। ਉਨ੍ਹਾਂ ਅੰਦਰ ਇਹ ਗੁਰਮਤਿ ਦੀ ਹੀ ਤਾਕਤ ਸੀ। ਖਾਲਸੇ ਨੇ ਅਨੇਕਾਂ ਬੇਮਿਸਾਲ ਜੰਗਾਂ ਲੜੀਆਂ, ਪਰ ਉਨ੍ਹਾਂ ਨੂੰ ਸਿੱਖ ਇਤਿਹਾਸ ਦਾ ਅੰਗ ਹੋਣ ਕਰਕੇ ਦੂਜੀਆਂ ਕੌਮਾਂ ਨੇ ਪੂਰੀ ਤਰ੍ਹਾਂ ਨਹੀਂ ਜਾਣਿਆ। ਇਸ ਦੇ ਮੁਕਾਬਲੇ 'ਤੇ ਅੰਗਰੇਜ਼ ਰਾਜ ਸਮੇਂ ਸਾਰਾਗੜ੍ਹੀ ਦੇ ਸਾਕੇ ਨੂੰ ਅੰਗਰੇਜ਼ ਅਫ਼ਸਰਾਂ ਨੇ ਅੱਖੀਂ ਵੇਖਿਆ ਅਤੇ ਵਾਇਰਲੈੱਸ 'ਤੇ ਕੰਨੀਂ ਸੁਣਿਆ ਸੀ। ਬਰਤਾਨੀਆਂ ਦੀ ਸਰਕਾਰ ਨੇ ਖਾਲਸੇ ਦੀ ਇਸ ਬੀਰਤਾ, ਕੁਰਬਾਨੀ ਤੇ ਨਿਰਭੈਤਾ ਦੀ ਆਪਣੀ ਪਾਰਲੀਮੈਂਟ ਵਿਚ ਸ਼ਲਾਘਾ ਕੀਤੀ।

ਖਾਲਸੇ ਦੀ ਉਪਮਾ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪ ਬਹੁਤ ਕੁਝ ਕਿਹਾ ਹੈ। ਖਾਲਸੇ ਨੂੰ ਆਪਣਾ ਰੂਪ, ਆਪਣਾ ਇਸ਼ਟ, ਆਪਣਾ ਪਿੰਡ-ਪਰਾਨ ਤੇ ਸਤਿਗੁਰੂ ਪੂਰਾ ਆਖ ਕੇ ਖਾਲਸੇ ਦੀ ਉਪਮਾ ਵਰਣਨ ਤੋਂ ਬਾਹਰ ਦੱਸੀ ਹੈ ਤੇ ਅਖੀਰ ਵਿਚ ਇਹ ਵੀ ਕਿਹਾ ਹੈ ਕਿ ਇਹਦੇ ਵਿਚ ਕੋਈ ਅਤਿਕਥਨੀ ਨਹੀਂ ਹੈ। ਇਹ ਮੈਂ ਪਾਰਬ੍ਰਹਮ ਤੇ ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਸਾਖੀ ਰੱਖ ਕੇ ਕਹਿ ਰਹਿ ਹਾਂ:

*ਖਾਲਸਾ ਮੇਰੋ ਰੂਪ ਹੈ ਖਾਸ। ਖ਼ਾਲਸੇ ਮਹਿ ਹੌ ਕਰੌ ਨਿਵਾਸ।*
*ਖ਼ਾਲਸਾ ਮੇਰੋ ਇਸ਼ਟ ਸੁਹਿਰਦ। ਖ਼ਾਲਸਾ ਮੇਰੋ ਕਹੀਅਤਿ ਬਿਰਦ।*
*ਖ਼ਾਲਸਾ ਮੇਰੋ ਪਿੰਡ ਪਰਾਨ। ਖ਼ਾਲਸਾ ਮੇਰੀ ਜਾਨ ਕੀ ਜਾਨ।*
*ਖ਼ਾਲਸਾ ਮੇਰੋ ਸਤਿਗੁਰ ਪੂਰਾ। ਖ਼ਾਲਸਾ ਮੇਰੋ ਸਜਨ ਸੂਰਾ।*
*ਸੇਸ ਰਸਨ ਸਾਰਦ ਸੀ ਬੁਧ। ਤਦਪ ਨ ਉਪਮਾ ਬਰਨਤ ਸੁਧ।*
*ਯਾ ਮੈ ਰੰਚ ਨ ਮਿਥਿਆ ਭਾਖੀ। ਪਾਰਬ੍ਰਹਮ ਗੁਰ ਨਾਨਕ ਸਾਖੀ॥*

*(ਸਰਬਲੋਹ ਗ੍ਰੰਥ)*

ਖਾਲਸਾ ਗੁਰੂ ਦਾ ਪੈਰੋਕਾਰ ਹੀ ਨਹੀਂ, ਸਗੋਂ ਗੁਰੂ-ਘਰ ਦਾ ਅਸਲੀ ਵਾਰਿਸ ਵੀ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਕਿਸੇ ਨਾਲ ਜੰਗ-ਯੁੱਧ ਕਰਨ ਲਈ ਜਾਂ ਕਿਸੇ ਵਿਸ਼ੇਸ਼ ਧਰਮ ਦੀ ਰਾਖੀ ਲਈ ਖਾਲਸਾ ਫੌਜ ਤਿਆਰ ਨਹੀਂ ਸੀ ਕੀਤੀ। ਇਹ ਮਨੁੱਖੀ ਵਿਕਾਸ ਦਾ ਸਿਖਰ ਸੀ। ਗੁਰੂ ਸਾਹਿਬ ਦੇ ਮਨ ਵਿਚ ਖਾਲਸਾ ਦਾ ਦਰਜਾ ਬਹੁਤ ਉੱਚਾ ਸੀ। ਇਸ ਦੇ ਉਦੇਸ਼ ਬਾਰੇ ਗੁਰੂ ਸਾਹਿਬ ਨੇ ਫੁਰਮਾਇਆ ਹੈ:

*ਯਾਹੀ ਕਾਜ ਧਰਾ ਹਮ ਜਨਮੰ॥ ਸਮਝ ਲੇਹੁ ਸਾਧੂ ਸਭ ਮਨ ਮੰ॥*
*ਧਰਮ ਚਲਾਵਨ ਸੰਤ ਉਬਾਰਨ॥ ਦੁਸਟ ਸਭਨ ਕੋ ਮੂਲ ਉਪਾਰਨ॥*

*(ਬਚਿਤ੍ਰ ਨਾਟਕ)*

ਆਮ ਤੌਰ 'ਤੇ ਸਿੱਖ ਗੁਰੂ ਦੀ ਕਿਰਪਾ ਦਾ ਪਾਤਰ ਹੁੰਦਾ ਹੈ ਪਰ ਗੁਰੂ ਸਾਹਿਬ ਨੇ ਆਪਣੇ ਆਪ ਉੱਤੇ ਖਾਲਸੇ ਦੀ ਕਿਰਪਾ ਦਾ ਸ਼ੁਕਰਾਨਾ ਕੀਤਾ ਹੈ। ਜਿਵੇਂ ਸਿੱਖ ਗੁਰੂ ਨੂੰ ਆਪਣਾ ਤਨ-ਮਨ-ਧਨ ਸੌਂਪ ਦਿੰਦਾ ਹੈ, ਇਸ ਤਰ੍ਹਾਂ ਗੁਰੂ ਜੀ ਨੇ ਆਪਣਾ ਸਭ ਕੁਝ ਖਾਲਸੇ ਨੂੰ ਅਰਪਨ ਕੀਤਾ ਹੈ। ਇਸ ਤੋਂ ਵੱਧ ਖਾਲਸੇ ਦੀ ਹੋਰ ਕੀ ਵਡਿਆਈ ਹੋ ਸਕਦੀ ਹੈ:

*-ਜੁੱਧ ਜਿਤੇ ਇਨਹੀ ਕੇ ਪ੍ਰਸਾਦਿ ਇਨਹੀ ਕੇ ਪ੍ਰਸਾਦਿ ਸੁ ਦਾਨ ਕਰੇ॥*
*ਅਘ ਅਉਘ ਟਰੇ ਇਨ ਹੀ ਕੇ ਪ੍ਰਸਾਦਿ ਇਨਹੀ ਕੀ ਕ੍ਰਿਪਾ ਫੁਨ ਧਾਮ ਭਰੇ॥*
*ਇਨਹੀ ਕੇ ਪ੍ਰਸਾਦਿ ਸੁਬਿਦਿਆ ਲਈ ਇਨਹੀ ਕੀ ਕ੍ਰਿਪਾ ਸਭ ਸਤ੍ਰ ਮਰੇ॥*
*ਇਨਹੀ ਕੀ ਕ੍ਰਿਪਾ ਕੇ ਸਜੇ ਹਮ ਹੈ ਨਹੀ ਮੋ ਸੇ ਗਰੀਬ ਕਰੋਰ ਪਰੇ॥ (ਦਸਮ ਗ੍ਰੰਥ)*
*-ਸੇਵ ਕਰੀ ਇਨਹੀ ਕੀ ਭਾਵਤ ਅਉਰ ਕੀ ਸੇਵ ਸੁਹਾਤ ਨ ਜੀ ਕੋ॥*
*ਦਾਨ ਦਯੋ ਇਨਹੀ ਕੋ ਭਲੋ ਅਰੁ ਆਨ ਕੋ ਦਾਨ ਨ ਲਾਗਤ ਨੀਕੋ॥*
*ਆਗੈ ਫਲੈ ਇਨਹੀ ਕੋ ਦਯੋ ਜਗ ਮੈ ਜਸੁ ਅਉਰ ਦਯੋ ਸਭ ਫੀਕੋ॥*
*ਮੋ ਗ੍ਰਹ ਮੈ ਤਨ ਤੇ ਮਨ ਤੇ ਸਿਰ ਲਉ ਧਨ ਹੈ ਸਭ ਹੀ ਇਨਹੀ ਕੋ॥*

*(ਗਿਆਨ ਪ੍ਰਬੋਧ)*

ਵੱਖਰੀ ਪਛਾਣ ਕਿਸੇ ਵੀ ਧਰਮ ਦੀ ਹੋਂਦ ਲਈ ਬਹੁਤ ਜ਼ਰੂਰੀ ਪੱਖ ਹੁੰਦਾ ਹੈ। ਖਾਲਸੇ ਦੇ ਮਹਾਨ ਉਦੇਸ਼ ਨੂੰ ਮੁੱਖ ਰੱਖ ਕੇ ਇਸ ਨੂੰ ਸਾਰੇ ਜਗਤ ਤੋਂ ਨਿਰਾਲਾ ਰੂਪ ਦਿੱਤਾ ਗਿਆ ਹੈ। ਖਾਲਸੇ ਦਾ ਸਰੂਪ, ਸਿਧਾਂਤ, ਕਾਰਜ, ਨਿਸ਼ਾਨਾ ਵਿਲੱਖਣ, ਵਿਸ਼ੇਸ਼ ਅਤੇ ਨਿਆਰਾ ਹੈ। ਇਸ ਦੇ ਨਿਆਰੇ ਰਹਿਣ ਵਿਚ ਹੀ

ਪਰਮਾਤਮਾ ਦੀਆਂ ਸਭ ਬਰਕਤਾਂ ਤੇ ਸ਼ਕਤੀਆਂ ਹਨ। ਨਿਰਾਲੇ ਰੂਪ ਕਾਰਨ ਖਾਲਸੇ ਨੂੰ ਕੁਝ ਮੁਸ਼ਕਿਲਾਂ ਤੇ ਚੁਣੌਤੀਆਂ ਵੀ ਪੇਸ਼ ਆ ਰਹੀਆਂ ਹਨ। ਇਨ੍ਹਾਂ ਦਾ ਟਾਕਰਾ ਦ੍ਰਿੜ੍ਹਤਾ ਨਾਲ ਕਰਨ ਦੀ ਲੋੜ ਹੈ, ਤਾਂ ਜੋ ਖਾਲਸੇ ਦੇ ਨਿਰਾਲੇ ਰੂਪ ਨੂੰ ਕਾਇਮ ਰੱਖਿਆ ਜਾ ਸਕੇ:

*ਖਾਲਸਾ ਅਕਾਲ ਪੁਰਖ ਕੀ ਫੌਜ। ਪ੍ਰਗਟਿਓ ਖਾਲਸਾ ਪ੍ਰਮਾਤਮ ਕੀ ਮੌਜ।*
*ਜਬ ਲਗ ਖਾਲਸਾ ਰਹੇ ਨਿਆਰਾ। ਤਬ ਲਗ ਤੇਜ ਦੀਉ ਮੈਂ ਸਾਰਾ।*

*(ਸਰਬਲੋਹ ਗ੍ਰੰਥ)*

*ਪਾਂਚ ਕੀ ਕੁਸੰਗਤ ਤਜਿ ਸੰਗਤਿ ਸੋ ਪ੍ਰੀਤਿ ਕਰੇ।*
*ਦਯਾ ਔ ਧਰਮ ਧਾਰਿ ਤਿਆਗੇ ਸਭ ਲਾਲਸਾ।*
*ਹੁਕਾ ਨਾ ਪੀਵੈ ਸੀਸ ਦਾੜੀ ਨਾ ਮੁਡਾਵੈ।*
*ਸੋ ਤੋ ਵਾਹਿਗੁਰੂ ਵਾਹਿਗੁਰੂ ਵਾਹਿਗੁਰੂ ਜੀ ਕਾ ਖਾਲਸਾ। (ਸ੍ਰੀ ਗੁਰ ਸੋਭਾ)*

ਚੜ੍ਹਦੀ ਕਲਾ ਦਾ ਗੁਣ ਖਾਲਸੇ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਹੈ। ਇਤਿਹਾਸ ਗਵਾਹ ਹੈ ਕਿ ਬਹੁਤ ਸੰਕਟ ਦੇ ਸਮੇਂ ਵੀ ਸਿੱਖਾਂ ਨੇ ਕਦੀ ਹੌਸਲਾ ਨਹੀਂ ਛੱਡਿਆ। ਚਮਕੌਰ ਦੀ ਗੜ੍ਹੀ, ਖਿਦਰਾਣੇ ਦੀ ਢਾਬ ਤੇ ਬਹੁਤ ਅਸਾਵੀਂਆਂ ਲੜਾਈਆਂ ਵਿਚ ਘੱਟ-ਗਿਣਤੀ ਵਿਚ ਹੁੰਦਿਆਂ ਵੀ ਬੀਰਤਾ ਨਾਲ ਕਈ ਗੁਣਾ ਵੱਧ ਦੁਸ਼ਮਣ ਦਾ ਮੁਕਾਬਲਾ ਕੀਤਾ। ਛੋਟੇ ਘੱਲੂਘਾਰੇ ਅਤੇ ਵੱਡੇ ਘੱਲੂਘਾਰੇ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸਿੱਖਾਂ ਨੂੰ ਸ਼ਹੀਦ ਕੀਤਾ ਗਿਆ। ਇਸ ਦੇ ਬਾਵਜੂਦ ਉਨ੍ਹਾਂ ਦੇ ਸੰਘਰਸ਼ ਵਿਚ ਕੋਈ ਢਿੱਲ ਨਹੀਂ ਆਈ। ਉਨ੍ਹਾਂ ਨੇ ਅੱਗੇ ਤੋਂ ਵੀ ਵੱਧ ਸ਼ਕਤੀ ਨਾਲ ਦੁਸ਼ਮਣ ਦਾ ਮੁਕਾਬਲਾ ਕੀਤਾ ਤੇ ਫ਼ਤਿਹ ਪ੍ਰਾਪਤ ਕੀਤੀ। ਇਸ ਤਰ੍ਹਾਂ ਉਲਟ ਹਾਲਤ ਵਿਚ ਵੀ ਚੜ੍ਹਦੀ ਕਲਾ ਵਿਚ ਰਹਿੰਦਿਆਂ ਸਾਹਮਣਾ ਕਰਨ ਦੀ ਦਾਤ ਸਿਰਫ ਤੇ ਸਿਰਫ ਖਾਲਸੇ ਨੂੰ ਹੀ ਪ੍ਰਾਪਤ ਹੈ।

ਖਾਲਸਾ ਆਚਾਰ, ਵਿਹਾਰ, ਸਦਾਚਾਰ, ਸੀਲ-ਸੰਜਮ, ਤਿਆਗ, ਕੁਰਬਾਨੀ, ਭਗਤੀ, ਸ਼ਕਤੀ, ਚੜ੍ਹਦੀ ਕਲਾ ਦੇ ਸਦਗੁਣਾਂ ਨਾਲ ਭਰਪੂਰ ਹੈ। ਖਾਲਸੇ ਦੀ ਉਤਪਤੀ ਅਕਾਲ ਪੁਰਖ ਦੇ ਹੁਕਮ ਅਨੁਸਾਰ ਗੁਰੂ ਸਾਹਿਬਾਨ ਤੇ ਹੋਰ ਭਗਤ ਸਾਹਿਬਾਨ ਦੀ ਬਾਣੀ, ਗੁਰੂ ਸਾਹਿਬਾਨ ਦੇ ਉੱਚੇ-ਸੁੱਚੇ ਕਰਨੀ ਵਾਲੇ ਜੀਵਨ, ਉਨ੍ਹਾਂ ਦੀ ਲੰਮੀ ਘਾਲਣਾ, ਅਗੰਮੀ ਸੋਚ, ਕ੍ਰਾਂਤੀਕਾਰੀ ਦਾਰਸ਼ਨਿਕ ਸਿਧਾਂਤ, ਤ੍ਰੈ-ਕਾਲੀ ਦ੍ਰਿਸ਼ਟੀ ਅਤੇ ਬੇ-ਮਿਸਾਲ ਕੁਰਬਾਨੀਆਂ ਵਿੱਚੋਂ ਹੋਈ ਹੈ। ਇਸ ਤਰ੍ਹਾਂ ਖਾਲਸੇ ਦੀ ਉਤਪਤੀ ਵਿਚ ਬਹੁਤ ਵਿਸ਼ਾਲ ਪੱਧਰ 'ਤੇ ਸੰਸਾਰਿਕ ਅਤੇ ਆਤਮਿਕ ਯਤਨ ਲੱਗੇ ਹੋਏ ਹਨ। ਕਿਸੇ ਵੀ ਵਕਤੀ ਜਥੇਬੰਦੀ ਨੂੰ ਕਾਇਮ ਕਰਨ ਲਈ ਏਡਾ ਲੰਮਾ ਚੌੜਾ ਪਿਛੋਕੜ, ਇਤਿਹਾਸ ਅਤੇ ਪਰੰਪਰਾਵਾਂ ਕਾਇਮ ਕਰਨ ਦੀ ਲੋੜ ਨਹੀਂ ਹੁੰਦੀ। ਖਾਲਸਾ ਮਨੁੱਖਤਾ ਦੀ ਸਰਬ ਸਮੇਂ ਲਈ ਅਤੇ ਸਰਬ ਸਥਾਨ ਲਈ ਕੀਮਤੀ ਵਿਰਾਸਤ ਹੈ। ਮਨੁੱਖ ਦੀਆਂ ਬਣਾਈਆਂ ਜਥੇਬੰਦੀਆਂ ਅਤੇ ਸਭਾ-ਸੁਸਾਇਟੀਆਂ ਵਕਤੀ ਹੋ ਸਕਦੀਆਂ ਹਨ, ਪਰ ਖਾਲਸਾ ਅਕਾਲ ਪੁਰਖ ਦੀ ਸਾਜਨਾ ਹੈ, ਇਹ ਵਕਤੀ ਨਹੀਂ ਹੋ ਸਕਦਾ; ਕਿਉਂਕਿ ਅਕਾਲ ਪੁਰਖ ਆਪ ਕਾਲ ਤੋਂ ਰਹਿਤ ਹੈ ਤੇ ਉਸ ਦੀ ਰਚਨਾ ਵੀ ਸਦੀਵ-ਕਾਲ ਲਈ ਹੁੰਦੀ ਹੈ। ਜੋ ਲੋਕ ਇਸ ਨੂੰ ਵਕਤੀ ਜ਼ਰੂਰਤ ਦੀ ਚੀਜ਼ ਦੱਸ ਕੇ ਇਸ ਦੀ ਵੱਖਰੀ ਪਛਾਣ ਨੂੰ ਬੇਲੋੜੀ ਆਖ ਰਹੇ ਹਨ, ਉਨ੍ਹਾਂ ਦੀ ਇਹ ਬਹੁਤ ਵੱਡੀ ਭੁੱਲ ਹੈ। ਉਨ੍ਹਾਂ ਦੀ ਇਹ ਸੋਚ ਅਗਿਆਨਤਾ ਜਾਂ ਈਰਖਾ ਦੀ ਉਪਜ ਹੈ।

ਅੱਜ ਅਸੀਂ ਖਾਲਸਾਈ ਸੱਭਿਆਚਾਰ ਤਿਆਗ ਕੇ ਪਦਾਰਥਵਾਦ ਅਤੇ ਪੱਛਮੀ ਸੱਭਿਆਚਾਰ ਦੀ ਚਕਾਚੌਂਧ ਵਿਚ ਉਲਝ ਕੇ ਰਹਿ ਗਏ ਹਾਂ। ਅੱਜ ਲੋੜ ਹੈ ਪੰਥ ਸੰਸਥਾਵਾਂ, ਸਿੱਖ ਸੰਪਰਦਾਵਾਂ, ਸਭਾ-ਸੋਸਾਇਟੀਆਂ, ਸਿਆਸੀ ਅਤੇ ਧਾਰਮਿਕ ਆਗੂਆਂ ਨੂੰ ਇਕ-ਜੁੱਟ ਹੋ ਕੇ ਹੰਭਲਾ ਮਾਰਨ ਦੀ ਤਾਂ ਜੋ ਅਸੀਂ ਆਪਣੀ ਨੌਜਵਾਨ ਪੀੜ੍ਹੀ ਨੂੰ ਸੰਭਾਲ ਸਕੀਏ ਅਤੇ ਸਿੱਖੀ ਸਰੂਪ ਅਤੇ ਕਿਰਦਾਰ ਵਾਲਾ ਬਣਾ ਸਕੀਏ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਜੀਵਨ-ਫ਼ਲਸਫ਼ਾ

***-ਡਾ. ਇੰਦਰਜੀਤ ਸਿੰਘ ਵਾਸੂ****

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਸਿੱਖਾਂ ਦੇ ਨੌਵੇਂ ਗੁਰੂ ਸਨ। ਆਪ ਨੇ ੧੫ ਰਾਗਾਂ ਵਿਚ ਬਾਣੀ ਰਚੀ। ਆਪ ਜੀ ਦੇ ਕੁੱਲ ੫੯ ਸ਼ਬਦ ਤੇ ੫੭ ਸਲੋਕ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹਨ। ਆਪ ਆਪਣੀ ਬਾਣੀ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਵਾਂਗ ਸਿਧਾਂਤਿਕ ਬਹਿਸ ਵਿਚ ਨਹੀਂ ਪਏ। ਉਨ੍ਹਾਂ ਨੇ ਤਤਕਾਲੀਨ ਸਮੱਸਿਆਵਾਂ ਵਿਚ ਦਿਲਚਸਪੀ ਲਈ। ਉਹ ਆਪਣੀ ਬਾਣੀ ਵਿਚ ਬੜੀ ਗੰਭੀਰਤਾ ਨਾਲ ਮਨੁੱਖ, ਉਸ ਦੇ ਸਮਾਜ ਤੇ ਉਸ ਦੇ ਆਲੇ-ਦੁਆਲੇ ਦੇ ਸੰਸਾਰ ਦੀਆਂ ਸਮੱਸਿਆਵਾਂ ਨੂੰ ਪ੍ਰਤਿਬਿੰਬਤ ਕਰਦੇ ਹਨ। ਉਹ ਮਨੁੱਖ ਦੇ ਆਚਰਨ, ਉਸ ਦੇ ਵਤੀਰੇ, ਧਨ-ਸ਼ਕਤੀ ਤੇ ਗਿਆਨ ਪ੍ਰਤੀ ਉਸ ਦੀ ਪ੍ਰਤੀਕ੍ਰਿਆ ਨੂੰ ਬਿਆਨ ਕਰਦੇ ਹਨ। ਇਹ ਮਨੁੱਖਤਾ ਦੇ ਹਿੱਤਾਂ ਪ੍ਰਤੀ ਦਿਲਚਸਪੀ ਹੀ ਸੀ ਕਿ ਆਪ ਨੇ ਧਾਰਮਿਕ ਪੂਜਾ ਦੀ ਸੁਤੰਤਰਤਾ ਲਈ ਸ਼ਹੀਦੀ ਦਿੱਤੀ। ਉਨ੍ਹਾਂ ਦੀ ਬਾਣੀ ਵਿਚ ਹੇਠ ਲਿਖੇ ਪੱਖਾਂ ਦਾ ਬਿਆਨ ਕੀਤਾ ਗਿਆ ਹੈ :-

**ਮਨੁੱਖ ਦੀ ਸੰਕਟ ਭਰਪੂਰ ਹੋਂਦ ਦੀ ਸਥਿਤੀ :** ਗੁਰੂ ਜੀ ਨੇ ਦੈਵੀ ਸੂਝ ਰਾਹੀਂ ਮਨੁੱਖ ਦੀ ਸੰਕਟ-ਗ੍ਰਸਤ ਹੋਂਦ ਦਾ ਵਰਣਨ ਕੀਤਾ ਹੈ। ਉਨ੍ਹਾਂ ਦੇ ਵਿਚਾਰਾਂ ਅਨੁਸਾਰ ਮਨੁੱਖ ਮਾਇਆ ਦੇ ਨਸ਼ੇ ਵਿਚ ਕਮਲਾ ਹੋਇਆ ਫਿਰਦਾ ਹੈ। ਪ੍ਰਭੂ ਦੀ ਯਾਦ ਤੋਂ ਸੱਖਣਾ ਹੋ ਕੇ ਧੋਖੇ ਤੇ ਫਰੇਬ ਨਾਲ ਦੁਨੀਆ ਨੂੰ ਲੁੱਟ ਕੇ ਆਪਣਾ ਢਿੱਡ ਭਰਦਾ ਹੈ। ਦਿਖਾਵਾ ਉਸ ਦੇ ਜੀਵਨ ਦੀ ਮੁੱਖ ਪ੍ਰਵਿਰਤੀ ਹੈ। ਉਹ ਆਪਣੇ ਜੀਵਨ ਵਿਵਹਾਰ ਵਿਚ ਕੁੱਤੇ ਦੀ ਵਿੰਗੀ ਪੂਛ ਦੀ ਤਰ੍ਹਾਂ ਕਈ ਵਿੰਗ ਵਲੇਵੇਂ ਰੱਖਦਾ ਹੈ। ਆਪਣੇ ਮੂਲ ਤੋਂ ਬੇਖ਼ਬਰ ਹੋ ਕੇ ਉਹ ਦਿਨ ਰਾਤ ਵਿਸ਼ੇ-ਵਿਕਾਰਾਂ ਵਿਚ ਗ਼ਲਤਾਨ ਹੈ। ਪਰਾਏ ਧਨ ਤੇ ਪਰਾਈ ਇਸਤਰੀ ਦੇ ਖਿਆਲ ਵਿਚ ਰੁਚਿਤ ਹੋ ਕੇ ਜਨਮ ਨੂੰ ਬਿਰਥਾ ਗੁਆ ਰਿਹਾ ਹੈ। ਜਿਵੇਂ:

*-ਕਰਿ ਪਰਪੰਚੁ ਜਗਤ ਕਉ ਡਹਕੈ ਅਪਨੋ ਉਦਰ ਭਰੈ ॥੧॥*
*ਸੁਆਨ ਪੂਛ ਜਿਉ ਹੋਇ ਨ ਸੂਧੋ ਕਹਿਓ ਨ ਕਾਨ ਧਰੈ ॥*

*(ਸ੍ਰੀ ਗੁਰੂ ਗ੍ਰੰਥ ਸਾਹਿਬ, ੫੩੬)*

*-ਮਾਈ ਮਨੁ ਮੇਰੋ ਬਸਿ ਨਾਹਿ॥*
*ਨਿਸਿ ਬਾਸੁਰ ਬਿਖਿਅਨ ਕਉ ਧਾਵਤ ਕਿਹਿ ਬਿਧਿ ਰੋਕਉ ਤਾਹਿ ॥੧॥ਰਹਾਉ॥...*
*ਪਰ ਧਨ ਪਰ ਦਾਰਾ ਸਿਉ ਰਚਿਓ ਬਿਰਥਾ ਜਨਮੁ ਸਿਰਾਵੈ॥*

*(ਸ੍ਰੀ ਗੁਰੂ ਗ੍ਰੰਥ ਸਾਹਿਬ, ੬੩੨)*

ਵਿਅਕਤੀ ਦਾ ਮਨ ਦਸਾਂ ਦਿਸ਼ਾਵਾਂ ਵਿਚ ਭਟਕਦਾ ਹੈ। ਸੁਖ ਦੀ ਪ੍ਰਾਪਤੀ ਲਈ ਬਹੁਤ ਦੁਖ ਉਠਾਉਂਦਾ ਹੈ। ਰਾਮ-ਨਾਮ ਨੂੰ ਭੁੱਲ ਕੇ ਕੁੱਤੇ ਵਾਂਗ ਦਰ-ਦਰ ਭਟਕਦਾ ਹੈ। ਜੋ ਕਰਮ ਉਹ ਲਾਲਚ ਕਰ ਕੇ ਕਰਦਾ ਹੈ, ਉਹ ਉਸ ਨੂੰ ਬੰਧਨਾਂ ਵਿਚ ਫਸਾਉਂਦੇ ਹਨ। ਸੰਸਾਰ ਦੇ ਛਿੰਨ-ਭੰਗਰ ਰਿਸ਼ਤਿਆਂ ਨੂੰ ਸਦੀਵੀ ਸਮਝਦਾ

*#੧੦੦੦, ਅਰਬਨ ਅਸਟੇਟ, ਫ਼ਗਵਾੜਾ-੧੪੪੬੩੨; ਮੋ. +੯੧੯੦੫੬੩-੬੦੭੬੩

ਹੈ ਜਿਵੇਂ:

*ਭੂਲਿਓ ਮਨੁ ਮਾਇਆ ਉਰਝਾਇਓ॥*
*ਜੋ ਜੋ ਕਰਮ ਕੀਓ ਲਾਲਚ ਲਗਿ ਤਿਹ ਤਿਹ ਆਪੁ ਬੰਧਾਇਓ॥*

(ਸ੍ਰੀ ਗੁਰੂ ਗ੍ਰੰਥ ਸਾਹਿਬ, ੭੦੨)

ਅਸਲ ਵਿਚ ਜਿਵੇਂ ਕਿ ਪ੍ਰੋਫ਼ੈਸਰ ਕੇ. ਆਰ. ਸਿਰੀਨਿਵਾਸਾ ਨੇ ਆਖਿਆ ਹੈ ਕਿ ਜੀਵਨ ਵਿਚ ਦਿਖਾਵਿਆਂ, ਉਤੇਜਨਾ, ਜਟਿਲਤਾਵਾਂ, ਖਿੱਚਾਂ, ਨਿਰਾਸ਼ਤਾਵਾਂ ਤੇ ਪਰਿਵਰਤਨਸ਼ੀਲ ਸੰਸਾਰ ਦੀਆਂ ਨਿਰੰਤਰ ਵੰਗਾਰਾਂ ਦੀ ਹੋਂਦ ਹੈ, ਪਰ ਇਸ ਵਿਅਕਤੀ ਨੇ ਇਨ੍ਹਾਂ ਤੋਂ ਪਾਰਗਾਮੀ ਹੋਣਾ ਹੈ ਤੇ ਹਕੀਕਤ ਨੂੰ ਪਕੜਨਾ ਹੈ। ਇੱਥੇ ਦੁਨੀਆ ਵਿਚ ਨਿਰੰਤਰ ਖਿੱਚ ਹੈ। ਪਰਵਾਰ, ਦੋਸਤਾਂ, ਧਨ, ਪਦਵੀ ਤੇ ਆਪਣੇ ਸਰੀਰ ਦਾ ਮੋਹ ਵੀ ਹੈ, ਪਰ ਇਸ ਹਕੀਕਤ ਪ੍ਰਤੀ ਵੀ ਜਾਗ੍ਰਿਤ ਹੋਣਾ ਹੈ ਕਿ ਇਨ੍ਹਾਂ ਸਭ ਦਾ ਸੋਮਾ ਤੇ ਮੂਲ ਰੱਬ ਹੈ। (ਵਧੇਰੇ ਵਿਸਥਾਰ ਲਈ ਡਾ. ਤ੍ਰਿਲੋਚਨ ਸਿੰਘ ਦੀ ਪੁਸਤਕ੍ਰਿਮਨਸ ੋਡ ਘੁਰੁ ਠਏਗ ਭਓਹਓਦੁਰ, ਪ.੭ 'ਤੇ ਦੇਖਿਆ ਜਾ ਸਕਦਾ ਹੈ) ਮੂਲ ਸੋਮੇ ਰੱਬ ਦਾ ਨਾਮ-ਰਤਨ ਮਨੁੱਖ ਦੇ ਅੰਦਰ ਹੈ, ਭਾਵੇਂ ਉਸ ਨੂੰ ਇਸ ਦੀ ਸੋਝੀ ਨਹੀਂ। ਜਿਵੇਂ:

*ਰਤਨੁ ਰਾਮੁ ਘਟ ਹੀ ਕੇ ਭੀਤਰਿ ਤਾ ਕੋ ਗਿਆਨੁ ਨ ਪਾਇਓ॥*

(ਸ੍ਰੀ ਗੁਰੂ ਗ੍ਰੰਥ ਸਾਹਿਬ, ੭੦੩)

**ਮਨੁੱਖ ਦੀ ਹਕੀਕਤ ਪ੍ਰਤੀ ਅਗਿਆਨਤਾ :** ਮਨੁੱਖ ਆਮ ਤੌਰ 'ਤੇ ਆਪਣੇ ਮਨ ਨੂੰ ਅਤਿਅੰਤ ਨੀਵੀਂ ਪ੍ਰਵਿਰਤੀ ਕਾਮੁਕਤਾ ਵਾਲਾ ਸਮਝਦਾ ਹੈ। ਹਾਲਾਂਕਿ ਮਨੁੱਖ ਦੀ ਅਸਲ ਹਕੀਕਤ ਦੋਹਰੀ ਪ੍ਰਕਿਰਤੀ ਦੀ ਧਾਰਨੀ ਹੈ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਨੁਸਾਰ ਜਿੱਥੇ ਮਨੁੱਖ ਵਿਚ ਬਦੀ ਦੀ ਸੰਭਾਵਨਾ ਹੈ, ਜੋ ਬੇਚੈਨੀ, ਦੁਖ ਤੇ ਭਰਮ ਦਾ ਸ੍ਰੋਤ ਹੈ। ਉੱਥੇ ਨਾਲ ਹੀ ਉਹ ਆਪਣੇ ਦਿਲ ਵਿਚ ਦੈਵੀ ਗਿਆਨ ਦੀ ਸੂਝ ਵੀ ਰੱਖਦਾ ਹੈ। ਇਸ ਪ੍ਰਤੀ ਉਹ ਉਸੇ ਤਰ੍ਹਾਂ ਅਣਜਾਣ ਵੀ ਰਹਿੰਦਾ ਹੈ, ਜਿਵੇਂ ਹਿਰਨ ਆਪਣੀ ਨਾਭੀ ਵਿਚ ਮੌਜੂਦ ਕਸਤੂਰੀ ਤੋਂ ਅਣਜਾਣ ਰਹਿੰਦਾ ਹੈ। ਸਰਬ ਨਿਵਾਸੀ ਸਦਾ ਅਲੇਪਾ ਪਰਮਾਤਮਾ ਵਿਅਕਤੀ ਦੇ ਅੰਦਰ ਉਸੇ ਤਰ੍ਹਾਂ ਮੌਜੂਦ ਹੈ ਜਿਵੇਂ ਫੁੱਲ ਵਿਚ ਖੁਸ਼ਬੋ ਤੇ ਸ਼ੀਸ਼ੇ ਵਿਚ ਬਿੰਬ ਹੁੰਦਾ ਹੈ। ਉਹ ਵਿਅਕਤੀ ਦੇ ਅੰਦਰ ਵੀ ਮੌਜੂਦ ਹੈ ਤੇ ਸ੍ਰਿਸ਼ਟੀ ਦੇ ਪਸਾਰੇ ਵਿਚ ਵੀ। ਆਪਣੇ ਆਪ ਦੀ ਖੋਜ ਨਾਲ ਮਨੁੱਖ ਆਪਣੀ ਸਹੀ ਪ੍ਰਕਿਰਤੀ ਦੇ ਭਰਮ ਤੋਂ ਛੁਟਕਾਰਾ ਪਾ ਸਕਦਾ ਹੈ। ਜਿਵੇਂ :

*ਕਾਹੇ ਰੇ ਬਨ ਖੋਜਨ ਜਾਈ॥*
*ਸਰਬ ਨਿਵਾਸੀ ਸਦਾ ਅਲੇਪਾ ਤੋਹੀ ਸੰਗਿ ਸਮਾਈ॥*

*(ਸ੍ਰੀ ਗੁਰੂ ਗ੍ਰੰਥ ਸਾਹਿਬ, ੬੮੪)*

**ਸਥਿਰਤਾ ਤੇ ਪਰਿਵਰਤਨਸ਼ੀਲਤਾ ਵਿਚਕਾਰ ਨਿਖੇੜਾ :** ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵਿਅਕਤੀ ਨੂੰ ਸਥਿਰਤਾ ਤੇ ਪਰਿਵਰਤਨਸ਼ੀਲਤਾ ਵਿਚਕਾਰ ਨਿਖੇੜਾ ਕਰਨ ਲਈ ਪ੍ਰੇਰਦੇ ਹਨ। ਮਨੁੱਖ ਦਾ ਸਮੁੱਚਾ ਜੀਵਨ ਅਵਾਸਤਵਿਕਤਾ ਦੇ ਰੰਗ-ਢੰਗ ਵਾਲਾ ਹੈ। ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਅਨੁਸਾਰ ਮਨੁੱਖ ਧਨ, ਇਮਾਰਤਾਂ, ਸਮਾਜਿਕ ਰਿਸ਼ਤੇ-ਨਾਤਿਆਂ ਦੇ ਸਿਲਸਿਲੇ, ਇਸਤਰੀਆਂ, ਬੱਚੇ, ਰਿਸ਼ਤੇਦਾਰਾਂ ਤੇ ਦੋਸਤਾਂ ਦੀ ਦੁਨੀਆ ਵਿਚ ਰੁਚਿਤ ਹੋ ਜਾਂਦਾ ਹੈ। ਇਸ ਸਮੁੱਚੇ ਸਿਲਸਿਲੇ ਦੀ ਮੂਲ ਪ੍ਰਕਿਰਤੀ ਛਿਨ-ਭੰਗਰ ਹੀ ਹੈ। ਅਟੱਲ ਮੌਤ ਬੰਦੇ ਦੇ ਸਿਰ 'ਤੇ ਮੰਡਰਾਂਦੀ ਰਹਿੰਦੀ ਹੈ ਤੇ ਵਸਤਾਂ ਦੀ ਛਿਨ-ਭੰਗਰਤਾ ਤੇ ਸਦੀਵਤਾ ਸੰਬੰਧੀ ਪਛਾਣ ਕਰਵਾਉਂਦੀ ਰਹਿੰਦੀ ਹੈ, ਪਰ ਇਸ ਤਰ੍ਹਾਂ ਦਾ ਵਰਣਨ ਗੁਰੂ ਜੀ ਨੇ ਇਸ ਲਈ ਨਹੀਂ ਕੀਤਾ ਕਿ ਮਨੁੱਖ ਪਲਾਇਨ ਲਈ ਕਮਰ ਕੱਸੇ ਬਲਕਿ ਇਸ ਲਈ ਕੀਤਾ ਹੈ ਕਿ, ਜੀਵਨ ਦਾ ਇੱਕ-ਇੱਕ ਪਲ ਤੀਬਰਤਾ-ਪੂਰਵਕ ਸਾਰਥਿਕ ਕਰਨਾ ਸਿੱਖ ਸਕੇ :

*ਚੇਤਨਾ ਹੈ ਤਉ ਚੇਤ ਲੈ ਨਿਸਿ ਦਿਨਿ ਮੈ ਪ੍ਰਾਨੀ॥*
*ਛਿਨੁ ਛਿਨੁ ਅਉਧ ਬਿਹਾਤੁ ਹੈ ਫੂਟੈ ਘਟ ਜਿਉ ਪਾਨੀ ॥੧॥ਰਹਾਉ॥*
*ਹਰਿ ਗੁਨ ਕਾਹਿ ਨ ਗਾਵਹੀ ਮੂਰਖ ਅਗਿਆਨਾ॥*
*ਝੂਠੈ ਲਾਲਚਿ ਲਾਗਿ ਕੈ ਨਹਿ ਮਰਨੁ ਪਛਾਨਾ ॥੧॥*
*ਅਜਹੂ ਕਛੁ ਬਿਗਰਿਓ ਨਹੀ ਜੋ ਪ੍ਰਭ ਗੁਨ ਗਾਵੈ॥*
*ਕਹੁ ਨਾਨਕ ਤਿਹ ਭਜਨ ਤੇ ਨਿਰਭੈ ਪਦੁ ਪਾਵੈ॥ (ਸ੍ਰੀ ਗੁਰੂ ਗ੍ਰੰਥ ਸਾਹਿਬ, ੭੨੬)*

**ਨਿਰਵਾਨ ਪਦ ਦੀ ਪ੍ਰਾਪਤੀ :** ਉਪਰੋਕਤ ਸੰਸਾਰ ਦੀ ਛਿਨ-ਭੰਗਰੀ ਹਕੀਕਤ ਦੇ ਸੰਦਰਭ ਵਿਚ ਗੁਰੂ ਜੀ ਨੇ ਨਿਰਵਾਨ ਪਦ ਦੀ ਪ੍ਰਾਪਤੀ ਨੂੰ ਮਨੁੱਖੀ ਜੀਵਨ ਦੀ ਸਭ ਤੋਂ ਉਚੇਰੀ ਮੰਜ਼ਿਲ ਦੱਸਿਆ ਹੈ। ਬੁੱਧ ਧਰਮ ਦੇ ਕਈ ਦਾਰਸ਼ਨਿਕ ਸਕੂਲ ਇਸ ਕਥਨ ਦੀ ਭਿੰਨ-ਭਿੰਨ ਵਿਆਖਿਆ ਕਰਦੇ ਹਨ। ਕਈ ਕਾਮਨਾਵਾਂ ਤੋਂ ਮੁਕਤੀ ਨੂੰ ਨਿਰਵਾਨ ਪਦ ਕਹਿੰਦੇ ਹਨ ਪਰ ਸਿੱਖ ਧਰਮ ਅਨੁਸਾਰ ਜੀਵਨ ਦੌਰਾਨ ਨਿਰਵਾਨ ਸਿਰਫ ਇੱਛਾ ਦੇ ਵਿਨਾਸ਼ ਨਾਲ ਤੇ ਮੌਤ ਤੋਂ ਬਾਅਦ ਕਰਮਾਂ ਦੇ ਵਿਨਾਸ਼ ਨਾਲ ਹੀ ਸੰਬੰਧਿਤ ਨਹੀਂ, ਇਹ ਕਰਤਵ ਅਥਵਾ ਅਮਲ ਦਾ ਰਹੱਸਵਾਦ ਹੈ ਜਿਸ ਵਿਚ ਆਤਮਾ ਅੰਤਰੀਵ ਤੌਰ 'ਤੇ ਮੁੜਨ ਤੇ ਆਪਣੇ ਆਪ ਨੂੰ ਬੰਦ ਕਰਨ ਦੀ ਬਜਾਇ ਵਿਸ਼ਵ-ਵਿਆਪੀ ਪਿਆਰ ਤਕ ਆਪਣੇ ਦਰ ਖੋਲ ਸਕਦੀ ਹੈ। ਗੁਰੂ ਜੀ ਅਨੁਸਾਰ ਨਿਰਵਾਨ ਪਦ, ਅਮਰ, ਅਚਲ ਤੇ ਨਿਰਭੈ ਅਵਸਥਾ ਦਾ ਪ੍ਰਤੀਕ ਹੈ ਜਿਸ ਨੂੰ ਅਜਾਮਲ, ਗਨਕਾ, ਬਾਲਕ ਧ੍ਰੂ ਨੇ ਪ੍ਰਾਪਤ ਕਰ ਕੇ ਹੋਰਾਂ ਨੂੰ ਚਕ੍ਰਿਤ ਕਰ ਦਿੱਤਾ। ਜਿਵੇਂ:

*ਅਚਲ ਅਮਰ ਨਿਰਭੈ ਪਦੁ ਪਾਇਓ ਜਗਤ ਜਾਹਿ ਹੈਰਾਨੋ॥*
*ਨਾਨਕ ਕਹਤ ਭਗਤ ਰਛਕ ਹਰਿ ਨਿਕਟਿ ਤਾਹਿ ਤੁਮ ਮਾਨੋ॥*

(ਸ੍ਰੀ ਗੁਰੂ ਗ੍ਰੰਥ ਸਾਹਿਬ, ੮੩੦)

ਇਸ ਮੰਜ਼ਲ ਦੀ ਪ੍ਰਾਪਤੀ ਲਈ ਉੱਤਮ ਢੰਗ ਸ਼੍ਰੋਮਣੀ ਹਕੀਕਤ ਪ੍ਰਤੀ ਪੂਰਨ ਆਤਮ-ਸਮਰਪਨ ਦੀ ਜੀਵਨ-ਵਿਧੀ ਹੈ ਜਿਸ ਦਾ ਸੰਬੰਧ ਆਤਮਿਕ ਵਿਕਾਸ ਦੇ ਰਸਤੇ ਵਿਚ ਰੁਕਾਵਟ ਬਣਨ ਵਾਲੇ ਮਾਇਆ ਜਾਲ ਤੋਂ ਨਿਰਲੇਪ ਰਹਿੰਦਾ ਹੈ। ਇਹ ਨਿਰਲੇਪਤਾ ਜੀਵਨ ਪ੍ਰਤੀ ਮੁਤੱਸਬੀ ਰੁਚੀ ਨੂੰ ਰੋਕਦੀ ਹੈ ਤੇ ਉਸ ਪਰਵਾਰਿਕ ਤੇ ਸਮਾਜਿਕ ਜੀਵਨ ਪ੍ਰਤੀ ਸੀਮਿਤ ਲਗਾਅ ਉਤਪੰਨ ਕਰਦੀ ਹੈ ਜੋ ਸਿੱਖ ਧਰਮ ਦਾ ਬੁਨਿਆਦੀ ਸਿਧਾਂਤ ਹੈ।

**ਆਦਰਸ਼ ਵਿਅਕਤੀ :** ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਆਪਣੀ ਬਾਣੀ ਦੇ ਸਲੋਕਾਂ ਵਿਚ ਆਦਰਸ਼ਕ ਵਿਅਕਤੀ ਦੇ ਗੁਣਾਂ ਦਾ ਚਿਤਰਨ ਵੀ ਕੀਤਾ ਹੈ। ਉਨ੍ਹਾਂ ਅਨੁਸਾਰ ਆਦਰਸ਼ਕ ਵਿਅਕਤੀ ਦੁਖ-ਸੁਖ ਅਥਵਾ ਖੁਸ਼ੀ-ਗਮੀ ਤੋਂ ਨਿਰਲੇਪ, ਮੋਹ ਮਮਤਾ ਦਾ ਤਿਆਗੀ, ਮਿੱਟੀ ਤੇ ਸੋਨੇ ਨੂੰ ਇਕ ਸਮਾਨ ਸਮਝਣ ਵਾਲਾ, ਨਿਰਭੈਤਾ ਦਾ ਧਾਰਨੀ, ਨਿੰਦਾ ਉਸਤਤਿ ਲੋਭ, ਮੋਹ ਤੇ ਅਗਿਆਨ ਤੋਂ ਰਹਿਤ, ਮਾਨ-ਅਪਮਾਨ ਪ੍ਰਤੀ ਸਮਾਨ ਦ੍ਰਿਸ਼ਟੀ ਰੱਖਣ ਵਾਲਾ, ਆਸ਼ਾਵਾਂ ਤੇ ਮਨ ਦੇ ਵਿਵਿਧ-ਸੰਕਲਪਾਂ ਤੋਂ ਸੱਖਣਾ, ਸੰਸਾਰ ਤੋਂ ਨਿਰਲੇਪ ਰਹਿਣ ਵਾਲਾ ਤੇ ਕਾਮ-ਕ੍ਰੋਧ ਦੀਆਂ ਖਿੱਚਾਂ ਤੋਂ ਸੁਤੰਤਰ ਹੈ। ਇਸ ਪਦਵੀ ਦੀ ਪ੍ਰਾਪਤੀ ਦਾ ਸਾਧਨ ਗੁਰੂ ਦੀ ਨਦਰ ਹੈ, ਜਿਸ ਸਦਕਾ ਇਕ ਵਿਅਕਤੀ ਪ੍ਰਭੂ ਦੀ ਹਸਤੀ ਨਾਲ ਇਸ ਤਰ੍ਹਾਂ ਅਭੇਦ ਹੋ ਜਾਂਦਾ ਹੈ ਜਿਵੇਂ ਪਾਣੀ, ਪਾਣੀ ਨਾਲ ਰਲ ਕੇ ਇਕਮਿਕ ਹੋ ਜਾਂਦਾ ਹੈ। ਜਿਵੇਂ:

*ਜੋ ਨਰੁ ਦੁਖ ਮੈ ਦੁਖੁ ਨਹੀ ਮਾਨੈ॥*
*ਸੁਖ ਸਨੇਹੁ ਅਰੁ ਭੈ ਨਹੀ ਜਾ ਕੈ ਕੰਚਨ ਮਾਟੀ ਮਾਨੈ ॥੧॥ਰਹਾਉ॥*
*ਨਹ ਨਿੰਦਿਆ ਨਹ ਉਸਤਤਿ ਜਾ ਕੈ ਲੋਭੁ ਮੋਹ ਅਭਿਮਾਨਾ॥*

(ਬਾਕੀ ਪੰਨਾ ੨੩ 'ਤੇ)




ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਨਾਨਕਸ਼ਾਹੀ ਸੰਮਤ 557 ਦੀ ਆਮਦ ਮੌਕੇ ਰਾਤਰੀ ਸਮੇਂ ਕਰਵਾਏ ਗਏ ਗੁਰਮਤਿ ਸਮਾਗਮ ਵਿਚ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਅਤੇ ਹਾਜ਼ਰ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਰਜਿੰਦਰ ਸਿੰਘ ਰੂਬੀ ਤੇ ਹੋਰ। (13 ਮਾਰਚ)



ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਨਾਨਕਸ਼ਾਹੀ ਸੰਮਤ 557 ਦੀ ਆਮਦ ਮੌਕੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਅਰਦਾਸ ਵਿਚ ਸ਼ਾਮਲ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਜਸਪਾਲ ਸਿੰਘ, ਸ. ਯੁਵਰਾਜ ਸਿੰਘ ਤੇ ਹੋਰ। (14 ਮਾਰਚ)



ਚੰਡੀਗੜ੍ਹ ਦੇ ਉਪ-ਦਫ਼ਤਰ ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਸ਼ਾਮਲ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰਾਨ ਤੇ ਅਧਿਕਾਰੀ। (17 ਮਾਰਚ)




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ, ਸ. ਸੁਰਜੀਤ ਸਿੰਘ ਭਿੱਟੇਵਡ ਤੇ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ. ਇਕਬਾਲ ਸਿੰਘ ਲਾਲਪੁਰਾ ਨਾਲ ਗੁਰਦੁਆਰਾ ਮੰਗੂ ਮੱਠ ਦੇ ਇੱਕ ਮਾਮਲੇ ਸਬੰਧੀ ਪੱਤਰ ਸੌਂਪਦੇ ਹੋਏ। (17 ਮਾਰਚ)



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸ. ਬਲਦੇਵ ਸਿੰਘ ਮਾਹਿਲਪੁਰੀ ਮੀਟਿੰਗ ਹਾਲ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਦੇ ਸਮਾਗਮਾਂ ਸਬੰਧੀ ਸਬ-ਕਮੇਟੀ ਦੀ ਇਕੱਤਰਤਾ ਵਿਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਰਾਮ ਸਿੰਘ, ਭਾਈ ਗੁਰਬਖਸ਼ ਸਿੰਘ ਖਾਲਸਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਪ੍ਰਿਤਪਾਲ ਸਿੰਘ ਪਾਲੀ, ਸ. ਤੇਜਿੰਦਰਪਾਲ ਸਿੰਘ ਲਾਡਵਾ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਪ੍ਰੋਫੈਸਰ ਸੁਖਦੇਵ ਸਿੰਘ ਤੇ ਹੋਰ। (24 ਮਾਰਚ)



ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਨੂੰ ਵਾਤਾਵਰਣ ਦਿਹਾੜੇ ਵਜੋਂ ਮਨਾਉਂਦਿਆਂ ਬੂਟੇ ਲਗਾਉਂਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ। ਨਾਲ ਹਨ ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ, ਸ. ਗੁਰਪ੍ਰੀਤ ਸਿੰਘ ਝੱਬਰ, ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਅਤੇ ਹੋਰ। (27 ਮਾਰਚ)



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਲਾ ਮਹਲਾ ਮੌਕੇ ਸੰਗਤ ਨੂੰ ਸੰਬੋਧਨ ਕਰਦੇ ਹੋਏ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਨਾਲ ਹਨ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਸ. ਸੁਰਜੀਤ ਸਿੰਘ ਗੜ੍ਹੀ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਗੁਰਬਖਸ਼ ਸਿੰਘ ਖਾਲਸਾ ਤੇ ਸੰਗਤਾਂ। (15 ਮਾਰਚ)

(ਪੰਨਾ ੧੮ ਦਾ ਬਾਕੀ)

*ਹਰਖ ਸੋਗ ਤੇ ਰਹੈ ਨਿਆਰਉ ਨਾਹਿ ਮਾਨ ਅਪਮਾਨਾ॥. . .*
*ਗੁਰ ਕਿਰਪਾ ਜਿਹ ਨਰ ਕਉ ਕੀਨੀ ਤਿਹ ਇਹ ਜੁਗਤਿ ਪਛਾਨੀ॥*
*ਨਾਨਕ ਲੀਨ ਭਇਓ ਗੋਬਿੰਦ ਸਿਉ ਜਿਉ ਪਾਨੀ ਸੰਗਿ ਪਾਨੀ॥*

(ਸ੍ਰੀ ਗੁਰੂ ਗ੍ਰੰਥ ਸਾਹਿਬ, ੬੩੩)

**ਉੱਚੀ ਕਿਸਮ ਦਾ ਸੱਭਿਆਚਾਰ :** ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਬਾਣੀ ਵਿਚ ਉਚੇਰੀ ਕਿਸਮ ਦੇ ਸੱਭਿਆਚਾਰ ਸਥਾਪਤੀ ਦੇ ਸੰਕੇਤ ਮਿਲਦੇ ਹਨ ਜਿਸ ਨੂੰ ਦੈਵੀ ਸੱਭਿਆਚਾਰ ਦਾ ਨਾਮ ਦਿੱਤਾ ਜਾ ਸਕਦਾ ਹੈ ਅਤੇ ਜਿਸ ਦਾ ਆਧਾਰ ਪ੍ਰਭੂ-ਵਿਸ਼ਵਾਸ, ਮਾਨਵਵਾਦ, ਆਸ਼ਾਵਾਦ, ਸੰਘਰਸ਼, ਸਚਾਈ, ਨਿਰਭੈਤਾ, ਸੁਚੇਤਤਾ, ਇਕਸਾਰਤਾ, ਪਰਉਪਕਾਰ, ਪਵਿੱਤਰਤਾ, ਸ੍ਵੈ-ਕਾਬੂ, ਨਿਰਲੇਪਤਾ, ਦਿੱਬ-ਦ੍ਰਿਸ਼ਟੀ, ਬੰਦਗੀ, ਪ੍ਰੇਮ ਆਦਿ ਦੈਵੀ ਕੀਮਤਾਂ ਹਨ। ਇਸ ਕਿਸਮ ਦੇ ਸਮਾਜ ਵਿਚ ਮਨੁੱਖ ਦੇ ਜੀਵਨ ਵਿਚ, ਸਾਮਰਾਜਵਾਦ, ਮਾਇਆਵਾਦ, ਸੱਤਾਵਾਦ, ਵਾਸ਼ਨਾਵਾਦ, ਕੁਨਬਾ, ਖੁਦਗਰਜ਼ੀ, ਪਾਖੰਡ, ਬਨਾਵਟ, ਪਰ-ਇਸਤਰੀ ਗਮਨ, ਨਿਰਾਸ਼ਵਾਦ, ਭੈਅ, ਡਰ, ਭਰਮ, ਅਗਿਆਨਤਾ, ਕਰਮ-ਕਾਂਡ, ਹਠਵਾਦ ਅਤੇ ਨਿਰੀਆਂ ਸੰਸਾਰਿਕ ਕੀਮਤਾਂ ਨੂੰ ਕੋਈ ਸਥਾਨ ਪ੍ਰਾਪਤ ਨਹੀਂ, ਇਨ੍ਹਾਂ ਸੰਸਾਰਕ ਕੀਮਤਾਂ ਦਾ ਤਿਆਗ ਕਰ ਕੇ ਤੇ ਦੈਵੀ ਕੀਮਤਾਂ ਨੂੰ ਅਪਣਾਅ ਕੇ ਵਿਅਕਤੀ ਸੰਪੂਰਨਤਾ ਦੇ ਆਦਰਸ਼ ਨੂੰ ਪ੍ਰਾਪਤ ਕਰ ਸਕਦਾ ਹੈ, ਜੋ ਮੁਕਤ ਨਿਰਵਾਨ ਪਦ ਦੀ ਅਵਸਥਾ ਹੈ।

**ਗੁਰੂ ਜੀ ਦੀ ਸ਼ਹੀਦੀ, ਕਾਰਨ ਤੇ ਪ੍ਰਭਾਵ :** ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਦਾ ਕਾਰਨ ਔਰੰਗਜ਼ੇਬ ਦੀ ਮਜ਼ਹਬੀ ਤੁਅੱਸਬ ਦੀ ਨੀਤੀ ਸੀ ਜਿਸ ਅਧੀਨ ਉਹ ਸਾਰੇ ਭਾਰਤ ਨੂੰ ਦਾਰ-ਉਲ-ਇਸਲਾਮ (ਇਸਲਾਮ ਦੀ ਧਰਤੀ) ਬਣਾਉਣਾ ਚਾਹੁੰਦਾ ਸੀ। ਉਸ ਨੇ ਹਿੰਦੂਆਂ ਦੇ ਮੰਦਰ ਤੇ ਪਾਠਸ਼ਾਲਾਵਾਂ ਢਾਹੁਣ ਸੰਬੰਧੀ ਇੱਕ ਹੁਕਮ ਜਾਰੀ ਕੀਤਾ ਜਿਸ ਨੂੰ ਸਖ਼ਤੀ ਨਾਲ ਲਾਗੂ ਕਰਦਿਆਂ ਕਸ਼ਮੀਰ ਦੇ ਗਵਰਨਰ ਇਫਤਿਖਾਰ ਖਾਨ ਨੇ ਕਈ ਮੰਦਰ ਨੇਸਤ-ਓ-ਨਾਬੂਦ ਕਰ ਦਿੱਤੇ। ਇਸ ਹੁਕਮ ਅਨੁਸਾਰ ਭਾਰਤ ਦੇ ਹਿੰਦੂ ਇਸਲਾਮ ਧਰਮ ਮੰਨ ਕੇ ਹੀ ਜੀਅ ਸਕਦੇ ਸਨ। ਕਸ਼ਮੀਰੀ ਬ੍ਰਾਹਮਣ, ਕਿਰਪਾ ਰਾਮ ਦੀ ਅਗਵਾਈ ਵਿਚ, ਸ੍ਰੀ ਗੁਰੂ ਤੇਗ ਬਹਾਦਰ ਜੀ ਪਾਸ ਅਨੰਦਪੁਰ ਸਾਹਿਬ ਰੱਖਿਆ ਵਾਸਤੇ ਫਰਿਆਦ ਲਈ ਹਾਜ਼ਰ ਹੋਏ। ਗੁਰੂ ਜੀ ਨੇ ਉਨ੍ਹਾਂ ਦੇ ਨਾਮ ਤੇ ਰੂਪ ਨੂੰ ਅੱਖੋਂ ਓਹਲੇ ਕਰ ਕੇ, ਨਿਰਵੈਰ ਵਤੀਰਾ ਧਾਰਨ ਕਰਦੇ ਹੋਏ, ਇਕ ਮਹਾਨ ਜ਼ਿੰਮੇਵਾਰੀ ਦਾ ਰੋਲ ਅਦਾ ਕੀਤਾ ਤੇ ਆਪਣੀ ਸ਼ਹਾਦਤ ਦੇ ਕੇ ਉਨ੍ਹਾਂ ਦਾ ਧਰਮ ਬਚਾ ਲਿਆ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਨੁਸਾਰ ਗੁਰੂ ਜੀ ਦੀ ਸ਼ਹਾਦਤ ਨੇ ਇਕ ਮਹਾਨ ਇਤਿਹਾਸਿਕ ਕਾਰਨਾਮਾ ਕਰ ਵਿਖਾਇਆ ਤੇ ਗ਼ੁਲਾਮੀ ਵਿਰੁੱਧ ਸੰਘਰਸ਼ ਕਰਨ ਨੂੰ ਧਰਮ ਦੇ ਮਨੋਰਥ ਵਿਚ ਸ਼ਾਮਲ ਕੀਤਾ। ਉਨ੍ਹਾਂ ਨੇ ਕਿਸੇ ਕਿਸਮ ਦੀ ਕਰਾਮਾਤ ਨਹੀਂ ਦਿਖਾਈ ਕਿਉਂਕਿ ਅਜਿਹਾ ਕਰਮ ਧਰਮੀਆਂ ਨੂੰ ਸ਼ੋਭਾ ਨਹੀਂ ਦਿੰਦਾ। ਉਨ੍ਹਾਂ ਨੇ ਬਲਵਾਨ ਦ੍ਰਿੜ੍ਹਤਾ ਤੇ ਇੱਛਾ-ਸ਼ਕਤੀ ਦਾ ਪ੍ਰਗਟਾਵਾ ਕੀਤਾ ਤੇ ਇਹ ਸਾਬਤ ਕੀਤਾ ਕਿ ਸਥੂਲ ਸਿਰ ਤਾਂ ਕੱਟਿਆ ਜਾ ਸਕਦਾ ਹੈ ਪਰ ਸੂਖਮ ਸਿਰ ਅਰਥਾਤ ਵਿਚਾਰਧਾਰਿਕ ਸੋਚ ਨੂੰ ਕੱਟਿਆ ਨਹੀਂ ਜਾ ਸਕਦਾ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਨੁਸਾਰ ਇਹੋ ਜਿਹੀ ਮਹਾਨ ਕਿਰਿਆ ਕਿਸੇ ਹੋਰ ਪੀਰ-ਪੈਗ਼ੰਬਰ ਦੇ ਹਿੱਸੇ ਨਹੀਂ ਆਈ। ਜਿਵੇਂ:

*ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ॥*
*ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰ ਸੀ ਨ ਉਚਰੀ॥੧੩॥*
*ਧਰਮ ਹੇਤ ਸਾਕਾ ਜਿਨਿ ਕੀਆ॥ ਸੀਸੁ ਦੀਆ ਪਰ ਸਿਰਰੁ ਨ ਦੀਆ॥*
*ਨਾਟਕ ਚੇਟਕ ਕੀਏ ਕੁਕਾਜਾ॥ ਪ੍ਰਭ ਲੋਗਨ ਕਹ ਆਵਤ ਲਾਜਾ॥੧੪॥*

*ਦੋਹਰਾ*

*ਠੀਕਰਿ ਫੋਰਿ ਦਿਲੀਸਿ ਸਿਰਿ ਪ੍ਰਭ ਪੁਰ ਕੀਯਾ ਪਯਾਨ॥*
*ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ॥੧੫॥*
*ਤੇਗ ਬਹਾਦਰ ਕੇ ਚਲਤ ਭਯੋ ਜਗਤ ਕੋ ਸੋਕ॥*
*ਹੈ ਹੈ ਹੈ ਸਭ ਜਗ ਭਯੋ ਜੈ ਜੈ ਜੈ ਸੁਰ ਲੋਕ॥* *(ਬਚਿਤ੍ਰ ਨਾਟਕ)*

ਪ੍ਰਸਿੱਧ ਇਤਿਹਾਸਕਾਰ ਇੰਦੂ ਭੂਸ਼ਨ ਬੈਨਰਜੀ ਅਨੁਸਾਰ ਸਮੁੱਚਾ ਪੰਜਾਬ ਗੁੱਸੇ ਤੇ ਕ੍ਰੋਧ ਨਾਲ ਬਲ ਉਠਿਆ। ਨਾਮਵਰ ਲੇਖਕ ਸ੍ਰੀ ਹਰੀ ਰਾਮ ਗੁਪਤਾ ਅਨੁਸਾਰ ਪੰਜਾਬ ਵਿਚ ਇਕ ਤੂਫਾਨ ਉਠਿਆ ਜੋ ਮੁਗ਼ਲ ਰਾਜ ਨੂੰ ਪੱਤੇ ਦੀ ਤਰ੍ਹਾਂ ਉਡਾ ਕੇ ਲੈ ਗਿਆ। ਜੂਨ ੧੬੭੬ ਈ. ਨੂੰ ਲਾਲ ਕਿਲ੍ਹੇ ਵਿਚ ਘੋੜੇ 'ਤੇ ਸਵਾਰ ਔਰੰਗਜ਼ੇਬ ਵੱਲ ਕਿਸੇ ਵਿਅਕਤੀ ਵੱਲੋਂ ਸੋਟੀ ਵਗਾਹ ਕੇ ਮਾਰੀ ਗਈ। ੨੧ ਅਕਤੂਬਰ, ੧੬੭੬ ਈ. ਨੂੰ ਤਖ਼ਤ 'ਤੇ ਬੈਠੇ ਔਰੰਗੇ ਵੱਲ ਕਿਸੇ ਨੇ ਦੋ ਇੱਟਾਂ ਸੁੱਟੀਆਂ। ਆਮ ਜਨਤਾ ਵਿਚ ਇਸ ਤਰ੍ਹਾਂ ਦੇ ਪ੍ਰਤੀਕਰਮ ਲੋਕਾਂ ਦੇ ਰੋਹ ਦੇ ਪ੍ਰਤੀਕ ਸਨ ਤੇ ਨਿਕਟ ਭਵਿੱਖ ਵਿਚ ਕਿਸੇ ਮਹਾਨ ਤਬਦੀਲੀ ਦੇ ਸੂਚਕ ਸਨ। ਮੇਰੀ ਇੱਕ ਕਵਿਤਾ ਦੀਆਂ ਸਤਰ੍ਹਾਂ ਵੀ ਇਸ ਪ੍ਰਭਾਵ ਨੂੰ ਦਰਸਾਉਂਦੀਆਂ ਹਨ:-

*ਰਕਤ ਬੂੰਦਾਂ ਜਦ ਡਿੱਗੀਆਂ ਧਰਤ ਉੱਤੇ, ਸਭ ਜਿਮੀਂ ਅਸਥਾਨ ਤਰਥੱਲ ਹੋਈ।*
*ਹਰ ਗਲੀ ਬਜ਼ਾਰ ਤੇ ਸ਼ਹਿਰ ਅੰਦਰ, ਸਾਰੇ ਪਾਸੇ ਸ਼ਹੀਦੀ ਦੀ ਗੱਲ ਹੋਈ।*
*ਰੂਹ ਸੁੱਤੀ ਪੰਜਾਬ ਦੀ ਜਾਗ ਉੱਠੀ, ਪੰਜਾਂ ਪਾਣੀਆਂ ਵਿਚ ਹੱਲ ਚੱਲ ਹੋਈ।*
*ਜਨ-ਸ਼ਕਤੀ ਗੋਬਿੰਦ ਦੀ ਛੁਹ ਪਾ ਕੇ, ਪ੍ਰਗਟ ਰੂਪ ਹੋ ਖਾਲਸਾ ਦਲ ਹੋਈ।*
*ਇਸ ਦਲ ਨੇ ਦੁਸ਼ਮਣ ਨੂੰ ਠੱਲ ਪਾਈ, ਵੱਖਰੀ ਜ਼ਿੰਦਗੀ ਦੀ ਕੋਈ ਤੋਰ ਹੋ ਗਈ।*
*'ਵਾਸੂ' ਦੇਸ਼ ਵਿਚ ਵੱਸਦੇ ਹਿੰਦੀਆਂ ਦੀ, ਜ਼ਿੰਦਗੀ ਪਲਟ ਕੇ ਹੋਰ ਦੀ ਹੋਰ ਹੋ ਗਈ।*

## ਗੁਰਪੁਰਬਾਂ ਸਮੇਂ ਸਜਾਏ ਜਾਂਦੇ ਜਲੌ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਹੇਠ ਲਿਖੇ ਗੁਰਪੁਰਬਾਂ 'ਤੇ ਜਲੌ ਸਜਾਏ ਜਾਂਦੇ ਹਨ, ਦੀਪਮਾਲਾ ਤੇ ਆਤਿਸ਼ਬਾਜ਼ੀ ਕੀਤੀ ਜਾਂਦੀ ਹੈ:

* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਨਾਨਕ ਦੇਵ ਜੀ
* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਰਾਮਦਾਸ ਜੀ
* ਗੁਰਗੱਦੀ ਦਿਵਸ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ
* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ
* ਪਹਿਲਾ ਪ੍ਰਕਾਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ

***ਜਲੌ ਦਾ ਸਮਾਂ: ਸਵੇਰੇ ੯ ਤੋਂ ੧੨ ਵਜੇ ਦੁਪਹਿਰ ਤੀਕ।***

# ਸ਼੍ਰੋਮਣੀ ਕਮੇਟੀ ਖ਼ਬਰਨਾਮਾ

## ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਵਜੋਂ ਸੇਵਾ ਸੰਭਾਲੀ

ਸ੍ਰੀ ਅੰਨਦਪੁਰ ਸਾਹਿਬ-ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਨਵਨਿਯੁਕਤ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅੰਮ੍ਰਿਤ ਵੇਲੇ ਤਖ਼ਤ ਸਾਹਿਬ ਦੇ ਪੰਜ ਪਿਆਰੇ ਸਾਹਿਬਾਨ ਦੀ ਹਾਜ਼ਰੀ ਵਿੱਚ ਜਥੇਦਾਰ ਵਜੋਂ ਸੇਵਾ ਸੰਭਾਲੀ। ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ ਅੰਮ੍ਰਿਤ ਵੇਲੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪੁੱਜੇ ਜਿਸ ਉਪਰੰਤ ਉਹ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਏ। ਉਨ੍ਹਾਂ ਦੇ ਸੇਵਾ ਸੰਭਾਲ ਤੋ ਪਹਿਲਾਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਨੇ ਅਰਦਾਸ ਕੀਤੀ ਅਤੇ ਉਪਰੰਤ ਪੰਜ ਪਿਆਰੇ ਸਾਹਿਬਾਨ ਨੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਨੂੰ ਦਸਤਾਰ ਭੇਟ ਕੀਤੀ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਕੱਤਰ ਸ. ਪ੍ਰਤਾਪ ਸਿੰਘ ਅਤੇ ਤਖ਼ਤ ਸਾਹਿਬ ਦੇ ਮੈਨੇਜਰ ਸ. ਮਲਕੀਤ ਸਿੰਘ ਨੇ ਵੀ ਦਸਤਾਰਾਂ ਭੇਟ ਕੀਤੀਆਂ। ਇਸ ਦੌਰਾਨ ਤਖ਼ਤ ਸਾਹਿਬ ਵਿਖੇ ਗ੍ਰੰਥੀ ਸਿੰਘਾਂ ਵੱਲੋਂ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਨੂੰ ਸਿਰੋਪਾਓ ਵੀ ਭੇਟ ਕੀਤੇ ਗਏ।

ਇਸ ਦੌਰਾਨ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਨੇ ਮੌਜੂਦਾ ਪੰਥਕ ਹਾਲਾਤਾਂ ਦੇ ਮੱਦੇਨਜ਼ਰ ਸਮੂਹ ਸਿੱਖ ਜਗਤ ਨੂੰ ਇੱਕ ਨਿਸ਼ਾਨ ਹੇਠ ਇੱਕਜੁੱਟ ਹੋਣ ਦੀ ਅਪੀਲ ਕੀਤੀ। ਉਨ੍ਹਾਂ ਨੇ ਪੰਥ ਵੱਲੋਂ ਤਖ਼ਤ ਸਾਹਿਬ ਦੀ ਸੇਵਾ ਸੰਭਾਲ ਦਾ ਮਾਣ ਬਖਸ਼ਣ 'ਤੇ ਦਸਾਂ ਪਾਤਸ਼ਾਹੀਆਂ ਅਤੇ ਗੁਰੂ ਗ੍ਰੰਥ ਸਾਹਿਬ ਦਾ ਸ਼ੁਕਰਾਨਾ ਕੀਤਾ। ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਦੇ ਵੱਡੇ ਭਾਗ ਹਨ ਕਿ ਇੱਕ ਸਧਾਰਨ ਸਿੱਖ ਪਰਿਵਾਰ ਵਿੱਚ ਪੈਦਾ ਹੋ ਕੇ ਉਨ੍ਹਾਂ ਨੂੰ ਇੰਨੀ ਵੱਡੀ ਸੇਵਾ ਮਿਲੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਆਪਣਾ ਜੀਵਨ ਪਾਠੀ ਸਿੰਘ ਵਜੋਂ ਸ਼ੁਰੂ ਕਰਕੇ ਫਿਰ ਧਰਮ ਪ੍ਰਚਾਰ ਦੀ ਸੇਵਾ ਨੂੰ ਚੁਣਿਆ ਸੀ ਤੇ ਗੁਰੂ ਪੰਥ ਦੀ ਸੇਵਾ ਦੇ ਵਿੱਚ ਇੱਕ ਪ੍ਰਚਾਰਕ ਵਜੋਂ ਹੀ ਵਿਚਰਦੇ ਰਹਿਣਗੇ।

ਪੰਥ ਨੂੰ ਦਰਪੇਸ਼ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਮਸਲਿਆਂ ਬਾਰੇ ਗੱਲ ਕਰਦਿਆਂ ਗਿਆਨੀ ਕੁਲਦੀਪ ਸਿੰਘ ਨੇ ਕਿਹਾ ਕਿ ਸਾਡੇ ਬਹੁਤੇ ਮਸਲੇ ਗੁਰੂ ਦਰ ਨਾਲੋਂ ਟੁੱਟਣ ਕਾਰਨ ਪੈਦਾ ਹੋਏ ਹਨ। ਇਹ ਫਿਕਰਮੰਦੀ ਦੀ ਗੱਲ ਹੈ ਕਿ ਅੱਜ ਧਾਰਮਿਕ ਤੌਰ 'ਤੇ ਸਿੱਖਾਂ ਵਿੱਚ ਬੇਇਤਫਾਕੀ ਵਾਲਾ ਮਾਹੌਲ ਹੈ। ਸਾਡੇ ਵਿੱਚ ਧੜੇਬੰਦੀਆਂ ਤੇ ਵਿਚਾਰਧਾਰਕ ਵਖਰੇਵਿਆਂ ਨੇ ਵੱਡੇ ਮੁਫਾਦ ਪੈਦਾ ਕੀਤੇ ਹੋਏ ਹਨ। ਧਾਰਮਿਕ ਤੇ ਸਿਆਸੀ ਤੌਰ 'ਤੇ ਯੋਗ ਅਗਵਾਈ ਦੀ ਘਾਟ ਕਾਰਨ ਮਿਲ ਬੈਠ ਕੇ ਮਸਲਿਆਂ ਨੂੰ ਸੁਲਝਾਉਣ ਦੀ ਥਾਂ ਤੇ ਇੱਕ ਦੂਜੇ ਨੂੰ ਨੀਵਾਂ ਦਿਖਾਉਣ ਦੀ ਪ੍ਰਪਾਟੀ ਚੱਲ ਰਹੀ ਹੈ । ਅਜਿਹੇ ਬਿਖਮ ਸਮੇਂ ਵਿੱਚ ਗੁਰੂ 'ਤੇ ਵਿਸ਼ਵਾਸ ਰੱਖ ਕੇ ਮਿਲ ਬੈਠਣ ਦੇ ਵਸੀਲੇ ਬਣਾਉਣ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਸਿਆਸੀ ਤੌਰ 'ਤੇ ਸਿੱਖ ਪੰਥ ਵੱਡੇ ਹਮਲਿਆਂ ਦਾ ਸ਼ਿਕਾਰ ਹੈ ਜਿੱਥੇ ਇੱਕ ਪਾਸੇ

ਦੇਸ਼ ਵਿੱਚ ਘੱਟ ਗਿਣਤੀਆਂ ਵਿੱਚ ਡਰ ਦਾ ਮਾਹੌਲ ਪੈਦਾ ਕੀਤਾ ਗਿਆ ਹੈ ਉੱਥੇ ਹੀ ਰਾਜਸੀ ਤਾਕਤ ਨੂੰ ਵਰਤਦਿਆਂ ਸਿੱਖਾਂ ਦੇ ਖਿਲਾਫ ਕਾਲੇ ਕਾਨੂੰਨ ਅਤੇ ਯੂਏਪੀਏ, ਐੱਨਐੱਸਏ ਵਰਗੀਆਂ ਧਾਰਾਵਾਂ ਲਾ ਕੇ ਨੌਜਵਾਨੀ ਨੂੰ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਕੀਤਾ ਹੋਇਆ ਹੈ। ਦੇਸ਼ ਦੇ ਹੁਕਮਰਾਨ ੧੯੮੪ ਦੇ ਸਿੱਖ ਕਤਲੇਆਮ ਦਾ ੪੦ ਸਾਲ ਬੀਤ ਜਾਣ ਮਗਰੋਂ ਵੀ ਇਨਸਾਫ਼ ਦਵਾਉਣ ਵਿੱਚ ਵੀ ਨਕਾਮ ਰਹੇ ਹਨ। ਸਿੱਖਾਂ ਦੀ ਰਾਜਸੀ ਤਾਕਤ ਖਿੰਡੀ ਹੋਣ ਕਰਕੇ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖ ਬੰਦੀਆਂ ਨੂੰ ਤਾਂ ਕੋਈ ਜਮਾਨਤ ਨਹੀਂ ਮਿਲਦੀ ਪਰ ਕਿਸੇ ਸਿੱਖ ਵਿਰੋਧੀ ਝੂਠੇ ਡੇਰੇਦਾਰਾਂ ਨੂੰ ਨਿੱਤ ਦਿਹਾੜੇ ਲੰਮੀਆਂ ਛੁਟੀਆਂ ਦੇ ਕੇ ਸਿੱਖਾਂ ਨੂੰ ਤਪਾਇਆ ਜਾਂਦਾ ਹੈ।

ਗਿਆਨੀ ਕੁਲਦੀਪ ਸਿੰਘ ਨੇ ਕਿਹਾ ਕਿ ਪੰਜਾਬ ਦੀ ਸਿੱਖ ਅਬਾਦੀ ਨੂੰ ਇਥੋਂ ਭੱਜ ਜਾਣ ਲਈ ਮਜਬੂਰ ਕੀਤਾ ਜਾ ਰਿਹਾ ਹੈ ਤੇ ਬਦਲੇ ਵਿੱਚ ਗੈਰ ਪੰਜਾਬੀ ਅਬਾਦੀ ਨੂੰ ਧੜਾਧੜ ਵਸਾ ਕੇ ਸਿੱਖਾਂ ਨੂੰ ਪੰਜਾਬ ਵਿੱਚ ਘੱਟ ਗਿਣਤੀ ਬਣਾਉਣ ਦੀ ਗਹਿਰੀ ਸਾਜ਼ਸ਼ ਚੱਲ ਰਹੀ ਹੈ। ਉਨ੍ਹਾਂ ਕਿਹਾ ਪੰਜਾਬ ਦੇ ਸਿਆਸਤਦਾਨਾਂ ਨੂੰ ਕਿਸੇ ਡੇਰੇ ਦੀਆਂ ਜਾਂ ਪ੍ਰਵਾਸੀਆਂ ਦੀਆਂ ਕੁਝ ਹਜਾਰ ਵੋਟਾਂ ਦੀ ਤਾਂ ਫਿਕਰ ਹੈ ਪਰ ਇੱਥੇ ਵੱਸਦੇ ਲੱਖਾਂ ਸਿੱਖਾਂ ਦੀਆਂ ਵੋਟ ਨੂੰ ਉਹ ਕਿਸੇ ਖਾਤੇ ਨਹੀਂ ਗਿਣਦੇ ਇਸ ਦਾ ਵੱਡਾ ਕਾਰਨ ਇਹ ਹੈ ਕਿ ਅਸੀਂ ਬਹੁਤ ਹੀ ਬੁਰੀ ਤਰ੍ਹਾਂ ਵੰਡੇ ਹੋਏ ਹਾਂ।

ਗਿਆਨੀ ਕੁਲਦੀਪ ਸਿੰਘ ਨੇ ਕਿਹਾ ਕਿ ਸਮਾਜਿਕ ਤੌਰ 'ਤੇ ਅੱਜ ਸਿੱਖ ਸਮਾਜ ਕਈ ਗੰਭੀਰ ਰੋਗਾਂ ਦਾ ਸ਼ਿਕਾਰ ਹੋ ਚੁੱਕਾ ਹੈ ਜਿਸ ਵਿੱਚ ਸਾਡੀ ਨੌਜਵਾਨੀ ਨਸ਼ਿਆਂ ਦੇ ਆਪਾਘਾਤੀ ਰਾਹ ਪੈ ਕੇ ਮਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕਈ ਸਰਕਾਰਾਂ ਬਦਲ ਗਈਆਂ ਹਨ ਪਰ ਨਸ਼ੇ ਦਾ ਵਹਿਣ ਰੁਕਣ ਦੀ ਥਾਂ 'ਤੇ ਲਗਾਤਾਰ ਵੱਧ ਰਿਹਾ ਹੈ ਤੇ ਹਜ਼ਾਰਾਂ ਨੌਜਵਾਨ ਬੱਚੇ ਤੇ ਬੱਚੀਆਂ ਮੌਤ ਦੇ ਮੂੰਹ ਜਾ ਪਏ ਹਨ। ਪਦਾਰਥਵਾਦ ਤੇ ਧਰਮ ਤੋਂ ਟੁੱਟੇ ਹੋਏ ਸਮਾਜ ਵਿੱਚ ਅਜਿਹੇ ਔਗੁਣ ਪਨਪਣ ਲੱਗ ਪੈਂਦੇ ਹਨ ਜਿਨ੍ਹਾਂ ਦਾ ਇਲਾਜ ਕੇਵਲ ਧਰਮ ਹੈ। ਗਿਆਨੀ ਕੁਲਦੀਪ ਸਿੰਘ ਨੇ ਧਰਮ ਪਰਿਵਰਤਨ ਉੱਤੇ ਵੀ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇਨ੍ਹਾਂ ਸਾਰੀਆਂ ਸਮੱਸਿਆਵਾਂ ਦੇ ਹੱਲ ਲਈ ਜ਼ਮੀਨੀ ਪੱਧਰ ਉੱਤੇ ਅਸਰਦਾਰ ਧਰਮ ਪ੍ਰਚਾਰ ਲਹਿਰ ਦੀ ਜ਼ਰੂਰਤ ਹੈ, ਜਿਸ ਨੂੰ ਉਹ ਸਿੱਖ ਸੰਤਾਂ, ਮਹਾਂਪੁਰਖਾਂ, ਸੰਪਰਦਾਵਾਂ, ਗਿਆਨੀਆਂ ਅਤੇ ਵਿਦਵਾਨਾਂ ਦੀ ਮਦਦ ਨਾਲ ਪਹਿਲ ਦੇ ਅਧਾਰ 'ਤੇ ਸ਼ੁਰੂ ਕਰਨਗੇ।

ਉਨ੍ਹਾਂ ਕਿਹਾ ਕਿ ਸਾਨੂੰ ਅਠਾਰਵੀਂ ਸਦੀ ਦੇ ਬਿਖਮ ਪੈਂਡਿਆਂ ਵਿਚ ਸਿੱਖੀ ਨੂੰ ਆਪਣੇ ਮਨ ਬਚਨ ਤੇ ਕਰਮ ਨਾਲ ਨਿਭਾਉਣ ਵਾਲੇ ਮਹਾਨ ਗੁਰਸਿੱਖਾਂ ਤੋਂ ਸੇਧ ਲੈ ਕੇ ਉਨ੍ਹਾਂ ਵਰਗਾ ਜੀਵਨ ਧਾਰਨ ਕਰਨਾ ਪਵੇਗਾ। ਉਨ੍ਹਾਂ ਸਿੱਖ ਕਿਰਦਾਰ ਦੇ ਉਸਰਈਏ ਵੱਡੇ ਮਹਾਂਪੁਰਖਾਂ ਨੂੰ ਯਾਦ ਕਰਦਿਆਂ ਕਿਹਾ ਕਿ ਅੱਜ ਸਾਨੂੰ ਬਾਬਾ ਸਾਹਿਬ ਸਿੰਘ ਬੇਦੀ, ਅਕਾਲੀ ਜਥੇਦਾਰ ਫੂਲਾ ਸਿੰਘ, ਬਾਬਾ ਰਾਮ ਸਿੰਘ, ਸੰਤ ਅਤਰ ਸਿੰਘ ਮਸਤੂਆਣੇ ਵਾਲੇ, ਬਾਬਾ ਨੰਦ ਸਿੰਘ ਜੀ, ਸੰਤ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ, ਸੰਤ ਬਾਬਾ ਜਰਨੈਲ ਸਿੰਘ ਜੀ ਭਿੰਡਰਾਂ ਵਾਲੇ, ਸੰਤ ਬਾਬਾ ਹਰਨਾਮ ਸਿੰਘ ਜੀ ਰਾਮਪੁਰ ਖੇੜੇ ਵਾਲੇ, ਬਾਬਾ ਦਇਆ ਸਿੰਘ ਜੀ ਸੁਰ ਸਿੰਘ ਵਾਲੇ, ਭਾਈ ਕਾਨ੍ਹ ਸਿੰਘ ਨਾਭਾ, ਗਿਆਨੀ ਦਿੱਤ ਸਿੰਘ, ਭਾਈ ਵੀਰ ਸਿੰਘ ਅਤੇ ਪ੍ਰੋ. ਪੂਰਨ ਸਿੰਘ ਜਹੇ ਮਹਾਂਪੁਰਖਾਂ ਵਾਲਾ ਜੀਵਨ ਅਤੇ ਨਿਸ਼ਚਾ ਰੱਖ ਕੇ ਧਰਮ ਪ੍ਰਚਾਰ ਦੇ ਖੇਤਰ ਵਿੱਚ ਨਿਤਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਮੌਜੂਦਾ ਸਿੱਖ ਸਿਆਸਤਦਾਨਾਂ ਤੋਂ ਵੀ ੨੦ਵੀਂ ਸਦੀ ਦੇ ਅਕਾਲੀ ਲਹਿਰ ਦੇ ਆਗੂਆਂ ਵਾਲੇ ਜੀਵਨ ਅਤੇ ਕਿਰਦਾਰ ਦੀ ਤਵੱਕੋ ਕਰਦੇ ਹਾਂ।

ਪਿਛਲੇ ਸਮੇਂ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਸਬੰਧ ਵਿੱਚ ੨ ਦਸੰਬਰ ਨੂੰ ਸਿੰਘ ਸਾਹਿਬਾਨ ਵੱਲੋਂ ਲਏ ਫੈਸਲੇ ਬਾਰੇ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਨੇ ਕਿਹਾ ਕਿ ਅਕਾਲ ਤਖ਼ਤ ਸਾਹਿਬ ਤੋਂ ਗੁਰਮਤਿ ਦੀ ਰੋਸ਼ਨੀ ਵਿੱਚ ਨਿਕਲੇ ਹੁਕਮਨਾਮਿਆਂ ਨਾਲ ਕੋਈ ਛੇੜਛਾੜ

ਨਹੀਂ ਹੋ ਸਕਦੀ ਅਤੇ ਇਹੀ ਗੱਲ ੨ ਦਸੰਬਰ ਨੂੰ ਜਾਰੀ ਹੋਏ ਹੁਕਮਨਾਮਿਆਂ 'ਤੇ ਇੰਨ ਬਿੰਨ ਲਾਗੂ ਹੁੰਦੀ ਹੈ। ਸਬੰਧਤ ਧਿਰਾਂ ਨੂੰ ਤਕੀਦ ਕੀਤੀ ਜਾਂਦੀ ਹੈ ਕਿ ਉਹ ਇਸ ਸਬੰਧ ਵਿੱਚ ਇੱਕ ਦੂਜੇ ਪ੍ਰਤੀ ਕੁੜੱਤਣ ਭਰੀ ਬਿਆਨਬਾਜੀ ਤੋਂ ਗ਼ੁਰੇਜ਼ ਕਰਨ। ਉਨ੍ਹਾਂ ਕਿਹਾ ਕਿ ੨ ਦਸੰਬਰ ਦੇ ਫੈਸਲਿਆਂ ਵਿੱਚ ਇੱਕ ਅਹਿਮ ਫੈਸਲਾ ਪੰਥਕ ਏਕਤਾ ਦਾ ਵੀ ਕੀਤਾ ਗਿਆ ਸੀ ਜਿਸ ਸੰਬੰਧ ਵਿੱਚ ਦੋਵਾਂ ਧਿਰਾਂ ਵੱਲੋਂ ਹੁਣ ਤੱਕ ਕੋਈ ਉਦਮ ਨਹੀਂ ਕੀਤਾ ਗਿਆ। ਇਸ ਫੈਸਲੇ ਨੂੰ ਲਾਗੂ ਕਰਾਉਣ ਲਈ ਵੀ ਸਬੰਧਤ ਧਿਰਾਂ ਦੇ ਦਾਵਿਆਂ ਦੀ ਮੁੜ ਨਜ਼ਰਸਾਨੀ ਕੀਤੀ ਜਾਵੇਗੀ।

ਅੰਤ ਵਿੱਚ ਸਿੱਖ ਪੰਥ ਨੂੰ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਰੂਹ 'ਚੋਂ ਪ੍ਰਗਟ ਹੋਏ ਵਿਲੱਖਣ ਤਿਉਹਾਰ ਹੋਲੇ ਮਹੱਲੇ ਦੀ ਵਧਾਈ ਦਿੰਦਿਆਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਨੌਜਵਾਨਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉਹ ਗੁਰੂ ਪ੍ਰੇਮ ਵਿੱਚ ਭਿੱਜ ਕੇ ਹੋਲੇ ਮਹੱਲੇ ਦੀਆਂ ਰੌਣਕਾਂ ਵਿੱਚ ਵਾਧਾ ਕਰਨ ਤੇ ਇਸ ਤਿਉਹਾਰ ਨੂੰ ਸੇਵਾ ਸਿਮਰਨ ਸਿੱਖੀ ਦੇ ਜੋਸ਼ ਤੇ ਜਜ਼ਬੇ ਨਾਲ ਖਾਲਸੇ ਦੀ ਪਾਵਨ ਧਰਤੀ ਤੇ ਆ ਕੇ ਮਨਾਉਣ। ਉਨ੍ਹਾਂ ਪਤਿਤ ਨੌਜਵਾਨਾਂ ਨੂੰ ਤਾਕੀਦ ਕੀਤੀ ਕਿ ਉਹ ਇਸ ਖਾਸ ਮੌਕੇ ਤੇ ਸਿਰਾਂ 'ਤੇ ਰੁਮਾਲ ਆਦਿ ਬੰਨ੍ਹਣ ਦੀ ਥਾਂ ਦਸਤਾਰਾਂ ਸਜਾ ਕੇ ਹੀ ਸ੍ਰੀ ਅਨੰਦਪੁਰ ਸਾਹਿਬ ਦੇ ਰਾਹ ਤੁਰਨ। ਗਿਆਨੀ ਕੁਲਦੀਪ ਸਿੰਘ ਨੇ ਸਮੂਹ ਜਥੇਬੰਦੀਆਂ, ਦਲ ਪੰਥ, ਟਕਸਾਲਾਂ ਤੇ ਸਿੱਖ ਆਗੂਆਂ ਤੋਂ ਸਹਿਯੋਗ ਦੀ ਆਸ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਗੁਰਚਰਨ ਸਿੰਘ ਕੁਹਾਲਾ, ਚੀਫ਼ ਗੁਰਦੁਆਰਾ ਇੰਸਪੈਕਟਰ ਸ. ਜਗਦੀਸ਼ ਸਿੰਘ ਬੁੱਟਰ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਵਧੀਕ ਮੈਨੇਜਰ ਸ. ਹਰਦੇਵ ਸਿੰਘ ਆਦਿ ਮੌਜੂਦ ਸਨ। ੧੦ ਮਾਰਚ

# ਸਾਬਕਾ ਮੈਂਬਰ ਸ. ਨਿਰਮਲ ਸਿੰਘ ਭੜੋ ਦੇ ਅਕਾਲ ਚਲਾਣਾ ਕਰ ਜਾਣ 'ਤੇ ਸ਼੍ਰੋਮਣੀ ਕਮੇਟੀ ਅਹੁਦੇਦਾਰਾਂ ਨੇ ਕੀਤਾ ਦੁੱਖ ਪ੍ਰਗਟ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਸ. ਨਿਰਮਲ ਸਿੰਘ ਭੜੋ ਦੇ ਅਕਾਲ ਚਲਾਣਾ ਕਰ ਜਾਣ 'ਤੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ ਤੇ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਨੇ ਗਹਿਰੇ ਦੁੱਖ ਦਾ ਇਜਹਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਸ. ਨਿਰਮਲ ਸਿੰਘ ਭੜੋ ਨੇ ਸ਼੍ਰੋਮਣੀ ਕਮੇਟੀ ਮੈਂਬਰ ਰਹਿੰਦਿਆਂ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਅਹਿਮ ਕਾਰਜ ਕੀਤੇ। ਉਨ੍ਹਾਂ ਦਾ ਅਕਾਲ ਚਲਾਣਾ ਪਰਿਵਾਰ ਤੇ ਸਨੇਹੀਆਂ ਲਈ ਵੱਡਾ ਘਾਟਾ ਹੈ। ਸ਼੍ਰੋਮਣੀ ਕਮੇਟੀ ਅਹੁਦੇਦਾਰਾਂ ਨੇ ਸ. ਨਿਰਮਲ ਸਿੰਘ ਭੜੋ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਚਰਨਾ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ੧੦ ਮਾਰਚ

# ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਵਜੋਂ ਸੰਭਾਲੀ ਸੇਵਾ

ਅੰਮ੍ਰਿਤਸਰ- ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਨਵ-ਨਿਯੁਕਤ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਵਜੋਂ ਸੇਵਾ ਸੰਭਾਲ ਲਈ ਹੈ। ਇਸ ਦੌਰਾਨ ਜਥੇਦਾਰ ਗਿਆਨੀ ਕੁਲਦੀਪ ਸਿੰਘ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ

ਤਖ਼ਤ ਸਾਹਿਬ, ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਅਤੇ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਹੋਰ ਗੁਰ ਅਸਥਾਨਾਂ ਵਿਖੇ ਨਤਮਸਤਕ ਹੋਏ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਨੇ ਕੜਾਹ ਪ੍ਰਸ਼ਾਦ ਦੀ ਦੇਗ ਕਰਵਾਈ ਤੇ ਨਤਮਸਤਕ ਹੋਣ ਪੁੱਜੇ ਅਤੇ ਗੁਰਬਾਣੀ ਕੀਰਤਨ ਸਰਵਣ ਕੀਤਾ। ਇੱਥੇ ਉਨ੍ਹਾਂ ਨੂੰ ਸਿਰਪਾਓ ਤੇ ਪਤਾਸ਼ਿਆਂ ਦਾ ਪ੍ਰਸ਼ਾਦ ਦਿੱਤਾ ਗਿਆ। ਇਸ ਉਪਰੰਤ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਗਏ ਜਿੱਥੇ ਪੰਜ ਪਿਆਰੇ ਸਾਹਿਬਾਨ ਵੱਲੋਂ ਅਰਦਾਸ ਉਪਰੰਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਦਸਤਾਰ, ਸਿਰੋਪਾਓ ਅਤੇ ਫੁੱਲਾਂ ਦਾ ਸਿਹਰਾ ਦਿੱਤਾ ਗਿਆ। ਇਸ ਉਪਰੰਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਪੁੱਜੇ ਜਿੱਥੇ ਉਨ੍ਹਾਂ ਨੇ ਬਰਤਨ ਧੋਣ ਦੀ ਸੇਵਾ ਕੀਤੀ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸ. ਗੁਰਤਿੰਦਰਪਾਲ ਸਿੰਘ, ਸ. ਰਜਿੰਦਰ ਸਿੰਘ, ਸ. ਗੁਰਵਿੰਦਰ ਸਿੰਘ ਤੇ ਸ. ਜਸਪਾਲ ਸਿੰਘ ਹਾਜ਼ਰ ਰਹੇ। ੧੦ ਮਾਰਚ

# ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਦੇ ਸੇਵਾ ਸੰਭਾਲ ਸਬੰਧੀ ਸਮਾਗਮ ਬਾਰੇ ਸ਼੍ਰੋਮਣੀ ਕਮੇਟੀ ਦਾ ਪ੍ਰਤੀਕਰਮ

## ਸ਼੍ਰੋਮਣੀ ਕਮੇਟੀ ਨੇ ਟਕਰਾਅ ਤੋਂ ਬਚਣ ਲਈ ਕੀਤਾ ਸੰਖੇਪ ਸਮਾਗਮ- ਸਕੱਤਰ ਸ਼੍ਰੋਮਣੀ ਕਮੇਟੀ

ਅੰਮ੍ਰਿਤਸਰ-ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਨਵ-ਨਿਯੁਕਤ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਦੇ ਸੇਵਾ ਸੰਭਾਲਣ ਬਾਰੇ ਕੀਤੇ ਜਾ ਰਹੇ ਗੁੰਮਰਾਹਕੁੰਨ ਪ੍ਰਚਾਰ ਸਬੰਧੀ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਪੰਥਕ ਹਾਲਾਤਾਂ ਦੇ ਮੱਦੇਨਜ਼ਰ ਆਪਸੀ ਟਕਰਾਅ ਤੋਂ ਬਚਣ ਲਈ ਜਥੇਦਾਰ ਸਾਹਿਬ ਦਾ ਸੇਵਾ ਸੰਭਾਲ ਸਮਾਗਮ ਸੰਖੇਪ ਰੂਪ ਵਿਚ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਜਥੇਬੰਦੀਆਂ ਦਾ ਸਤਿਕਾਰ ਕਰਦੀ ਹੈ ਅਤੇ ਇਹ ਹਰਗਿਜ ਨਹੀਂ ਚਾਹੁੰਦੀ ਕਿ ਸਿੱਖਾਂ ਵਿਚ ਆਪਸੀ ਟਕਰਾਅ ਵਾਲੀ ਸਥਿਤੀ ਬਣੇ। ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਵੱਲੋਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਨਿਯੁਕਤ ਕੀਤੇ ਗਿਆਨੀ ਕੁਲਦੀਪ ਸਿੰਘ ਦੇ ਸੇਵਾ ਸੰਭਾਲਣ ਦਾ ਸਮਾਗਮ ੧੦ ਮਾਰਚ ਨੂੰ ਰੱਖਿਆ ਗਿਆ ਸੀ, ਪ੍ਰੰਤੂ ਕੁਝ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਵਿਰੋਧ ਕਰਨ ਅਤੇ ਪ੍ਰਸ਼ਾਸਨ ਵੱਲੋਂ ਮਾਹੌਲ ਖ਼ਰਾਬ ਹੋਣ ਦੀਆਂ ਰਿਪੋਰਟਾਂ ਕਰਕੇ ਇਹ ਸਮਾਗਮ ਸੰਖੇਪ ਰੂਪ ਵਿਚ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਅੰਮ੍ਰਿਤ ਵੇਲੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪਹੁੰਚੇ ਸਨ, ਜਿਨ੍ਹਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਵੱਲੋਂ ਅਰਦਾਸ ਕਰਨ ਉਪਰੰਤ ਪੰਜ ਪਿਆਰੇ ਸਾਹਿਬਾਨ ਵੱਲੋਂ ਦਸਤਾਰ ਭੇਟ ਕੀਤੀ। ਇਸ ਮਗਰੋਂ ਸਿੰਘ ਸਾਹਿਬ ਤਖਤ ਸ੍ਰੀ ਕੇਸਗੜ ਸਾਹਿਬ ਵਿਖੇ ਮੱਥਾ ਟੇਕਣ ਪੁੱਜੇ ਅਤੇ ਅੰਮ੍ਰਿਤ ਵੇਲੇ ਪਹਿਲੀ ਅਰਦਾਸ ਵਿਚ ਸ਼ਾਮਲ ਹੋਏ। ਇਸ ਸਮੇਂ ਵੱਡੀ ਗਿਣਤੀ ਵਿਚ ਸੰਗਤਾਂ ਵੀ ਤਖ਼ਤ ਸਾਹਿਬ ਵਿਖੇ ਮੌਜੂਦ ਸਨ। ਉਨ੍ਹਾਂ ਕਿਹਾ ਕਿ ਇਹ ਗੱਲ ਬਿਲਕੁਲ ਗ਼ਲਤ ਹੈ ਕਿ ਜਥੇਦਾਰ ਸਾਹਿਬ ਦੇ ਤਖ਼ਤ ਸਾਹਿਬ 'ਤੇ ਜਾਣ ਸਮੇਂ ਸ਼ਸਤਰ ਵੀ ਸੁਭਾਇਮਾਨ ਨਹੀਂ ਸਨ। ਜਥੇਦਾਰ ਸਾਹਿਬ ਜਦੋਂ ਤਖ਼ਤ ਸਾਹਿਬ 'ਤੇ ਨਤਮਸਤਕ ਹੋਣ ਗਏ ਸਨ, ਉਸ ਸਮੇਂ ਅੰਮ੍ਰਿਤ ਵੇਲੇ ਦੀ ਸੇਵਾ ਉਪਰੰਤ ਵਿਛਾਈ ਕਰਕੇ ਇਤਿਹਾਸਕ ਸ਼ਸਤਰ ਸਜਾਏ ਜਾ ਚੁੱਕੇ ਸਨ।

ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਲਾ ਮਹੱਲਾ ਕੌਮੀ ਜਾਹੋ-ਜਲਾਲ ਨਾਲ ਮਨਾਇਆ ਜਾਂਦਾ ਹੈ ਅਤੇ ਇਨ੍ਹਾਂ ਸਮਾਗਮਾਂ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਦੀ ਮੌਜੂਦਗੀ ਜ਼ਰੂਰੀ ਹੁੰਦੀ ਹੈ। ਇਸੇ ਦੇ ਮੱਦੇਨਜ਼ਰ ਸੇਵਾ ਸੰਭਾਲ ਸਮਾਗਮ ਰੱਖਿਆ ਗਿਆ ਸੀ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਗੁੰਮਰਾਹਕੁੰਨ ਪ੍ਰਚਾਰ ਤੋਂ ਸੁਚੇਤ ਰਿਹਾ ਜਾਵੇ। ੧੧ ਮਾਰਚ

# ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸੰਮਤ ਨਾਨਕਸ਼ਾਹੀ ੫੫੭ ਦੀ ਆਮਦ ਉੱਤੇ ਸਿੱਖ ਜਗਤ ਨੂੰ ਸੰਦੇਸ਼ ਜਾਰੀ

ਸ੍ਰੀ ਅਨੰਦਪੁਰ ਸਾਹਿਬ-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਪੰਥ ਦੇ ਨਵੇਂ ਸਾਲ ਨਾਨਕਸ਼ਾਹੀ ਸੰਮਤ ੫੫੭ ਦੀ ਆਮਦ ਉੱਤੇ ਸਿੱਖ ਜਗਤ ਨੂੰ ਵਧਾਈ ਦਿੰਦਿਆਂ ਇੱਕ ਵਿਸ਼ੇਸ਼ ਸੰਦੇਸ਼ ਜਾਰੀ ਕੀਤਾ ਹੈ। ਉਨ੍ਹਾਂ ਕਿਹਾ ਕਿ ਇੱਕ ਚੇਤ ਤੋਂ ਨਾਨਕਸ਼ਾਹੀ ਸੰਮਤ ੫੫੭ ਨਵੇਂ ਸਾਲ ਦਾ ਆਰੰਭ ਹੋ ਰਿਹਾ ਹੈ। ਗੁਰਬਾਣੀ ਮੁਤਾਬਕ ਚੇਤ ਦੇ ਮਹੀਨੇ ਤੋਂ ਸਿੱਖਾਂ ਦਾ ਨਵਾਂ ਸਾਲ ਆਰੰਭ ਹੁੰਦਾ ਹੈ। ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਤੁਖਾਰੀ ਰਾਗ ਅਤੇ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਮਾਂਝ ਰਾਗ ਵਿੱਚ ਬਾਰਹ ਮਾਹਾ ਦੀ ਬਖ਼ਸ਼ਿਸ਼ ਕਰਕੇ ਰੁੱਤਾਂ ਦੇ ਬਦਲਣ ਦਾ ਮਨੁੱਖੀ ਮਨ ਦੀਆਂ ਭਿੰਨ ਅਵਸਥਾਵਾਂ ਜਿਵੇਂ ਕੇ ਖੇੜਾ, ਬਿਰਹਾ, ਵੈਰਾਗ ਨਾਲ ਗੂੜਾ ਸਬੰਧ ਦਰਸਾਇਆ ਹੈ। ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਵੀ ਆਪਣੀ ਬਾਣੀ ਵਿੱਚ ਬਾਰਹ ਮਾਹਾ ਦਾ ਉਚਾਰਨ ਕੀਤਾ ਹੈ, ਜਿਸ ਵਿੱਚ ਉਨ੍ਹਾਂ ਵੈਰਾਗ ਤੋਂ ਅਨੁਰਾਗ ਤੱਕ ਦਾ ਸਫ਼ਰ ਦਰਸਾਇਆ ਹੈ। ਇਸ ਧਰਤੀ 'ਤੇ ਜਨਮੇ ਮਨੁੱਖ ਦੇ ਮਨ ਦੇ ਭਾਵ ਵੀ ਇਨ੍ਹਾਂ ਦੇਸੀ ਮਹੀਨਿਆਂ ਦੇ ਨਾਲ ਹੀ ਪ੍ਰਗਟ ਹੁੰਦੇ ਹਨ। ਸਾਡਾ ਇਹ ਨਵਾਂ ਸਾਲ ਆਉਣ ਵਾਲੇ ਦਿਨਾਂ ਵਿੱਚ ਫਸਲਾਂ ਦੇ ਪੱਕਣ, ਰਿਜ਼ਕ ਘਰੇ ਆਉਣ ਅਤੇ ਖੁਸ਼ਹਾਲੀ ਦੇ ਸੰਕੇਤ ਦਿੰਦਾ ਹੈ। ਗੁਰੂ ਸਾਹਿਬਾਨ ਦੀ ਵਰੋਸਾਈ ਸਾਡੀ ਇਸ ਮਹਾਨ ਧਰਤੀ ਉੱਤੇ ਇਨਾਂ ਬਾਰਾਂ ਮਹੀਨਿਆਂ ਦੌਰਾਨ ਛੇ ਰੁੱਤਾਂ ਆਉਂਦੀਆਂ ਹਨ।

ਉਨ੍ਹਾਂ ਕਿਹਾ ਕਿ ਗੁਰਬਾਣੀ ਅਨੁਸਾਰ ਇਹ ਚੇਤ ਦਾ ਮਹੀਨਾ ਗੋਵਿੰਦ ਦੀ ਅਰਾਧਨਾ ਕਰਨ ਦਾ ਸੁਨੇਹਾ ਦਿੰਦਾ ਹੈ। ਪਰਮਾਤਮਾ ਦੀ ਅਰਾਧਨਾ ਵਿੱਚ ਜੋ ਆਨੰਦ ਹੈ ਉਹ ਕਿਤੇ ਵੀ ਨਹੀਂ। ਅੱਜ ਨਵੇਂ ਸਾਲ ਦੇ ਆਗਮਨ ਮੌਕੇ ਸਾਨੂੰ ਇਸ ਗੱਲ ਵੱਲ ਧਿਆਨ ਕਰਨਾ ਚਾਹੀਦਾ ਹੈ ਕਿ ਜੋ ਲੋਕ ਆਪਣੇ ਧਰਮ, ਬੋਲੀ, ਸੱਭਿਆਚਾਰ, ਪਹਿਰਾਵੇ ਅਤੇ ਆਪਣੀ ਧਰਤੀ ਦੇ ਰਹਿਣ ਸਹਿਣ ਤੋਂ ਮੂੰਹ ਮੋੜ ਲੈਂਦੇ ਹਨ, ਸਮੇਂ ਦੀ ਭੀੜ ਵਿੱਚ ਗੁਆਚ ਜਾਂਦੇ ਹਨ। ਜਿਸ ਖੁਸ਼ੀ ਨਾਲ ਅਸੀਂ ਅੰਗ੍ਰੇਜ਼ੀ ਕਲੰਡਰ ਅਨੁਸਾਰ ਨਵਾਂ ਸਾਲ ਗੁਰੂ ਘਰਾਂ ਵਿੱਚ ਸ਼ਿਰਕਤ ਕਰਕੇ ਮਨਾਉਂਦੇ ਹਾਂ, ਸਾਨੂੰ ਆਪਣੇ ਇਸ ਨਵੇਂ ਸਾਲ ਨੂੰ ਉਸ ਨਾਲੋਂ ਵੀ ਵੱਧ ਅਕੀਦਤ ਅਤੇ ਭਾਵਨਾ ਨਾਲ ਮਨਾਉਣਾ ਚਾਹੀਦਾ ਹੈ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਸ ਸਾਲ ਅਸੀਂ ਸ੍ਰਿਸ਼ਟੀ ਦੀ ਚਾਦਰ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਉਨ੍ਹਾਂ ਦੇ ਅਨਿੰਨ ਸਿੱਖ ਭਾਈ ਦਿਆਲਾ ਜੀ, ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਦਾ ੩੫੦ਵਾਂ ਸ਼ਹੀਦੀ ਦਿਹਾੜਾ ਮਨਾ ਰਹੇ ਹਾਂ। ਇਸ ਸ਼ਤਾਬਦੀ ਦੀ ਮਹੱਤਤਾ ਉਦੋਂ ਹੋਰ ਵੀ ਵੱਧ ਜਾਂਦੀ ਹੈ ਜਦੋਂ ਸਿੱਖ ਪੰਥ ਅੱਜ ਵੀ ਮਨੁੱਖੀ ਅਧਿਕਾਰਾਂ ਦੇ ਹਨਨ ਖਿਲਾਫ਼ ਉਸੇ ਹੀ ਸ਼ਿੱਦਤ ਨਾਲ ਸੰਘਰਸ਼ਸ਼ੀਲ ਹੈ। ਅੱਜ ਸਾਡੇ ਜੁਝਾਰੂ ਸਿੰਘ ਲੰਮੇ ਸਮੇਂ ਤੋਂ

ਹਕੂਮਤਾਂ ਦੇ ਬੰਦੀ ਖਾਨਿਆਂ ਵਿੱਚ ਕੈਦ ਹਨ, ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਉਨ੍ਹਾਂ ਦੇ ਅਨਿੰਨ ਸਿੱਖਾਂ ਦੀਆਂ ਸ਼ਹਾਦਤਾਂ ਨੂੰ ਯਾਦ ਕਰਦਿਆਂ ਸਾਨੂੰ ਬੰਦੀ ਸਿੰਘਾਂ ਦੀ ਰਿਹਾਈ ਲਈ ਲਾਮਬੰਦ ਹੋਣਾ ਚਾਹੀਦਾ।

ਉਨ੍ਹਾਂ ਅੱਗੇ ਕਿਹਾ ਕਿ ਕਲਗੀਧਰ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ੩੫੦ਵਾਂ ਗੁਰਿਆਈ ਦਿਵਸ ਵੀ ਇਸੇ ਸਾਲ ਹੀ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿੱਚ ਅਨੰਦਪੁਰ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪੰਥ ਦੀਆਂ ਸਮੂਹ ਜਥੇਬੰਦੀਆਂ ਵੱਲੋਂ ਸੰਗਤ ਦੇ ਸਹਿਯੋਗ ਨਾਲ ਵਿਸ਼ੇਸ਼ ਸਮਾਗਮ ਉਲੀਕੇ ਗਏ ਹਨ। ਉਨ੍ਹਾਂ ਕਿਹਾ ਕਿ ਅਨੰਦਾਂ ਦੀ ਪੁਰੀ ਸ੍ਰੀ ਅਨੰਦਪੁਰ ਸਾਹਿਬ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦਾ ਸੇਵਾਦਾਰ ਹੋਣ ਦੇ ਨਾਤੇ, ਉਹ ਸਭ ਸੰਗਤਾਂ ਨੂੰ, ਆਪਣੀ ਧਰਤੀ, ਵਿਰਸੇ ਅਤੇ ਧਰਮ ਦੀ ਖ਼ੂਬਸੂਰਤੀ ਨੂੰ ਦਰਸਾਉਂਦੇ ਨਵੇਂ ਨਾਨਕਸ਼ਾਹੀ ਸਾਲ ਸੰਮਤ ▯▯▯ ਦੀ ਵਧਾਈ ਦਿੰਦੇ ਹਨ। ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਆਪਣੇ ਸੋਹਣੇ ਖ਼ਾਲਸਾ ਪੰਥ ਦੀ ਸਦੀਵੀ ਚੜ੍ਹਦੀ ਕਲਾ ਲਈ, ਤਨ ਮਨ ਧਨ ਨਾਲ ਸੇਵਾ ਕਰਨ ਦਾ ਬਲ ਬਖਸ਼ਣ।

ਸਿੱਖ ਕੌਮ ਦੇ ਜਰਨੈਲ ਜਥੇਦਾਰ ਅਕਾਲੀ ਫੂਲਾ ਸਿੰਘ ਦੇ ਸ਼ਹੀਦੀ ਦਿਹਾੜੇ ਮੌਕ ਉਨ੍ਹਾਂ ਨੂੰ ਯਾਦ ਕਰਦਿਆਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼ਹੀਦ ਕੌਮ ਦੇ ਨਾਇਕ ਅਤੇ ਯੋਧੇ ਹਨ। ਉਨ੍ਹਾਂ ਕਿਹਾ ਕਿ ਜੇਕਰ ਸਿੱਖਾਂ ਨੇ ਆਪਣੀ ਅਣਖ ਨੂੰ, ਗੈਰਤ ਨੂੰ ਕਾਇਮ ਰੱਖਣਾ ਹੈ ਤਾਂ ਇਤਿਹਾਸ ਨੂੰ ਚੇਤੇ ਰੱਖਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਅੱਜ ਜਥੇਦਾਰ ਅਕਾਲੀ ਫੂਲਾ ਸਿੰਘ ਜਿਹਾ ਨਿਸਚਾ ਅਰਦਾਸ ਵਿੱਚ ਰੱਖਣ ਦੀ ਲੋੜ ਹੈ, ਜਿਨ੍ਹਾਂ ਨੇ ਅਰਦਾਸ ਵਿੱਚ ਭਰੋਸਾ ਕਰਦਿਆਂ ਅਟਕ ਦਰਿਆ ਨੂੰ ਪਾਰ ਕੀਤਾ ਤੇ ਸਿੱਖਾਂ ਦੀ ਚੜ੍ਹਦੀ ਕਲਾ ਕੀਤੀ। ਉਨ੍ਹਾਂ ਕਿਹਾ ਕਿ ਅੱਜ ਵੀ ਖ਼ਾਲਸਾ ਪੰਥ ਦੇ ਸਾਹਮਣੇ ਬੜੀਆਂ ਚੁਣੌਤੀਆਂ ਹਨ ਅਤੇ ਇਨ੍ਹਾਂ ਚੁਣੌਤੀਆਂ ਨੂੰ ਨਜਿੱਠਣ ਲਈ ਸਾਨੂੰ ਇੱਕਜੁੱਟਤਾ ਨਾਲ ਗੁਰੂ ਦਰ ਉੱਤੇ ਆ ਕੇ ਅਰਦਾਸ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਦੁਨੀਆ ਦਾ ਕੋਈ ਅਟਕ ਸਿੱਖਾਂ ਉੱਤੇ ਰੋਕ ਨਹੀਂ ਲਗਾ ਸਕਦਾ ਜੇਕਰ ਅਸੀਂ ਬਾਣੀ ਤੇ ਬਾਣੇ ਦੇ ਨਾਲ ਜੁੜੇ ਹੋਵਾਂਗੇ। ਉਨ੍ਹਾਂ ਕਿਹਾ ਕਿ ਅੱਜ ਦੀ ਸਿੱਖ ਨੌਜਵਾਨੀ ਨੂੰ ਅਕਾਲੀ ਬਾਬਾ ਫੂਲਾ ਸਿੰਘ ਜੀ ਦੇ ਨਾਲ-ਨਾਲ ਹੋਰ ਸਿੱਖ ਸ਼ਹੀਦਾਂ ਤੇ ਸਾਹਿਬਜ਼ਾਦਿਆਂ ਨੂੰ ਆਪਣਾ ਨਾਇਕ ਮੰਨਦਿਆਂ ਉਨ੍ਹਾਂ ਨੂੰ ਆਪਣੇ ਚਿੱਤ ਵਿੱਚ ਰੱਖਣਾ ਚਾਹੀਦਾ ਹੈ, ਜਿਨ੍ਹਾਂ ਨੇ ਸਿੱਖ ਕੌਮ ਦੀ ਚੜ੍ਹਦੀ ਕਲਾ ਦੇ ਲੀ ਸ਼ਹਾਦਤਾਂ ਦਿੱਤੀਆਂ। ੧੪ ਮਾਰਚ

# ਸ਼੍ਰੋਮਣੀ ਕਮੇਟੀ ਵੱਲੋਂ ਨਵੇਂ ਵਰ੍ਹੇ ਨਾਨਕਸ਼ਾਹੀ ਸੰਮਤ 557 ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਾਨਕਸ਼ਾਹੀ ਸੰਮਤ ੫੫੭ ਦੀ ਆਮਦ 'ਤੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਰੂਪ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਬਲਵਿੰਦਰ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸਰਵਣ ਕਰਵਾਇਆ। ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨੂੰ ਨਵੇਂ ਵਰ੍ਹੇ ਦੀ ਵਧਾਈ ਦਿੰਦਿਆਂ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਕੀਤੀ।

ਨਾਨਕਸ਼ਾਹੀ ਸੰਮਤ ੫੫੭ ਨਵੇਂ ਵਰ੍ਹੇ ਦੀ ਆਮਦ ਸਬੰਧੀ ਬੀਤੀ ਰਾਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ

ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਹੋਏ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸਿੰਘ ਸਾਹਿਬਾਨ ਨੇ ਸੰਗਤ ਨੂੰ ਗੁਰ-ਇਤਿਹਾਸ ਨਾਲ ਜੋੜਿਆ। ਸਮਾਗਮ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸੰਗਤ ਨੂੰ ਸੰਮਤ ਨਾਨਕਸ਼ਾਹੀ ੫੫੭ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਗੁਰਬਾਣੀ ਸਿੱਖ ਦੇ ਜੀਵਨ ਦਾ ਆਧਾਰ ਹੈ, ਸਿੱਖ ਨੂੰ ਹਮੇਸ਼ਾਂ ਗੁਰਬਾਣੀ ਦੀ ਸੇਧ ਵਿਚ ਜੀਵਨ ਬਤੀਤ ਕਰਨਾ ਚਾਹੀਦਾ ਹੈ। ਉਨ੍ਹਾਂ ਸੰਗਤ ਨੂੰ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰੂ ਵਾਲੇ ਬਣਨ ਲਈ ਵੀ ਪ੍ਰੇਰਿਆ ਅਤੇ ਕੌਮ ਨੂੰ ਨਾਨਕਸ਼ਾਹੀ ਕੈਲੰਡਰ ਅਨੁਸਾਰ ਦਿਹਾੜੇ ਮਨਾਉਣ ਦੀ ਅਪੀਲ ਕੀਤੀ।

ਇਸੇ ਦੌਰਾਨ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਸੰਗਤ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਉਨ੍ਹਾਂ ਕਿਹਾ ਕਿ ਹਰ ਸਿੱਖ ਆਪਣੇ ਘਰ ਵਿਚ ਨਾਨਕਸ਼ਾਹੀ ਕੈਲੰਡਰ ਲਗਾਏ ਤਾਂ ਜੋ ਸਾਡੇ ਬੱਚੇ ਸਿੱਖ ਇਤਿਹਾਸ ਦੇ ਦਿਹਾੜਿਆਂ ਤੋਂ ਜਾਣੂ ਹੋ ਸਕਣ। ਦੇਰ ਰਾਤ ਤੱਕ ਚਲੇ ਗੁਰਮਤਿ ਸਮਾਗਮ 'ਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਗੁਰਮੇਲ ਸਿੰਘ, ਸ਼ਹੀਦ ਸਿੱਖ ਮਿਸ਼ਨਰੀ ਕਾਲਜ ਦੇ ਪ੍ਰੋਫੈਸਰ ਡਾ. ਜਤਿੰਦਰ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਢਾਡੀ ਭਾਈ ਗੁਰਭੇਜ ਸਿੰਘ ਚਵਿੰਡਾ, ਕਵੀਸ਼ਰ ਭਾਈ ਸਤਨਾਮ ਸਿੰਘ ਬੱਦੋਵਾਲ ਦੇ ਜਥਿਆਂ ਨੇ ਗੁਰ-ਇਤਿਹਾਸ ਦੀ ਸਾਂਝ ਪਾਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸਾਬਕਾ ਗ੍ਰੰਥੀ ਗਿਆਨੀ ਜਸਵਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਰਜਿੰਦਰ ਸਿੰਘ ਰੂਬੀ, ਸ. ਬਿਕਰਮਜੀਤ ਸਿੰਘ ਝੰਗੀ, ਸ. ਜਸਪਾਲ ਸਿੰਘ ਢੱਡੇ, ਸ. ਯੁਵਰਾਜ ਸਿੰਘ, ਮੀਤ ਮੈਨੇਜਰ ਸ. ਜਸਬੀਰ ਸਿੰਘ, ਸ. ਅਜੈ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੧੪ ਮਾਰਚ

# ਖ਼ਾਲਸਾਈ ਸ਼ਾਨ ਤੇ ਜਾਹੋ-ਜਲਾਲ ਨਾਲ ਸੰਪੰਨ ਹੋਏ ਹੋਲਾ ਮਹੱਲਾ ਦੇ ਸਮਾਗਮ

## ਵਿਸਾਖੀ ਨੂੰ ਗ਼ਰੀਬ ਸਿੱਖਾਂ ਦੇ ਘਰ ਤੋਂ ਧਰਮ ਪ੍ਰਚਾਰ ਦੀ ਲਹਿਰ ਸ਼ੁਰੂ ਕਰਾਂਗੇ- ਜਥੇਦਾਰ ਗੜਗੱਜ

## ਸ਼੍ਰੋਮਣੀ ਕਮੇਟੀ ਨਵੀਂ ਸਿਖਿਆ ਨੀਤੀ ਦੀ ਪੜਚੋਲ ਲਈ ਕਰੇ ਅਕਾਦਮਿਕ ਵਿਦਵਾਨਾਂ ਦੀ ਬੈਠਕ- ਜਥੇਦਾਰ ਗੜਗੱਜ

ਸ੍ਰੀ ਅਨੰਦਪੁਰ ਸਾਹਿਬ-ਖ਼ਾਲਸਾਈ ਸ਼ਾਨ ਤੇ ਜਾਹੋ-ਜਲਾਲ ਦੇ ਪ੍ਰਤੀਕ ਹੋਲਾ ਮਹੱਲਾ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਲੱਖਾਂ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਹੋਲੇ ਮਹੱਲੇ ਸਬੰਧੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਵੱਖ ਵੱਖ ਜਥਿਆਂ ਵਲੋਂ ਗੁਰਬਾਣੀ ਕੀਰਤਨ ਤੇ ਕਥਾ ਵਿਚਾਰਾਂ ਰਾਹੀਂ ਹਾਜ਼ਰੀ ਭਰੀ ਗਈ। ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਸਮੇਤ ਨਿਹੰਗ ਸਿੰਘ ਦਲ ਪੰਥਾਂ ਅਤੇ ਵੱਖ-ਵੱਖ ਜਥੇਬੰਦੀਆਂ ਦੇ ਆਗੂ ਮੌਜੂਦ ਰਹੇ।

ਇਸ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕੌਮ ਨੂੰ ਪੰਥਕ ਏਕਤਾ ਦਾ ਸੰਦੇਸ਼ ਦਿੰਦਿਆਂ ਐਲਾਨ ਕੀਤਾ ਕਿ ਆਉਣ ਵਾਲੀ ਵਿਸਾਖੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਝੰਡੇ ਹੇਠ ਗ਼ਰੀਬ ਸਿੱਖਾਂ ਦੇ ਘਰਾਂ ਤੋਂ ਧਰਮ ਪ੍ਰਚਾਰ ਲਹਿਰ ਅਰੰਭੀ ਜਾਵੇਗੀ। ਉਨ੍ਹਾਂ ਗੁਰਮੁਖੀ ਪੰਜਾਬੀ ਨੂੰ ਚੁਣੌਤੀਆਂ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤਾਕੀਦ ਕੀਤੀ ਕਿ ਕੇਂਦਰ ਸਰਕਾਰ ਦੀ ਨਵੀਂ ਸਿਖਿਆ ਨੀਤੀ ਦੀ ਪੜਚੋਲ ਕਰਨ ਲਈ ਅਕਾਦਮਿਕ ਵਿਦਵਾਨਾਂ ਦੀ ਬੈਠਕ ਬੁਲਾ ਕੇ ਇਹ ਦੱਸਿਆ ਜਾਵੇ ਕਿ ਪੰਜਾਬ ਦੇ ਸਦੰਰਭ ਵਿੱਚ ਇਸ ਨੀਤੀ ਅੰਦਰ ਕੀ ਕੀ ਸੁਧਾਰ ਲੋੜੀਂਦੇ ਹਨ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਦੇਸ਼ ਅੰਦਰ ਗੁਲਾਮੀ ਦੀਆਂ ਜ਼ੰਜੀਰਾਂ ਨੂੰ ਕੱਟਣ ਦੇ ਲਈ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਸਾਡੇ ਅੰਦਰ ਅਣਖ, ਗੈਰਤ ਅਤੇ ਸਵੈਮਾਨ ਭਰ ਕੇ ਸਾਨੂੰ ਵਿਲੱਖਣ ਅਤੇ ਨਿਆਰੇ ਤਿਉਹਾਰ ਦਿੱਤੇ, ਜਿਨ੍ਹਾਂ ਵਿੱਚੋਂ ਹੋਲਾ ਮਹੱਲਾ ਸਾਡਾ ਕੌਮੀ ਤਿਉਹਾਰ ਹੈ, ਜੋ ਸਿੱਖਾਂ ਨੂੰ ਸੰਤ ਤੋਂ ਸਿਪਾਹੀ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਨੂੰ ਆਉਂਦਿਆਂ ਉਨ੍ਹਾਂ ਰਸਤੇ ਵਿੱਚ ਦੇਖਿਆ ਕਿ ਨੌਜਵਾਨਾਂ ਵੱਲੋਂ ਆਪਣੀਆਂ ਟਰਾਲੀਆਂ ਦੀ ਸੁੰਦਰ ਸਜ਼ਾਵਟ ਕੀਤੀ ਗਈ ਹੈ, ਜੋ ਇਸ ਗੱਲ ਦਾ ਪ੍ਰਤੀਕ ਹੈ ਕਿ ਕੌਮ ਦੀ ਜਵਾਨੀ ਆਪਣੇ ਗੁਰੂ ਅਤੇ ਸੱਚੇ ਤਖ਼ਤਾਂ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਅਗਲੀ ਵਾਰ ਹੋਲੇ ਮਹੱਲੇ ਉੱਤੇ ਆਉਣ ਮੌਕੇ ਨੌਜਵਾਨ ਬਾਣੀ ਬਾਣੇ ਦੇ ਧਾਰਨੀ ਹੋ ਕੇ ਆਉਣ ਤੇ ਸ਼ਸਤਰ ਵਿਦਿਆ ਸਿੱਖਣ।

ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਨਿਆਰੇ ਖ਼ਾਲਸੇ ਪੰਥ ਨੂੰ ਸਮੇਂ-ਸਮੇਂ ਖਤਮ ਕਰਨ ਦੀਆਂ ਕੋਸ਼ਿਸ਼ਾਂ ਹੋਈਆਂ ਹਨ ਅਤੇ ਅੱਜ ਪੰਜਾਬ ਦੇ ਅੰਦਰ ਨਸ਼ਿਆਂ ਦਾ ਦਰਿਆ ਵੀ ਵਗ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਨੇ ਬਾਣੀ ਨਾਲ ਜੁੜਨ ਦੀ ਸਿਖਿਆ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਸਿੱਖ ਜਿਨ੍ਹਾਂ ਨੇ ਬੰਦ-ਬੰਦ ਕਟਵਾਇਆ, ਚਰਖੜੀਆਂ ਉੱਤੇ ਚੜ੍ਹੇ, ਪਰ ਆਪਣਾ ਧਰਮ ਨਹੀਂ ਛੱਡਿਆ, ਜਦੋਂ ਉਹ ਆਪਣਾ ਸ਼ਾਨਾਮੱਤਾ ਸ਼ਹੀਦੀਆਂ ਭਰਿਆ ਇਤਿਹਾਸ ਭੁੱਲੇ ਹਨ ਤਾਂ ਉਨ੍ਹਾਂ ਦਾ ਵੱਡੇ ਪੱਧਰ ਉੱਤੇ ਪੰਜਾਬ ਅੰਦਰ ਧਰਮ ਪਰਿਵਰਤਨ ਵੀ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਅਫਸੋਸ ਵਾਲੀ ਗੱਲ ਇਹ ਹੈ ਕਿ ਜਿਹੜਾ ਮਾਝਾ ਸਿੱਖੀ ਦਾ ਗੜ੍ਹ ਹੈ, ਇਹ ਕੰਮ ਉੱਥੇ ਵੀ ਹੋ ਰਿਹਾ ਹੈ। ਅੱਜ ਲੋੜ ਹੈ ਆਪਣੇ ਧਰਮ ਵਿੱਚ ਪਰਪੱਕ ਹੋਈਏ।

ਪੰਜਾਬੀ ਗੁਰਮੁਖੀ ਨੂੰ ਮੌਜੂਦਾ ਚੁਣੌਤੀਆਂ ਉੱਤੇ ਚਿੰਤਾ ਪ੍ਰਗਟ ਕਰਦਿਆਂ ਜਥੇਦਾਰ ਗੜਗੱਜ ਨੇ ਬੱਚਿਆਂ ਦੇ ਮਾਪਿਆਂ ਨੂੰ ਸਵਾਲ ਕੀਤਾ ਕਿ ਕੀ ਉਨ੍ਹਾਂ ਦਾ ਬੱਚਾ ਪਹਿਲੀ ਜਮਾਤ ਤੋਂ ਊੜਾ ਐੜਾ ਤੇ ਗੁਰਮੁਖੀ ਸਿੱਖਦਾ ਹੈ? ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਕਿ ਮਾਂ ਬੋਲੀ ਪੰਜਾਬੀ ਜਿਸ ਦੀ ਲਿਪੀ ਗੁਰਮੁਖੀ ਹੈ ਅਤੇ ਜੋ ਸਾਨੂੰ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਜੋੜਦੀ ਹੈ, ਉਸ ਪ੍ਰਤੀ ਸੰਜੀਦਾ ਹੋਈਏ। ਉਨ੍ਹਾਂ ਸ਼੍ਰੋਮਣੀ ਕਮੇਟੀ ਨੂੰ ਤਾਕੀਦ ਕੀਤੀ ਕਿ ਅਕਾਦਮਿਕ ਵਿਦਵਾਨਾਂ ਦੀ ਬੈਠਕ ਬੁਲਾ ਕੇ ਕੇਂਦਰ ਸਰਕਾਰ ਦੀ ਨਵੀਂ ਸਿਖਿਆ ਨੀਤੀ ਦੀ ਪੜਚੋਲ ਕਰਕੇ ਇਹ ਦੱਸਿਆ ਜਾਵੇ ਕਿ ਉਸ ਵਿੱਚ ਪੰਜਾਬ ਪੱਖੀ ਕੀ-ਕੀ ਸੋਧਾਂ ਦੀ ਲੋੜ ਹੈ ਅਤੇ ਕੀ ਇਹ ਪੰਜਾਬ ਤੇ ਪੰਥ ਦੇ ਹੱਕ ਵਿੱਚ ਹੈ ਜਾਂ ਨਹੀਂ। ਉਨ੍ਹਾਂ ਕਿਹਾ ਕਿ ਗੁਰਮੁਖੀ ਨਾਲ ਜੁੜਦਿਆਂ ਗੁਰਬਾਣੀ, ਗੱਤਕਾ ਤੇ ਗੁਰੂ ਘਰ ਨਾਲ ਜੁੜੀਏ, ਤਾਂ ਜੋ ਸਿੱਖਾਂ ਨੂੰ ਕੋਈ ਤਾਕਤ ਕਿਸੇ ਪਾਸਿਓਂ ਤੋੜ ਨਾ ਸਕੇ।

ਉਨ੍ਹਾਂ ਕਿਹਾ ਕਿ ਸੰਨ ੧੯੪੭ ਵਿੱਚ ਪੰਜਾਬੀਆਂ ਖਾਸਕਰ ਸਿੱਖਾਂ ਦਾ ਵੱਡਾ ਉਜਾੜਾ ਹੋਇਆ ਅਤੇ ਸਿੱਖ ਆਪਣੇ ਜਾਨੋਂ ਪਿਆਰੇ ਗੁਰਧਾਮਾਂ ਤੋਂ ਵਿਛੜੇ। ਜੇਕਰ ਹਿਮਾਚਲ ਤੇ ਕਈ ਦੱਖਣੀ ਰਾਜਾਂ ਵਿੱਚ ਕੋਈ ਬਾਹਰੀ ਵਿਅਕਤੀ ਜ਼ਮੀਨ ਨਹੀਂ ਖਰੀਦ ਸਕਦਾ, ਵੋਟਰ ਨਹੀਂ ਬਣ ਸਕਦਾ, ਪਰ ਅਜਿਹੀ ਹੀ ਮੰਗ ਜੇ ਪੰਜਾਬੀ ਕਰਨ ਤਾਂ ਉਨ੍ਹਾਂ ਨੂੰ ਫਿਰਕੂ ਕਿਹਾ ਜਾਂਦਾ ਹੈ। ਪਰ ਪੰਜਾਬੀ ਫਿਰਕੂ ਨਹੀਂ, ਪੰਜਾਬ

ਅੰਦਰ ਸਮੂਹ ਭਾਈਚਾਰੇ ਸ਼ਾਂਤੀ ਨਾਲ ਵੱਸ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਵੱਸਣ ਵਾਲੇ ਹਿੰਦੂ ਤੇ ਮੁਸਲਮਾਨ ਵੀ ਸਾਡੇ ਭਰਾ ਹਨ ਅਤੇ ਸਮੂਹ ਪੰਜਾਬੀਆਂ ਨੂੰ ਮਿਲ ਬੈਠ ਕੇ ਸੋਚਣਾ ਚਾਹੀਦਾ ਹੈ ਕਿ ਕਿਵੇਂ ਇਸ ਸੂਬੇ ਨੂੰ ਇੱਕ ਬਸਤੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਵਸੋਂ ਮੁਹਾਂਦਰਾ ਬਹੁਤ ਤੇਜ਼ੀ ਨਾਲ ਬਦਲ ਰਿਹਾ ਹੈ, ਇਸ ਕਰਕੇ ਪੰਜਾਬ ਸਰਕਾਰ ਨੂੰ ਵੀ ਉਹੀ ਕਦਮ ਉਠਾਉਣੇ ਚਾਹੀਦੇ ਹਨ ਜੋ ਬਾਕੀ ਰਾਜਾਂ ਨੇ ਉਠਾਏ ਹਨ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ੨੦੧੭ ਦੇ ਮੌੜ ਮੰਡੀ ਬੰਬ ਧਮਾਕੇ ਦੀ ਅੱਤਵਾਦੀ ਕਾਰਵਾਈ ਵਿੱਚ ਪੰਜ ਬੱਚਿਆਂ ਸਮੇਤ ਸੱਤ ਬੰਦਿਆਂ ਦੀ ਮੌਤ ਹੋਈ। ਇਸ ਘਟਨਾ ਵਿੱਚ ਵਰਤੀ ਗਈ ਗੱਡੀ ਸਿੱਖ ਵਿਰੋਧੀ ਸਿਰਸਾ ਡੇਰੇ ਵਿੱਚ ਤਿਆਰ ਹੋਈ, ਪਰੰਤੂ ਪਰ ਹੁਣ ਤੱਕ ਇਸ ਮਾਮਲੇ ਵਿੱਚ ਸਰਕਾਰ ਵੱਲੋਂ ਕੋਈ ਨਿਆਂ ਨਹੀਂ ਹੋਇਆ ਅਤੇ ਨਾ ਹੀ ਕਿਸੇ ਨੂੰ ਫੜਿਆ ਗਿਆ ਹੈ ਤੇ ਨਾ ਹੀ ਡੇਰਾ ਸਿਰਸਾ ਮੁਖੀ ਤੋਂ ਕੋਈ ਪੁੱਛਗਿੱਛ ਹੋਈ। ਉਨ੍ਹਾਂ ਕਿਹਾ ਕਿ ਮੌੜ ਮੰਡੀ ਬੰਬ ਧਮਾਕੇ ਮਾਮਲੇ ਵਿੱਚ ਪੰਜਾਬ ਸਰਕਾਰ ਵੱਲੋਂ ਕਾਰਵਾਈ ਅੱਗੇ ਵਧਾਈ ਜਾਵੇ ਅਤੇ ਪੀੜਤਾਂ ਨੂੰ ਇਨਸਾਫ਼ ਦਿੱਤਾ ਜਾਵੇ। ਜਥੇਦਾਰ ਗੜਗੱਜ ਨੇ ਕਿਹਾ ਕਿ ਦੂਜੇ ਪਾਸੇ ਜੇ ਕਿਸੇ ਸਿੱਖ ਨੌਜਵਾਨ ਤੋਂ ਅਜ਼ਾਦੀ ਘੁਲਾਟੀਏ ਭਾਈ ਸਾਹਿਬ ਭਾਈ ਰਣਧੀਰ ਸਿੰਘ ਦੀ ਕਿਤਾਬ ਵੀ ਫੜੀ ਜਾਵੇ ਤਾਂ ਸਖ਼ਤ ਧਾਰਾਵਾਂ ਲਗਾ ਕੇ ਅੰਦਰ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਵਾਅਦਾ ਕਰਨ ਦੇ ਬਾਵਜੂਦ ਵੀ ਰਿਹਾਅ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਡੇਰੇ ਸਿਰਸੇ ਵਰਗੇ ਬਲਾਤਕਾਰੀਆਂ ਨੂੰ ਸਮੇਂ-ਸਮੇਂ ਪੈਰੋਲ ਦਿੱਤੀ ਜਾਂਦੀ ਹੈ ਪਰ ਪੰਥ ਦੇ ਯਤਨਾਂ ਦੇ ਬਾਵਜੂਦ ਵੀ ਸਿੱਖ ਬੰਦੀਆਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ।

ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਹੁਣ ਜਦੋਂ ਕੌਮ ਦੀ ਰਾਜਨੀਤੀ ਵਿੱਚ ਖਲਾਅ ਹੈ ਤਾਂ ਇਸ ਨੂੰ ਸਿੱਧਾ ਸਿੱਧਾ ਖਾਨਾਜੰਗੀ ਅਤੇ ਹਿੰਸਕ ਟਕਰਾਵਾਂ ਵੱਲ ਧੱਕਿਆ ਜਾ ਰਿਹਾ ਹੈ, ਤਾਂ ਕਿ ਕੌਮੀ ਅਕਸ ਨੂੰ ਅੰਤਰਰਾਸ਼ਟਰੀ ਪੱਧਰ ਉੱਤੇ ਸੱਟ ਮਾਰੀ ਜਾਵੇ। ਇਨ੍ਹਾਂ ਵਖਰੇਵਿਆਂ ਦਾ ਨੁਕਸਾਨ ਇਹ ਹੋਇਆ ਹੈ ਕਿ ਸਾਡੇ ਗੁਰਦੁਆਰਿਆਂ ਦੇ ਵਿੱਚ ਸਰਕਾਰੀ ਦਖ਼ਲਅੰਦਾਜ਼ੀ ਵਧੀ ਅਤੇ ਗੱਲ ਦੱਖਣ ਤੋਂ ਸ਼ੁਰੂ ਹੋ ਕੇ ਅੱਜ ਪੰਜਾਬ ਤੱਕ ਪੁੱਜ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪੰਥ ਵਿਰੋਧੀ ਤਾਕਤਾਂ ਸਾਡੇ ਪਵਿੱਤਰ ਗੁਰਦੁਆਰਿਆਂ ਉੱਤੇ ਕਬਜ਼ਾ ਕਰਨਾ ਚਾਹੁੰਦੀਆਂ ਹਨ, ਉਹ ਗੁਰਦੁਆਰੇ ਜਿਨ੍ਹਾਂ ਦੇ ਲਈ ਭਾਈ ਲਛਮਣ ਸਿੰਘ ਧਾਰੋਵਾਲੀ ਜਿਉਂਦਾ ਜੰਡ ਦੇ ਨਾਲ ਸਾੜ ਕੇ ਸ਼ਹੀਦ ਕੀਤਾ ਗਿਆ। ਉਨ੍ਹਾਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀ ਫਸੀਲ ਤੋਂ ਇਹ ਵਾਅਦਾ ਕੀਤਾ ਕਿ ਪੰਥ ਵਿਰੋਧੀਆਂ ਨੂੰ ਗੁਰਦੁਆਰਿਆਂ ਉੱਤੇ ਕਬਜ਼ਾ ਨਹੀਂ ਕਰਨ ਦਿਆਂਗੇ।

ਜਥੇਦਾਰ ਗੜਗੱਜ ਨੇ ਕਿਹਾ ਕਿ ਅੱਜ ਸਿੱਖਾਂ ਨੂੰ ਗੁਰੂ ਗ੍ਰੰਥ ਤੇ ਗੁਰੂ ਪੰਥ ਨਾਲ ਜੁੜਨ ਅਤੇ ਪੰਥਕ ਏਕਤਾ ਦੀ ਲੋੜ ਹੈ। ਉਨ੍ਹਾਂ ਕਿਹਾ ਜੇਕਰ ਮੌਜੂਦਾ ਚੁਣੌਤੀਆਂ ਨਾਲ ਨਜਿੱਠਣਾ ਹੈ ਤਾਂ ਪੰਥਕ ਏਕਤਾ ਹੀ ਹੱਲ ਹੈ। ਉਨ੍ਹਾਂ ਅੱਜ ਦੇ ਦਿਨ ਦਿੱਲੀ ਫ਼ਤਿਹ ਦਿਵਸ ਮੌਕੇ ਸ. ਬਘੇਲ ਸਿੰਘ ਜੀ, ਸ. ਜੱਸਾ ਸਿੰਘ ਜੀ ਆਹਲੂਵਾਲੀਆ, ਸ. ਜੱਸਾ ਸਿੰਘ ਜੀ ਰਾਮਗੜ੍ਹੀਆ ਨੂੰ ਵੀ ਯਾਦ ਕਰਦਿਆਂ ਕਿਹਾ ਕਿ ਇਨ੍ਹਾਂ ਸਿੱਖ ਜਰਨੈਲਾਂ ਵਿਚਕਾਰ ਏਕਤਾ ਸੀ ਤਾਂ ਹੀ ਉਨ੍ਹਾਂ ਨੇ ਦਿੱਲੀ ਫ਼ਤਿਹ ਕੀਤੀ। ਉਨ੍ਹਾਂ ਕਿਹਾ ਕਿ ਏਕਤਾ ਗੁਰਬਾਣੀ ਅਤੇ ਸਿੱਖ ਰਵਾਇਤਾਂ ਦੀ ਰੋਸ਼ਨੀ ਵਿੱਚੋਂ ਹੋਵੇਗੀ। ਜਥੇਦਾਰ ਗੜਗੱਜ ਨੇ ਐਲਾਨ ਕੀਤਾ ਕਿ ੨੦੨੫ ਦੀ ਆ ਰਹੀ ਵਿਸਾਖੀ ਖ਼ਾਲਸਾ ਸਾਜਨਾ ਦਿਵਸ ਉੱਤੇ ਇੱਕ ਵੱਡੀ ਧਰਮ ਪ੍ਰਚਾਰ ਦੀ ਲਹਿਰ ਸ਼ੁਰੂ ਕੀਤੀ ਜਾਵੇਗੀ। ਧਰਮ ਪ੍ਰਚਾਰ ਦੀ ਇਹ ਲਹਿਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਿਸ਼ਾਨ ਸਾਹਿਬ ਹੇਠ ਗ਼ਰੀਬ ਸਿੱਖਾਂ ਦੇ ਘਰ ਤੋਂ ਸ਼ੁਰੂ ਕੀਤੀ ਜਾਵੇਗੀ ਅਤੇ ਸਮੁੱਚੇ ਪੰਥ ਨੂੰ ਤਾਕੀਦ ਹੈ ਕਿ ਇਸ ਲਹਿਰ ਨੂੰ ਪੂਰਨ ਸਹਿਯੋਗ ਦਿੱਤਾ ਜਾਵੇਗਾ। ਸਿੰਘ ਸਾਹਿਬ ਨੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ, ਖ਼ਾਲਸਾ ਪੰਥ, ਦਲ ਪੰਥ, ਨਹਿੰਗ ਸਿੰਘ ਜਥੇਬੰਦੀਆਂ, ਦਮਦਮੀ ਟਕਸਾਲ, ਨਿਰਮਲੇ, ਕਾਰ ਸੇਵਾ ਵਾਲੇ

ਮਹਾਂਪੁਰਖ, ਮਿਸ਼ਨਰੀ ਕਾਲਜਾਂ ਅਤੇ ਸਮੂਹ ਜਥੇਬੰਦੀਆਂ ਨੂੰ ਸਹਿਯੋਗ ਦੇਣ ਲਈ ਧੰਨਵਾਦ ਕਰਦਿਆਂ ਕਿਹਾ ਕਿ ਪੰਥ ਦੇ ਵੱਡੇ ਹਿੱਤਾਂ ਲਈ ਇੱਕਜੁੱਟਤਾ ਨਾਲ ਕੰਮ ਕਰੀਏ

ਇਸ ਮਗਰੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਅਰਦਾਸ ਕਰਕੇ ਸਿੱਖ ਪ੍ਰੰਪਰਾ ਅਨੁਸਾਰ ਖ਼ਾਲਸਾਈ ਸ਼ਾਨ ਤੇ ਜਾਹੋ-ਜਲਾਲ ਦੇ ਪ੍ਰਤੀਕ ਹੋਲਾ ਮਹੱਲਾ ਮੌਕੇ ਵਿਸ਼ਾਲ ਮਹੱਲਾ ਸਜਾਇਆ ਗਿਆ, ਜਿਸ ਵਿੱਚ ਸਿੱਖ ਸ਼ਖ਼ਸੀਅਤਾਂ ਸਮੇਤ ਵੱਖ-ਵੱਖ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀਆਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਗੱਤਕਾ ਖੇਡਦੀ ਗੁਰੂ ਕੀ ਲਾਡਲੀ ਫੌਜ ਅਤੇ ਨਰਸਿੰਙਿਆਂ ਤੇ ਨਗਾਰਿਆਂ ਦੀ ਗੂੰਜ ਚਾਰੇ ਪਾਸੇ ਖ਼ਾਲਸਾਈ ਵਾਤਾਵਰਨ ਸਿਰਜ ਰਹੀ ਸੀ। ਚੁਫੇਰੇ ਨਜ਼ਰ ਮਾਰਿਆਂ ਸੰਗਤ ਹੀ ਸੰਗਤ ਨਜ਼ਰ ਆਉਂਦੀ ਸੀ। ਨੌਜੁਆਨਾਂ ਵੱਲੋਂ 'ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ' ਦੇ ਅਕਾਸ਼ ਗੂੰਜਾਊ ਜੈਕਾਰਿਆਂ ਨਾਲ ਹੋਲੇ ਮਹੱਲੇ ਦੀ ਪ੍ਰੰਪਰਾ ਅਨੁਸਾਰ ਜੋਸ਼ ਅਤੇ ਚੜ੍ਹਦੀ ਕਲਾ ਦਾ ਪ੍ਰਗਟਾਵਾ ਵੇਖਣਯੋਗ ਸੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੁਜੀਤ ਸਿੰਘ ਵਿਰਕ, ਅੰਤ੍ਰਿੰਗ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਸ. ਸੁਰਜੀਤ ਸਿੰਘ ਗੜ੍ਹੀ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਗੁਰਬਖਸ਼ ਸਿੰਘ ਖਾਲਸਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਜਗਸੀਰ ਸਿੰਘ ਮਾਂਗੇਆਣਾ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਬਾਬਾ ਲੱਖਾ ਸਿੰਘ ਕਲੇਰਾਂ ਵਾਲੇ, ਸਵਾਮੀ ਜੀ ਹੁਸ਼ਿਆਰਪੁਰ ਵਾਲੇ, ਵਧੀਕ ਸਕੱਤਰ ਸ. ਬਿਜੇ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਗੁਰਚਰਨ ਸਿੰਘ ਕੁਹਾਲਾ, ਸ. ਬਲਵਿੰਦਰ ਸਿੰਘ ਖੈਰਾਬਾਦ, ਚੀਫ ਇੰਸਪੈਕਟਰ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਸ. ਮਲਕੀਤ ਸਿੰਘ, ਬਾਬਾ ਬੰਤਾ ਸਿੰਘ ਮੁੰਡਾ ਪਿੰਡ, ਬਾਬਾ ਬਲਦੇਵ ਸਿੰਘ ਵੱਲ੍ਹਾ, ਬਾਬਾ ਮੇਜਰ ਸਿੰਘ, ਬਾਬਾ ਪ੍ਰਗਟ ਸਿੰਘ ਮਜੀਠਾ, ਬਾਬਾ ਸਤਨਾਮ ਸਿੰਘ ਖਾਪੜਖੇੜੀ, ਬਾਬਾ ਰਣਜੀਤ ਸਿੰਘ, ਬਾਬਾ ਗੁਰਪ੍ਰੀਤ ਸਿੰਘ, ਬਾਬਾ ਸੁਖਪਾਲ ਸਿੰਘ, ਬਾਬਾ ਹਰੀ ਸਿੰਘ, ਸ. ਨਰਿੰਦਰ ਸਿੰਘ, ਸ ਸਤਿੰਦਰ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਪ੍ਰਚਾਰਕ ਭਾਈ ਰਾਜਪਾਲ ਸਿੰਘ, ਭਾਈ ਸਰਬਜੀਤ ਸਿੰਘ ਆਦਿ ਹਾਜ਼ਰ ਸਨ।

**ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਸਿੰਘ ਸਾਹਿਬ ਦਾ ਸਨਮਾਨ**

ਇਸ ਮੌਕੇ ਵੱਖ-ਵੱਖ ਨਿਹੰਗ ਸਿੰਘ ਜਥੇਬੰਦੀਆਂ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਉਨ੍ਹਾਂ ਦੀ ਰਿਹਾਇਸ਼ ਉੱਤੇ ਪੁੱਜ ਕੇ ਸਨਮਾਨ ਵਜੋਂ ਦਸਤਾਰਾਂ ਤੇ ਸਿਰੋਪਾਓ ਦਿੱਤੇ। ਸਿੰਘ ਸਾਹਿਬ ਨੇ ਕਿਹਾ ਕਿ ਨਿਹੰਗ ਸਿੰਘ ਜਥੇਬੰਦੀਆਂ ਤੇ ਸੰਪਰਦਾਵਾਂ ਕੌਮ ਦੀ ਫੁਲਵਾੜੀ ਤੇ ਸ਼ਾਨ ਹਨ। ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਆਖਿਆ ਕਿ ਉਹ ਹਰ ਸਮੇਂ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਾਲ ਹਾਂ ਅਤੇ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਦਾ ਸਨਮਾਨ ਉਨ੍ਹਾਂ ਵੱਲੋਂ ਹਮੇਸ਼ਾ ਬਰਕਰਾਰ ਰੱਖਿਆ ਜਾਵੇਗਾ। ੧੫ ਮਾਰਚ

# ਸ੍ਰੀ ਗੁਰੂ ਰਾਮਦਾਸ ਨਿਵਾਸ ਵਿਖੇ ਸ਼ਰਧਾਲੂਆਂ 'ਤੇ ਹਮਲੇ ਦਾ ਮਾਮਲਾ: ਹਮਲਾਵਰਾਂ ਖਿਲਾਫ਼ ਸਖ਼ਤ ਕਾਰਵਾਈ ਕਰੇ ਪੁਲਿਸ ਪ੍ਰਸ਼ਾਸਨ, ਪਛਾਣ ਕੀਤੀ ਜਾਵੇ ਨਸ਼ਰ- ਸਕੱਤਰ ਸ਼੍ਰੋਮਣੀ ਕਮੇਟੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸ੍ਰੀ ਗੁਰੂ ਰਾਮਦਾਸ ਨਿਵਾਸ ਵਿਖੇ ਇੱਕ ਵਿਅਕਤੀ ਵੱਲੋਂ ਸੰਗਤ ਅਤੇ ਸੇਵਾਦਾਰਾਂ ਉੱਤੇ ਲੋਹੇ ਦੇ ਸਰੀਏ ਨਾਲ

ਹਮਲਾ ਕਰਨ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਮਾਮਲੇ ਵਿੱਚ ਪੁਲਿਸ ਪ੍ਰਸ਼ਾਸਨ ਤੋਂ ਦੋਸ਼ੀਆਂ ਖਿਲਾਫ ਕਰੜੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਇਹ ਘਟਨਾ ਕਿਸੇ ਗਹਿਰੀ ਸਾਜ਼ਸ਼ ਦਾ ਹਿੱਸਾ ਜਾਪਦੀ ਹੈ, ਲਿਹਾਜ਼ਾ ਪੁਲਿਸ ਇਸ ਦੀ ਤੈਅ ਤੱਕ ਜਾਣ ਲਈ ਸੰਜੀਦਾ ਜਾਂਚ ਕਰਕੇ ਦੋਸ਼ੀਆਂ ਦੀ ਪਛਾਣ ਨਸ਼ਰ ਕਰੇ। ਉਨ੍ਹਾਂ ਘਟਨਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਜਦੋਂ ਸੰਸਾਰ ਭਰ ਤੋਂ ਸਿੱਖ ਸੰਗਤਾਂ ਨਵੇਂ ਨਾਨਕਸ਼ਾਹੀ ਵਰ੍ਹੇ ਨੂੰ ਮਨਾਉਣ ਲਈ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਆਈਆਂ ਹੋਈਆਂ ਸਨ ਤਾਂ ਦੁਪਹਿਰ ਕਰੀਬ ੧੨ ਵਜੇ ਇੱਕ ਹਮਲਾਵਰ ਵੱਲੋਂ ਸ੍ਰੀ ਗੁਰੂ ਰਾਮਦਾਸ ਨਿਵਾਸ ਵਿੱਚ ਦਾਖਲ ਹੋ ਕੇ ਅਚਾਨਕ ਲੋਹੇ ਦੇ ਇੱਕ ਸਰੀਏ ਨਾਲ ਸਿੱਖ ਸੰਗਤਾਂ ਅਤੇ ਸ੍ਰੀ ਦਰਬਾਰ ਸਾਹਿਬ ਦੇ ਸੇਵਾਦਾਰਾਂ ਉੱਤੇ ਹਮਲਾ ਕਰ ਦਿੱਤਾ। ਇਸ ਹਮਲੇ ਵਿੱਚ ਮੁਹਾਲੀ, ਬਠਿੰਡਾ ਅਤੇ ਪਟਿਆਲਾ ਦੇ ਤਿੰਨ ਸ਼ਰਧਾਲੂ ਅਤੇ ਸ੍ਰੀ ਦਰਬਾਰ ਸਾਹਿਬ ਦੇ ਦੋ ਸੇਵਾਦਾਰ ਜਖਮੀ ਹੋਏ ਹਨ, ਜਿਨ੍ਹਾਂ ਵਿੱਚੋਂ ਇੱਕ ਸੇਵਾਦਾਰ ਅਤੇ ਬਠਿੰਡਾ ਵਾਸੀ ਇੱਕ ਸ਼ਰਧਾਲੂ ਜਿਨ੍ਹਾਂ ਦੇ ਸਿਰ ਵਿੱਚ ਗਹਿਰੀ ਸੱਟ ਹੈ ਉਨ੍ਹਾਂ ਦੀ ਹਾਲਤ ਨਾਜ਼ੁਕ ਹੈ। ਜਖਮੀਆਂ ਨੂੰ ਤੁਰੰਤ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਸ੍ਰੀ ਗੁਰੂ ਰਾਮਦਾਸ ਹਸਪਤਾਲ ਵੱਲ੍ਹਾ ਵਿਖੇ ਦਾਖਲ ਕਰਵਾਇਆ ਗਿਆ ਹੈ ਅਤੇ ਉਨ੍ਹਾਂ ਦੇ ਇਲਾਜ ਦਾ ਸਮੁੱਚਾ ਪ੍ਰਬੰਧ ਸੰਸਥਾ ਵੱਲੋਂ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਰਿਕਾਡਿੰਗ ਦੇ ਅਧਾਰ 'ਤੇ ਹਮਲਾਵਰ ਤੇ ਉਸਦਾ ਇੱਕ ਹੋਰ ਸਾਥੀ ਪੁਲਿਸ ਦੇ ਹਵਾਲੇ ਕਰ ਦਿੱਤੇ ਗਏ ਹਨ ਅਤੇ ਹੁਣ ਪੁਲਿਸ ਪ੍ਰਸ਼ਾਸਨ ਦੀ ਜਿੰਮੇਵਾਰੀ ਬਣਦੀ ਹੈ ਕਿ ਉਹ ਇਸ ਦੀ ਪੜਤਾਲ ਕਰਕੇ ਦੋਸ਼ੀਆਂ ਦੀ ਪਛਾਣ ਅਤੇ ਇਸ ਪਿੱਛੇ ਕੰਮ ਕਰਦੀਆਂ ਤਾਕਤਾਂ ਵੀ ਨਸ਼ਰ ਕਰੇ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਮਾਨਵਤਾ ਦੇ ਸਾਂਝੇ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗਹਿਰੀ ਸਾਜ਼ਸ਼ ਤਹਿਤ ਅਜਿਹੀਆਂ ਘਟਨਾਵਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਜਾਪਦਾ ਹੈ ਕਿ ਅਜਿਹੀਆਂ ਘਟਨਾਵਾਂ ਰਾਹੀਂ ਵਿਸ਼ਵ ਦੇ ਸ਼ਰਧਾਲੂਆਂ ਅੰਦਰ ਸਿੱਖਾਂ ਦੇ ਇਸ ਪਾਵਨ ਅਸਥਾਨ ਪ੍ਰਤੀ ਡਰ ਦਾ ਮਾਹੌਲ ਪੈਦਾ ਕੀਤਾ ਜਾ ਰਿਹਾ ਹੋਵੇ। ਉਨ੍ਹਾਂ ਇੱਕ ਵਾਰ ਫਿਰ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਫੜੇ ਗਏ ਵਿਅਕਤੀਆਂ ਵਿਰੁੱਧ ਕਾਰਵਾਈ ਵਿੱਚ ਕਿਸੇ ਕਿਸਮ ਦੀ ਢਿੱਲ ਨਾ ਵਰਤੀ ਜਾਵੇ।

੧੪ ਮਾਰਚ

## ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਐਡਵੋਕੇਟ ਧਾਮੀ ਦਾ ਅਸਤੀਫ਼ਾ ਅਪ੍ਰਵਾਨ

### -ਅਕਾਦਮਿਕ ਵਿਦਵਾਨਾਂ ਦੀ ਕਮੇਟੀ ਕੇਂਦਰ ਸਰਕਾਰ ਦੀ ਨਵੀਂ ਸਿੱਖਿਆ ਨੀਤੀ ਦੀ ਕਰੇਗੀ ਪੜਚੋਲ- ਸ. ਰਘੂਜੀਤ ਸਿੰਘ ਵਿਰਕ

### -ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਵਿਸਾਖੀ ਵਾਲੇ ਦਿਨ ਤੋਂ ਸ਼ੁਰੂ ਕੀਤੀ ਜਾਵੇਗੀ ਪ੍ਰਚੰਡ ਧਰਮ ਪ੍ਰਚਾਰ ਲਹਿਰ- ਸ. ਰਘੂਜੀਤ ਸਿੰਘ ਵਿਰਕ

ਚੰਡੀਗੜ੍ਹ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੱਜ ਇੱਥੇ ਸੈਕਟਰ ੫ ਸਥਿਤ ਉਪ-ਦਫ਼ਤਰ

ਵਿਖੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਦੀ ਅਗਵਾਈ ਵਿੱਚ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਸਰਬਸੰਮਤੀ ਨਾਲ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਅਸਤੀਫ਼ਾ ਅਪ੍ਰਵਾਨ ਕਰਦਿਆਂ ਉਨ੍ਹਾਂ ਨੂੰ ਸਿੱਖ ਸੰਸਥਾ ਦੇ ਮੁੱਖ ਸੇਵਾਦਾਰ ਦੀਆਂ ਸੇਵਾਵਾਂ ਤੁਰੰਤ ਸੰਭਾਲਣ ਦੀ ਅਪੀਲ ਕੀਤੀ ਗਈ ਹੈ। ਇੱਥੋਂ ਜਾਰੀ ਇੱਕ ਪ੍ਰੈੱਸ ਬਿਆਨ ਰਾਹੀਂ ਸ. ਰਘੂਜੀਤ ਸਿੰਘ ਵਿਰਕ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਅਸਤੀਫ਼ਾ ਅਪ੍ਰਵਾਨ ਕਰਕੇ ਅੱਜ ਹੀ ਉਨ੍ਹਾਂ ਦੀ ਹੁਸ਼ਿਆਰਪੁਰ ਸਥਿਤ ਰਿਹਾਇਸ਼ 'ਤੇ ਸਾਰੇ ਅੰਤ੍ਰਿੰਗ ਕਮੇਟੀ ਮੈਂਬਰ ਜਾਣਗੇ ਅਤੇ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨਗੀ ਪਦ ਦੀਆਂ ਸੇਵਾਵਾਂ ਤੁਰੰਤ ਸੰਭਾਲਣ ਲਈ ਕਹਿਣਗੇ।

ਸ. ਵਿਰਕ ਨੇ ਹੋਰ ਫੈਸਲਿਆਂ ਬਾਰੇ ਜਾਣਕਾਰੀ ਦਿੱਤੀ ਕਿ ਸਿੱਖ ਕੌਮ ਦੇ ਕੌਮੀ ਤਿਉਹਾਰ ਹੋਲਾ ਮਹੱਲਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਦਿੱਤੇ ਗਏ ਸੰਦੇਸ਼ ਦੀ ਰੋਸ਼ਨੀ ਵਿੱਚ ਕੇਂਦਰ ਸਰਕਾਰ ਦੀ ਨਵੀਂ ਸਿੱਖਿਆ ਨੀਤੀ ਦੀ ਪੜਚੋਲ ਕਰਨ ਵਾਸਤੇ ਅਕਾਦਮਿਕ ਵਿਦਵਾਨਾਂ ਦੀ ਇੱਕ ਕਮੇਟੀ ਬਣਾਉਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਆਖਿਆ ਕਿ ਪੰਜਾਬ ਦੇ ਸੰਦਰਭ ਵਿੱਚ ਇਸ ਸਿੱਖਿਆ ਨੀਤੀ ਅੰਦਰ ਕੀ-ਕੀ ਸੁਧਾਰ ਲੋੜੀਂਦੇ ਹਨ, ਇਸ ਬਾਰੇ ਕਮੇਟੀ ਰਾਹੀਂ ਮੁਲਾਂਕਣ ਕੀਤਾ ਜਾਵੇਗਾ ਅਤੇ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਇਹ ਕਮੇਟੀ ਪੰਜਾਬ ਗੁਰਮੁਖੀ ਨੂੰ ਮੌਜੂਦਾ ਚੁਣੌਤੀਆਂ 'ਤੇ ਵੀ ਮੰਥਨ ਕਰੇਗੀ ਅਤੇ ਜੋ ਵੀ ਸੁਝਾਅ ਸਾਹਮਣੇ ਆਉਣਗੇ ਉਸ ਨੂੰ ਕੇਂਦਰ ਸਰਕਾਰ ਦੇ ਸਾਹਮਣੇ ਰੱਖਿਆ ਜਾਵੇਗਾ।

ਸ. ਵਿਰਕ ਨੇ ਇਹ ਵੀ ਦੱਸਿਆ ਕਿ ਅੰਤ੍ਰਿੰਗ ਕਮੇਟੀ ਵੱਲੋਂ ਜਥੇਦਾਰ ਸਾਹਿਬ ਦੇ ਆਦੇਸ਼ ਅਨੁਸਾਰ ਇੱਕ ਪ੍ਰਚੰਡ ਧਰਮ ਪ੍ਰਚਾਰ ਲਹਿਰ ਅਰੰਭੀ ਜਾਵੇਗੀ ਜੋ ਘਰ-ਘਰ ਤੱਕ ਪਹੁੰਚ ਕਰੇਗੀ। ਇਹ ਲਹਿਰ ਇਸੇ ਸਾਲ ੧੩ ਅਪ੍ਰੈਲ ਨੂੰ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਸ਼ੁਰੂ ਕੀਤੀ ਜਾਵੇਗੀ। ਇਸ ਦੀ ਅਰੰਭਤਾ ਮੌਕੇ ਤਖ਼ਤ ਸਾਹਿਬਾਨਾਂ 'ਤੇ ਵੱਡੇ ਅੰਮ੍ਰਿਤ ਸੰਚਾਰ ਸਮਾਗਮ ਕੀਤੇ ਜਾਣਗੇ, ਜਿਨ੍ਹਾਂ ਵਿੱਚ ਹਜ਼ਾਰਾਂ ਦੀ ਗਿਣਤੀ ਅੰਦਰ ਸਿੱਖਾਂ ਨੂੰ ਅੰਮ੍ਰਿਤਪਾਨ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਇਤਿਹਾਸਕ ਖੰਡੇ ਨਾਲ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ੩੫੦ਵੇਂ ਸ਼ਹੀਦੀ ਦਿਹਾੜੇ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ਵੇਂ ਗੁਰਿਆਈ ਦਿਵਸ ਦੀ ਸ਼ਤਾਬਦੀ ਪੰਥਕ ਰਵਾਇਤਾਂ ਅਨੁਸਾਰ ਮਨਾਈ ਜਾ ਰਹੀ ਹੈ, ਇਸ ਲਈ ਇਹ ਧਰਮ ਪ੍ਰਚਾਰ ਲਹਿਰ ਇਨ੍ਹਾ ਦਿਹਾੜਿਆਂ ਨੂੰ ਸਮਰਪਿਤ ਹੋਵੇਗੀ।

ਇਕੱਤਰਤਾ ਦੌਰਾਨ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਅਮਰੀਕ ਸਿੰਘ ਵਿਛੋਆ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਵੰਤ ਸਿੰਘ ਪੁੜੈਣ, ਸ. ਪਰਮਜੀਤ ਸਿੰਘ ਰਾਏਪੁਰ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਲਖਬੀਰ ਸਿੰਘ, ਇੰਚਾਰਜ ਸ. ਅਜਾਦਦੀਪ ਸਿੰਘ, ਸ. ਮੇਜਰ ਸਿੰਘ, ਸ. ਗੁਰਮੇਜ ਸਿੰਘ ਆਦਿ ਹਾਜਰ ਸਨ।੧੨ ਮਾਰਚ

# ਸ਼੍ਰੋਮਣੀ ਕਮੇਟੀ ਵਫਦ ਨੇ ਗੁਰਦੁਆਰਾ ਮੰਗੂ ਮੱਠ ਨਾਲ ਸਬੰਧਤ ਮਾਮਲੇ ਬਾਰੇ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਨਾਲ ਕੀਤੀ ਮੁਲਾਕਾਤ

## ਪੁਰੀ ਦੇ ਜਿਲ੍ਹਾ ਮੈਜਿਸਟ੍ਰੇਟ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੁਆਰਾ ਬਣਾਈ ਕਮੇਟੀ ਨਾਲ ਰਾਬਤਾ ਕਰਨ ਦੇ ਨਿਰਦੇਸ਼ ਦੇਣ ਲਈ ਕਿਹਾ

ਅੰਮਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇੱਕ ਵਫਦ ਨੇ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ. ਇਕਬਾਲ ਸਿੰਘ ਲਾਲਪੁਰਾ ਨਾਲ ਮੁਲਾਕਾਤ ਕਰਕੇ ਪੁਰੀ ਦੇ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਗੁਰਦੁਆਰਾ ਮੰਗੂ ਮੱਠ ਨਾਲ ਸਬੰਧਤ ਮਾਮਲੇ ਵਿੱਚ ੧੯ ਮਾਰਚ ੨੦੨੫ ਨੂੰ ਰੱਖੀ ਮੀਟਿੰਗ ਵਿੱਚ ਤਿੰਨ ਵਿਅਕਤੀਆਂ ਨੂੰ ਸੱਦੇ ਜਾਣ ਤੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ। ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ ਦੀ ਅਗਵਾਈ ਵਿੱਚ ਪੁੱਜੇ ਇਸ ਵਫਦ ਵਿੱਚ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਸੁਰਜੀਤ ਸਿੰਘ ਭਿੱਟੇਵਡ ਤੇ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ ਸ਼ਾਮਲ ਸਨ।

ਭਾਈ ਰਾਜਿੰਦਰ ਸਿੰਘ ਮਹਿਤਾ ਨੇ ਦੱਸਿਆ ਕਿ ਘਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸੌਂਪੇ ਪੱਤਰ ਵਿੱਚ ਕਿਹਾ ਗਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ ਗੁਰਦੁਆਰਾ ਬਾਉਲੀ ਮੱਠ, ਗੁਰਦੁਆਰਾ ਮੰਗੂ ਮੱਠ ਅਤੇ ਗੁਰਦੁਆਰਾ ਪੰਜਾਬੀ ਮੱਠ ਦੀ ਸੇਵਾ ਸੰਭਾਲ ਸਬੰਧੀ ਸਿੱਖ ਸੰਸਥਾ ਲੰਮੇ ਸਮੇਂ ਤੋਂ ਮੰਗ ਕਰ ਰਹੀ ਹੈ। ਇਸ ਸਬੰਧ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ 'ਤੇ ਬਣਾਈ ਗਈ ਕਮੇਟੀ ਪਹਿਲਾਂ ਹੀ ਸਾਰੇ ਮਾਮਲਿਆਂ ਬਾਰੇ ਸਥਾਨਕ ਪ੍ਰਸ਼ਾਸਨ ਨਾਲ ਵਿਚਾਰ-ਵਟਾਂਦਰਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਪੁਰੀ ਦੇ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਗੁਰਦੁਆਰਾ ਮੰਗੂ ਮੱਠ ਨਾਲ ਸਬੰਧਤ ਮਾਮਲੇ ਵਿੱਚ ੧੯ ਮਾਰਚ ਨੂੰ ਰੱਖੀ ਮੀਟਿੰਗ ਵਿੱਚ ਤਿੰਨ ਵਿਅਕਤੀਆਂ ਨੂੰ ਸੱਦਿਆ ਗਿਆ ਹੈ ਜੋ ਠੀਕ ਨਹੀਂ। ਉਨ੍ਹਾਂ ਕਿਹਾ ਕਿ ਇਨ੍ਹਾਂ ਤਿੰਨਾਂ ਵਿਅਕਤੀਆਂ ਵਿੱਚ ਪੁਰੀ ਦੇ ਸ. ਜਗਦੀਪ ਸਿੰਘ ਨੂੰ ਵੀ ਸੱਦਾ ਦਿੱਤਾ ਹੈ, ਜੋ ਇੱਕ ਨਿੱਜੀ ਗੁਰਦੁਆਰਾ ਚਲਾਉਂਦੇ ਹਨ ਜਿਸਦਾ ਨਾਮ ਗੁਰਦੁਆਰਾ ਆਰਤੀ ਸਾਹਿਬ ਹੈ। ਇਹ ਆਪਣੇ ਨਿੱਜੀ ਹਿੱਤਾਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੁਆਰਾ ਬਣਾਈ ਗਈ ਕਮੇਟੀ ਨੂੰ ਸਾਬੋਤਾਜ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸ. ਜਗਦੀਪ ਸਿੰਘ ਸ੍ਰੀ ਅਕਾਲ ਤਖ਼ਤ ਸਾਹਿਬ ਦੁਆਰਾ ਬਣਾਈ ਗਈ ਕਮੇਟੀ ਦੇ ਮੈਂਬਰ ਵੀ ਹਨ। ਉਨ੍ਹਾਂ ਦੂਜੇ ਦੋ ਮੈਬਰਾਂ ਬਾਰੇ ਕਿਹਾ ਕਿ ਪੁਰੀ ਵਿਖੇ ਚੱਲ ਰਹੇ ਸਿੱਖ ਮੁੱਦਿਆਂ ਨੂੰ ਹੱਲ ਕਰਨ ਵਿੱਚ ਸ. ਅਜਮੇਰ ਸਿੰਘ ਰੰਧਾਵਾ ਅਤੇ ਸ਼੍ਰੀ ਵਿੱਕੀ ਥਾਮਸ ਦੀ ਭੂਮਿਕਾ ਵੀ ਬਹੁਤ ਸ਼ੱਕੀ ਹੈ। ਵਫਦ ਨੇ ਮੰਗ ਕੀਤੀ ਕਿ ਓਡੀਸ਼ਾ ਵਿੱਚ ਪੁਰੀ ਦੇ ਡੀਐਮ ਅਤੇ ਕੁਲੈਕਟਰ ਨੂੰ ਗੁਰਦੁਆਰਾ ਬਾਉਲੀ ਮੱਠ, ਗੁਰਦੁਆਰਾ ਮੰਗੂ ਮੱਠ ਅਤੇ ਗੁਰਦੁਆਰਾ ਪੰਜਾਬੀ ਮੱਠ ਦੇ ਮਾਮਲਿਆਂ ਬਾਰੇ ਕੋਈ ਵੀ ਚਰਚਾ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੁਆਰਾ ਬਣਾਈ ਗਈ ਕਮੇਟੀ ਨਾਲ ਰਾਬਤਾ ਕਰਨ ਦੇ ਨਿਰਦੇਸ਼ ਦਿੱਤੇ ਜਾਣ, ਤਾਂ ਜੋ ਇਸ ਮਹੱਤਵਪੂਰਨ ਮੁੱਦੇ ਵਿੱਚ ਹੋਰ ਉਲਝਣ ਨਾ ਆਵੇ। ੧੭ ਮਾਰਚ

# ਹਿਮਾਚਲ ਪ੍ਰਦੇਸ਼ 'ਚ ਸਿੱਖ ਸ਼ਰਧਾਲੂਆਂ ਨਾਲ ਧੱਕਾ ਬਰਦਾਸ਼ਤ ਨਹੀਂ- ਐਡਵੋਕੇਟ ਧਾਮੀ

## ਫਿਰਕੂ ਅਨਸਰਾਂ ਵਿਰੁੱਧ ਸਰਕਾਰ ਕਰੇ ਸਖ਼ਤ ਕਾਰਵਾਈ- ਐਡਵੋਕੇਟ ਧਾਮੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ

ਨੇ ਹਿਮਾਚਲ ਪ੍ਰਦੇਸ਼ ਅੰਦਰ ਸਿੱਖ ਵਿਰੋਧੀ ਹਰਕਤਾਂ ਦੀ ਕਰੜੀ ਨਿੰਦਾ ਕਰਦਿਆਂ ਉੱਥੋਂ ਦੀ ਸਰਕਾਰ ਨੂੰ ਫਿਰਕੂ ਅਨਸਰਾਂ ਵਿਰੁੱਧ ਕਾਰਵਾਈ ਕਰਨ ਲਈ ਕਿਹਾ ਹੈ। ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜਾਰੀ ਪ੍ਰੈੱਸ ਬਿਆਨ ਵਿੱਚ ਐਡਵੋਕੇਟ ਧਾਮੀ ਨੇ ਆਖਿਆ ਕਿ ਸਿੱਖ ਸ਼ਰਧਾਲੂ ਦੇਸ਼ ਦੇ ਵੱਖ-ਵੱਖ ਹਿੱਸਿਆਂ 'ਚ ਸਥਿਤ ਪਾਵਨ ਗੁਰਧਾਮਾਂ ਦੇ ਦਰਸ਼ਨਾਂ ਲਈ ਅਕਸਰ ਜਾਂਦੇ ਹਨ, ਪਰੰਤੂ ਦੁੱਖ ਦੀ ਗੱਲ ਹੈ ਕਿ ਹਿਮਾਚਲ ਪ੍ਰਦੇਸ਼ ਸੂਬੇ ਅੰਦਰ ਸਿੱਖਾਂ ਨੂੰ ਕੁਝ ਲੋਕਾਂ ਵੱਲੋਂ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਹ ਲੋਕ ਸਿੱਖ ਯਾਤਰੂਆਂ ਦੇ ਵਾਹਨਾਂ ਉੱਤੇ ਲੱਗੇ ਨਿਸ਼ਾਨ ਸਾਹਿਬ ਤੇ ਕੌਮੀ ਸ਼ਹੀਦ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਸਮੇਤ ਹੋਰ ਸਿੱਖ ਨਾਇਕਾਂ ਦੀਆਂ ਤਸਵੀਰਾਂ ਅਤੇ ਝੰਡੇ ਜਬਰੀ ਪਾੜ ਰਹੇ ਹਨ। ਇਸ ਨਾਲ ਸਿੱਖ ਸ਼ਰਧਾਲੂਆਂ ਅੰਦਰ ਡਰ ਦਾ ਮਾਹੌਲ ਪੈਦਾ ਕੀਤਾ ਜਾ ਰਿਹਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਵਰਤਾਰਾ ਦੇਸ਼ ਹਿੱਤ ਵਿੱਚ ਨਹੀਂ। ਉਨ੍ਹਾਂ ਕਿਹਾ ਕਿ ਇਹ ਕਦੇ ਨਹੀਂ ਭੁੱਲਣਾ ਚਾਹੀਦਾ ਕਿ ਅੱਜ ਜੇਕਰ ਦੇਸ਼ ਦਾ ਬਹੁ-ਧਰਮੀ ਤੇ ਬਹੁ-ਕੌਮੀ ਸੱਭਿਆਚਾਰ ਜ਼ਿੰਦਾ ਹੈ ਤਾਂ ਉਹ ਸਿੱਖਾਂ ਦੀਆਂ ਦੇਸ਼ ਲਈ ਸ਼ਹਾਦਤਾਂ ਦੀ ਬਦੌਲਤ ਹੈ।

ਉਨ੍ਹਾਂ ਕਿਹਾ ਕਿ ਹਰ ਇੱਕ ਨੂੰ ਆਪਣੇ ਧਰਮ ਦੀਆਂ ਕਦਰਾਂ ਕੀਮਤਾਂ 'ਤੇ ਪਹਿਰਾ ਦੇਣ ਅਤੇ ਆਪਣੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਦਿਦਾਰੇ ਕਰਨ ਦਾ ਪੂਰਾ ਹੱਕ ਹੈ। ਹਿਮਾਚਲ ਪ੍ਰਦੇਸ਼ ਵਿੱਚ ਸਿੱਖ ਸ਼ਰਧਾਲੂਆਂ ਨਾਲ ਵਾਪਰ ਰਹੀਆਂ ਘਟਨਾਵਾਂ ਤੋਂ ਸਪਸ਼ਟ ਹੈ ਕਿ ਉੱਥੋਂ ਦੀ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਆਪਣੀ ਜ਼ਿੰਮੇਵਾਰੀ ਨਹੀਂ ਨਿਭਾਅ ਰਹੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਗੰਭੀਰ ਮਾਮਲੇ ਉੱਤੇ ਚੁੱਪ ਰਹਿਣਾ ਵੀ ਸੂਬੇ ਦੇ ਲੋਕਾਂ ਵਿਰੋਧੀ ਭੁਗਤਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੇ ਲੋਕਾਂ ਦੀ ਤਰਜਮਾਨੀ ਕਰੇ ਅਤੇ ਉਨ੍ਹਾਂ ਨਾਲ ਹੋ ਰਹੇ ਧੱਕੇ ਦਾ ਮਾਮਲਾ ਹਿਮਾਚਲ ਪ੍ਰਦੇਸ਼ ਸਰਕਾਰ ਕੋਲ ਉਠਾਏ।

ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਹਿਮਾਚਲ ਪ੍ਰਦੇਸ਼ ਸਰਕਾਰ ਨੂੰ ਸਪਸ਼ਟ ਤੌਰ 'ਤੇ ਆਖਦੀ ਹੈ ਕਿ ਉਹ ਇਸ ਗੰਭੀਰ ਮੁੱਦੇ 'ਤੇ ਸੰਜੀਦਾ ਪਹੁੰਚ ਅਪਣਾਏ ਅਤੇ ਦੋਸ਼ੀਆਂ ਵਿਰੁੱਧ ਕਾਰਵਾਈ ਕਰੇ। ੧੯ ਮਾਰਚ

ਧੋਖੇ ਨਾਲ ਗ੍ਰਿਫ਼ਤਾਰ ਕੀਤੇ ਕਿਸਾਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ- ਐਡਵੋਕੇਟ ਧਾਮੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਧੋਖੇ ਨਾਲ ਗ੍ਰਿਫ਼ਤਾਰ ਕਰਨਾ ਦੇਸ਼ ਦੇ ਅੰਨਦਾਤੇ ਦਾ ਵੱਡਾ ਅਪਮਾਨ ਹੈ। ਜਾਰੀ ਬਿਆਨ 'ਚ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਹ ਬੇਹੱਦ ਪੀੜਾਮਈ ਹੈ ਕਿ ਦੇਸ਼ ਦੀ ਤਰੱਕੀ, ਖੁਸ਼ਹਾਲੀ ਤੇ ਆਰਥਿਕਤਾ ਵਿੱਚ ਵੱਡਾ ਹਿੱਸਾ ਪਾਉਣ ਵਾਲੇ ਕਿਸਾਨ ਅੱਜ ਸਰਕਾਰਾਂ ਦੀਆਂ ਕਿਸਾਨ ਮਾਰੂ ਨੀਤੀਆਂ ਦੇ ਕਾਰਨ ਪੀੜਤ ਹਨ। ਅੱਜ ਦਾ ਦਿਨ ਪੰਜਾਬ ਸਰਕਾਰ ਲਈ ਸ਼ਰਮਨਾਕ ਹੈ ਜਦੋਂ ਕਿਸਾਨ ਆਗੂਆਂ ਨੂੰ ਕੇਂਦਰੀ ਮੰਤਰੀਆਂ ਨਾਲ ਗੱਲਬਾਤ ਤੋਂ ਬਾਅਦ ਛਲਾਵੇ ਨਾਲ ਗ੍ਰਿਫ਼ਤਾਰ ਕਰ ਲਿਆ ਗਿਆ। ਐਡਵੋਕੇਟ ਧਾਮੀ ਨੇ ਕਿਹਾ ਕਿ ਕੀ ਸਰਕਾਰਾਂ ਕਿਸਾਨਾਂ ਤੋਂ ਏਨਾ ਡਰ ਰਹੀਆਂ ਹਨ ਕਿ ਉਹ ਉਨ੍ਹਾਂ ਨਾਲ ਗੱਲਬਾਤ ਦਾ ਸਾਹਮਣਾ ਨਹੀਂ ਕਰ ਸਕਦੀਆਂ। ਐਡਵੋਕੇਟ ਧਾਮੀ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਕਿਸਾਨ ਆਗੂਆਂ ਅਤੇ ਕਿਸਾਨਾਂ ਨੂੰ ਤੁਰੰਤ ਛੱਡ ਕਿ ਸਰਕਾਰ ਇਨ੍ਹਾਂ ਤੋਂ ਮੁਆਫ਼ੀ ਮੰਗੇ। ਇਸ ਦੇ ਨਾਲ ਹੀ ਕਿਸਾਨਾਂ ਦੀ ਮੰਗਾਂ ਮੰਨੀਆਂ ਜਾਣ ਤਾਂ ਜੋ ਉਹ ਸੜਕਾਂ 'ਤੇ ਸੰਘਰਸ਼ ਕਰਨ ਲਈ ਮਜ਼ਬੂਰ ਨਾ ਹੋਣ।

੧੯ ਮਾਰਚ

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ ਖੇਤਰ ਅਤੇ ਸੇਵਾ ਮੁਕਤੀ ਬਾਰੇ ਬਣਨਗੇ ਨਿਯਮ- ਐਡਵੋਕੇਟ ਧਾਮੀ

## ਜਥੇਦਾਰਾਂ ਦੀ ਨਿਯੁਕਤੀ ਸਮੇਂ ਇੱਕ ਵਿਅਕਤੀ ਇੱਕ ਆਹੁਦੇ ਦਾ ਸਿਧਾਂਤ ਹੋਵੇਗਾ ਲਾਗੂ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੌਜੂਦਾ ਸਮੇਂ ਬਣੇ ਹਾਲਾਤਾਂ ਦੇ ਮਦੇਨਜ਼ਰ ਇੱਕ ਅਹਿਮ ਐਲਾਨ ਕਰਦਿਆਂ ਕਿਹਾ ਹੈ ਕਿ ਸਿੱਖ ਪੰਥ ਅੰਦਰ ਸਿੰਘ ਸਾਹਿਬਾਨ ਤੇ ਹਰ ਜਥੇਬੰਦੀ ਦਾ ਸਤਿਕਾਰ ਕਾਇਮ ਰੱਖਿਆ ਜਾਵੇਗਾ ਅਤੇ ਜਥੇਦਾਰਾਂ ਦੀਆਂ ਪਦਵੀਆਂ ਸਬੰਧੀ ਭਵਿੱਖ ਵਿੱਚ ਸਿੱਖ ਸੰਪਰਦਾਵਾਂ ਦੇ ਰਾਏ ਮਸ਼ਵਰੇ ਨੂੰ ਅਣਡਿੱਠ ਨਹੀਂ ਕੀਤਾ ਜਾਵੇਗਾ।

ਐਡਵੋਕੇਟ ਧਾਮੀ ਨੇ ਅੱਜ ਇਥੇ ਸ਼੍ਰੋਮਣੀ ਕਮੇਟੀ ਦਫਤਰ ਵਿਖੇ ਮੀਡੀਆ ਨਾਲ ਗੱਲ ਕਰਦਿਆਂ ਆਖਿਆ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ ਖੇਤਰ ਅਤੇ ਸੇਵਾ ਮੁਕਤੀ ਸਬੰਧੀ ਜਲਦ ਹੀ ਨਿਯਮ ਤਹਿ ਕੀਤੇ ਜਾਣਗੇ ਅਤੇ ਇਸ ਕਾਰਜ ਵਾਸਤੇ ਉੱਚ ਪੱਧਰੀ ਕਮੇਟੀ ਕਾਇਮ ਹੋਵੇਗੀ। ਇਸ ਸਬੰਧੀ ਆਉਂਦੇ ਬਜਟ ਇਜਲਾਸ ਵਿਚ ਮਤਾ ਲਿਆ ਕੇ ਪ੍ਰਵਾਨਗੀ ਲਈ ਜਾਵੇਗੀ। ਇਹ ਵੀ ਯਕੀਨੀ ਬਣਾਇਆ ਜਾਵੇਗਾ ਕਿ ਜਥੇਦਾਰਾਂ ਦੀਆਂ ਇਨ੍ਹਾਂ ਸਤਿਕਾਰਤ ਪਦਵੀਆਂ 'ਤੇ ਇੱਕ ਵਿਅਕਤੀ ਇੱਕ ਅਹੁਦਾ ਦੀ ਨੀਤੀ ਲਾਗੂ ਕੀਤੀ ਜਾਵੇ। ਇਸੇ ਤਹਿਤ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਖਾਲੀ ਪਏ ਅਹੁਦੇ ਵਾਸਤੇ ਪੰਥਕ ਸੰਪਰਦਾਵਾਂ ਤੇ ਜਥੇਬੰਦੀਆਂ ਦੀ ਸਲਾਹ ਨਾਲ ਜਲਦ ਹੀ ਨਿਯੁਕਤੀ ਕਰ ਦਿੱਤੀ ਜਾਵੇਗੀ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖ ਰਹੁਰੀਤਾਂ, ਪਰੰਪਰਾਵਾਂ ਅਤੇ ਇਤਿਹਾਸ ਸਾਡਾ ਮਾਰਗ ਦਰਸ਼ਨ ਹਨ। ਇਨ੍ਹਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਵੇਗਾ ਅਤੇ ਸਮੂਹਿਕ ਤੇ ਸੰਗਠਿਤ ਪ੍ਰਭਾਵ ਨਾਲ ਅੱਗੇ ਵਧਿਆ ਜਾਵੇਗਾ, ਤਾਂ ਜੋ ਕੌਮ ਨੂੰ ਸਮੇਂ-ਸਮੇਂ ਪੇਸ਼ ਆਉਂਦੀਆਂ ਚੁਣੌਤੀਆਂ ਨਾਲ ਜਥੇਬੰਦਕ ਭਾਵਨਾ ਤਹਿਤ ਨਜਿੱਠਿਆ ਜਾ ਸਕੇ। ਐਡਵੋਕੇਟ ਧਾਮੀ ਨੇ ਕਿਹਾ ਕਿ ਪਹਿਲਾਂ ਹੀ ਕੌਮ ਦੀਆਂ ਦੁਸ਼ਮਣ ਤਾਕਤਾਂ ਸਿੱਖ ਸੰਸਥਾਵਾਂ ਅਤੇ ਸਿੱਖ ਸ਼ਕਤੀ ਨੂੰ ਕਮਜ਼ੋਰ ਕਰਨ ਲਈ ਪੂਰਾ ਜ਼ੋਰ ਲਗਾ ਰਹੀਆਂ ਹਨ। ਜੇਕਰ ਕੌਮ ਨੇ ਇੱਕਜੁੱਟਤਾ ਦਾ ਪ੍ਰਭਾਵ ਨਾ ਦਿੱਤਾ ਤਾਂ ਸਿੱਖ ਵਿਰੋਧੀ ਸ਼ਕਤੀਆਂ ਆਪਣੀ ਮਨਸ਼ਾ ਵਿੱਚ ਕਾਮਯਾਬ ਹੁੰਦੀਆਂ ਰਹਿਣਗੀਆਂ।

ਐਡਵੋਕੇਟ ਧਾਮੀ ਨੇ ਇਹ ਵੀ ਸਪੱਸ਼ਟ ਕੀਤਾ ਕਿ ਤਖ਼ਤ ਸਾਹਿਬਾਨ 'ਤੇ ਸੇਵਾ ਨਿਭਾਉਣ ਵਾਲੇ ਜਥੇਦਾਰ ਸਾਹਿਬਾਨ ਦੀ ਰੁਖਸਤੀ ਇਕ ਸਨਮਾਨਜਨਕ ਢੰਗ ਨਾਲ ਕੀਤੀ ਜਾਇਆ ਕਰੇਗੀ। ਇਹ ਵੀ ਯਤਨ ਕੀਤਾ ਜਾਵੇਗਾ ਕਿ ਪਿਛਲੇ ਸਮੇਂ ਦੌਰਾਨ ਸੇਵਾ ਮੁਕਤ ਕੀਤੇ ਸਿੰਘ ਸਾਹਿਬਾਨ ਨੂੰ ਉਨ੍ਹਾਂ ਵੱਲੋਂ ਨਿਭਾਈਆਂ ਸੇਵਾਵਾਂ ਬਦਲੇ ਸਨਮਾਨਿਤ ਕੀਤਾ ਜਾਵੇ।

ਐਡਵੋਕੇਟ ਧਾਮੀ ਨੇ ਕਿਹਾ ਕਿ ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੀ ਸੇਵਾ ਵੱਡੀ ਚੁਣੌਤੀ ਤੋਂ ਘੱਟ ਨਹੀਂ ਹੈ, ਜਿਸ ਪ੍ਰਤੀ ਉਹ ਸੁਚੇਤ ਵੀ ਹਨ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਅਸਤੀਫਾ ਦੇਣ ਬਾਅਦ ਸਾਰੀਆਂ ਹੀ ਧਾਰਮਿਕ, ਸਮਾਜਿਕ, ਸਿਆਸੀ ਧਿਰਾਂ ਦੇ ਨਾਲ ਨਾਲ ਸਤਿਕਾਰਤ ਸਿੰਘ ਸਾਹਿਬਾਨ ਨੇ ਸੇਵਾ ਸੰਭਾਲਣ ਦੀ ਪ੍ਰੇਰਣਾ ਕੀਤੀ ਸੀ, ਜਿਸ ਲਈ ਉਹ ਸਭ ਦਾ ਧੰਨਵਾਦ ਕਰਦੇ ਹਨ ਅਤੇ ਯਤਨ ਕਰਨਗੇ ਕਿ ਸਾਰਿਆਂ ਸੰਪਰਦਾਵਾਂ ਤੇ ਸੰਸਥਾਵਾਂ ਵੱਲੋਂ ਪ੍ਰਗਟ ਕੀਤੇ ਭਰੋਸੇ ਉੱਤੇ ਖਰਾ ਉਤਰ ਸਕਣ। ੨੪ ਮਾਰਚ

# ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸਬ-ਕਮੇਟੀ ਦੀ ਹੋਈ ਇਕੱਤਰਤਾ

## ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਮੌਕੇ 18 ਅਪ੍ਰੈਲ ਨੂੰ ਅੰਮ੍ਰਿਤਸਰ ਤੋਂ ਹੋਵੇਗੀ ਸ਼ਤਾਬਦੀ ਸਮਾਗਮਾਂ ਦੀ ਆਰੰਭਤਾ

## 21 ਤੋਂ 29 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣਗੇ ਸ਼ਤਾਬਦੀ ਦੇ ਮੁੱਖ ਸਮਾਗਮ

ਸ੍ਰੀ ਅਨੰਦਪੁਰ ਸਾਹਿਬ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਗੁਰਤਾਗੱਦੀ ਦਿਵਸ ਦੇ ਸਮਾਗਮਾਂ ਦੀ ਰੂਪ ਰੇਖਾ ਉਲੀਕਣ ਸਬੰਧੀ ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸ. ਬਲਦੇਵ ਸਿੰਘ ਮਾਹਿਲਪੁਰੀ ਮੀਟਿੰਗ ਹਾਲ ਵਿਖੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸ਼ਤਾਬਦੀ ਸਬੰਧੀ ਬਣਾਈ ਗਈ ਸਬ-ਕਮੇਟੀ ਦੀ ਇਕੱਤਰਤਾ ਹੋਈ, ਜਿਸ ਵਿੱਚ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾ ਨਾਲ ਯਾਦ ਕਰਨ ਲਈ ਕੀਤੇ ਜਾਣ ਵਾਲੇ ਵੱਖ-ਵੱਖ ਸਮਾਗਮਾਂ 'ਤੇ ਚਰਚਾ ਹੋਈ।

ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੀ ੩੫੦ਵੀਂ ਵਰ੍ਹੇਗੰਢ ਨੂੰ ਪੂਰੇ ਵਿਸ਼ਵ ਵਿੱਚ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾਵੇਗਾ। ਸ਼ਤਾਬਦੀ ਸਮਾਗਮਾਂ ਦੀ ਸ਼ੁਰੂਆਤ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਮੌਕੇ ੧੮ ਅਪ੍ਰੈਲ ਨੂੰ ਗੁਰਦੁਆਰਾ ਗੁਰੂ ਕੇ ਮਹਿਲ, ਅੰਮ੍ਰਿਤਸਰ ਤੋਂ ਹੋਵੇਗੀ। ਇਸ ਮਗਰੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਸ਼ਹਾਦਤ ਨਾਲ ਜੁੜੇ ਇਤਿਹਾਸਕ ਅਸਥਾਨਾਂ ਜਿਵੇਂ ਕਿ ਗੁਰਦੁਆਰਾ ਗੁਰੂ ਤੇਗ ਬਹਾਦਰ ਜੀ ਬਾਬਾ ਬਕਾਲਾ ਸਾਹਿਬ, ਗੁਰਦੁਆਰਾ ਗੰਗਸਰ ਸਾਹਿਬ ਕਰਤਾਰਪੁਰ, ਗੁਰਦੁਆਰਾ ਮੋਤੀ ਬਾਗ ਪਟਿਆਲਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਗੁਰਦੁਆਰਾ ਸੀਸ ਗੰਜ ਸਾਹਿਬ (ਦਿੱਲੀ) ਸਮੇਤ ਦੇਸ਼ ਦੇ ਹੋਰ ਵੱਖ-ਵੱਖ ਥਾਵਾਂ ਤੇ ਗੁਰਮਤਿ ਸਮਾਗਮ ਕੀਤੇ ਜਾਣਗੇ।

ਸ. ਮੰਨਣ ਨੇ ਦੱਸਿਆ ਕਿ ਸ਼ਤਾਬਦੀ ਸਬੰਧੀ ਮੁੱਖ ਸਮਾਗਮ ੨੧ ਨਵੰਬਰ ੨੯ ਨਵੰਬਰ ੨੦੨੫ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣਗੇ। ਇਸ ਦੌਰਾਨ ੨੧ ਤੋਂ ੨੩ ਨਵੰਬਰ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਤਾਗੱਦੀ ਦਿਵਸ ਸਬੰਧੀ ਸਮਾਗਮ ਹੋਵੇਗਾ ਅਤੇ ੨੪ ਨਵੰਬਰ ਤੋਂ ੨੯ ਨਵੰਬਰ ਤੱਕ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਸਤੀ ਦਾਸ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸਮਾਗਮ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਧੋਬੜੀ ਸਾਹਿਬ ਅਸਾਮ, ਮਟਨ ਜੰਮੂ ਕਸ਼ਮੀਰ ਅਤੇ ਦਿੱਲੀ ਸਮੇਤ ਹੋਰ ਥਾਵਾਂ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੱਕ ਨਗਰ ਕੀਰਤਨ ਵੀ ਸਜਾਏ ਜਾਣਗੇ। ਮੀਟਿੰਗ ਵਿਚ ਸੰਗਤਾਂ ਨੂੰ ਗੁਰੂ ਸਾਹਿਬ ਦੇ ਸੰਦੇਸ਼ ਨਾਲ ਜੋੜਨ ਲਈ ਸੈਮੀਨਾਰ, ਪ੍ਰਦਰਸ਼ਨੀਆਂ ਅਤੇ ਨੌਜਵਾਨਾਂ ਲਈ ਗੁਰਮਤਿ ਸਿੱਖਿਆ ਕੈਂਪ ਆਯੋਜਿਤ ਕੀਤੇ ਜਾਣ ਬਾਰੇ ਵੀ ਵਿਚਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸ਼ਤਾਬਦੀ ਸਮਾਗਮਾਂ ਨੂੰ ਸਫ਼ਲ ਬਣਾਉਣ ਲਈ ਜਲਦ ਹੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਵੱਖ-ਵੱਖ ਸਬ ਕਮੇਟੀਆਂ ਦੀਆਂ ਜ਼ਿੰਮੇਵਾਰੀਆਂ ਲਗਾਈਆਂ ਜਾਣਗੀਆਂ।

ਇਕੱਤਰਤਾ ਵਿੱਚ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਰਾਮ ਸਿੰਘ, ਭਾਈ ਗੁਰਬਖਸ਼ ਸਿੰਘ ਖਾਲਸਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਪ੍ਰਿਤਪਾਲ ਸਿੰਘ ਪਾਲੀ, ਸ. ਤੇਜਿੰਦਰਪਾਲ ਸਿੰਘ ਲਾਡਵਾ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਪ੍ਰੋਫੈਸਰ ਸੁਖਦੇਵ ਸਿੰਘ, ਮੈਨੇਜਰ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਇੰਚਾਰਜ ਸ. ਬਲਦੇਵ ਸਿੰਘ, ਸ. ਤਲਵਿੰਦਰ ਸਿੰਘ ਬੁੱਟਰ ਆਦਿ ਹਾਜਰ ਸਨ।

੨੪ ਮਾਰਚ

# ਐਡਵੋਕੇਟ ਧਾਮੀ ਨੇ ਭਾਰਤ ਸਰਕਾਰ ਵੱਲੋਂ ਬੰਦੀ ਸਿੰਘਾਂ ਸਬੰਧੀ ਅਪਣਾਈ ਉਦਾਸੀਨ ਨੀਤੀ ਦੀ ਕੀਤੀ ਕਰੜੀ ਆਲੋਚਨਾ

## ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪੰਜ ਮੈਂਬਰੀ ਕਮੇਟੀ ਨੂੰ ਪ੍ਰਧਾਨ ਮੰਤਰੀ ਵੱਲੋਂ ਮੁਲਾਕਾਤ ਲਈ ਸਮਾਂ ਨਾ ਦੇਣਾ ਠੀਕ ਨਹੀਂ- ਐਡਵੋਕੇਟ ਧਾਮੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਰਤ ਸਰਕਾਰ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਉੱਤੇ ਅਪਣਾਈ ਜਾ ਰਹੀ ਉਦਾਸੀਨ ਨੀਤੀ ਦੀ ਕਰੜੀ ਆਲੋਚਨਾ ਕਰਦਿਆਂ ਸਰਕਾਰ ਦੀ ਇਸ ਪਹੁੰਚ ਨੂੰ ਮਾਨਵੀ ਅਧਿਕਾਰਾਂ ਦੀ ਉਲੰਘਣਾ, ਨਿਆਂ ਦੀਆਂ ਕਦਰਾਂ ਕੀਮਤਾਂ ਦੀ ਤੌਹੀਨ ਅਤੇ ਸਿੱਖਾਂ ਨਾਲ ਬੇਇਨਸਾਫ਼ੀ ਕਰਾਰ ਦਿੱਤਾ ਹੈ। ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਪੁੱਜੇ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖਾਂ ਦੇ ਇਸ ਸੰਜੀਦਾ ਮਾਮਲੇ ਉੱਤੇ ਪਿਛਲੇ ਲੰਮੇ ਸਮੇਂ ਤੋਂ ਲਗਾਤਾਰ ਯਤਨ ਕਰ ਰਹੀ ਹੈ, ਪਰ ਕੇਂਦਰ ਸਰਕਾਰ ਦਾ ਨਕਾਰਾਤਮਕ ਰਵੱਈਆ ਇਸ ਵਿੱਚ ਅੜਿੱਕਾ ਬਣਿਆ ਹੋਇਆ ਹੈ। ਉਨ੍ਹਾਂ ਆਖਿਆ ਬੀਤੇ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭਾਈ ਬਲਵੰਤ ਸਿੰਘ ਰਾਜੋਆਣਾ ਅਤੇ ਹੋਰ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਪੰਜ ਮੈਂਬਰੀ ਕਮੇਟੀ ਦੀ ਗਠਨ ਕੀਤਾ ਗਿਆ ਸੀ, ਲੇਕਿਨ ਦੁਖਦ ਗੱਲ ਇਹ ਹੈ ਕਿ ਪ੍ਰਧਾਨ ਮੰਤਰੀ ਵੱਲੋਂ ਸਿੱਖਾਂ ਦੇ ਸਰਬਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਨੁਮਾਇੰਦਗੀ ਵਾਲੀ ਕਮੇਟੀ ਨੂੰ ਸਮਾਂ ਦੇਣਾ ਵੀ ਮੁਨਾਸਿਬ ਨਹੀਂ ਸਮਝਿਆ ਗਿਆ।

ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਸਬੰਧ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨਾਲ ਮੁਲਾਕਾਤ ਲਈ ਕਈ ਯਤਨ ਕੀਤੇ ਗਏ, ਲੇਕਿਨ ਡੇਢ ਸਾਲ ਤੋਂ ਵੱਧ ਸਮਾਂ ਬੀਤਣ ਬਾਅਦ ਸਰਕਾਰ ਵੱਲੋਂ ਨਿਰਾਸ਼ਾਜਨਕ ਜਵਾਬ ਮਿਲਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਨੂੰ ਬੀਤੇ ਦਿਨੀਂ ਕੇਂਦਰ ਸਰਕਾਰ ਵੱਲੋਂ ਭੇਜੀ ਗਈ ਸੂਚਨਾ ਅਨੁਸਾਰ ਬੰਦੀ ਸਿੰਘਾਂ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪੰਜ ਮੈਂਬਰੀ ਕਮੇਟੀ ਨੇ ਜੋ ਸਮਾਂ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਲਈ ਦਸੰਬਰ ੨੦੨੩ ਵਿੱਚ ਮੰਗਿਆ ਸੀ, ਜਿਸ ਨੂੰ ੨੧ ਮਾਰਚ ੨੦੨੫ ਨੂੰ ਇਹ ਕਹਿੰਦਿਆਂ ਬੰਦ ਕਰ ਦਿੱਤਾ ਗਿਆ ਹੈ ਕਿ ਇਹ ਮਾਮਲਾ ਕੇਂਦਰੀ ਗ੍ਰਹਿ ਮੰਤਰਾਲੇ ਪਾਸ ਵਿਚਾਰ ਅਧੀਨ ਹੈ। ਉਨ੍ਹਾਂ ਕਿਹਾ ਕਿ ਜੇਕਰ ਇਹ ਮਾਮਲਾ ਕੇਂਦਰੀ ਗ੍ਰਹਿ ਮੰਤਰਾਲੇ ਪਾਸ ਵਿਚਾਰ ਅਧੀਨ ਹੈ ਤਾਂ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ ਵਿੱਚ ਸੁਪਰੀਮ ਕੋਰਟ ਦੇ ਆਦੇਸ਼ਾਂ ਦੇ ਬਾਵਜੂਦ ਸਰਕਾਰ ਵੱਲੋਂ ਫੈਸਲਾ ਕਿਉਂ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਪ੍ਰਧਾਨ ਮੰਤਰੀ ਦਫ਼ਤਰ ਵੱਲੋਂ ਇਹ ਕਿਹਾ ਗਿਆ ਸੀ ਕਿ ਇਸ ਮਾਮਲੇ ਸਬੰਧੀ ਗ੍ਰਹਿ ਮੰਤਰੀ ਨਾਲ

ਗੱਲਬਾਤ ਕੀਤੀ ਜਾਵੇ, ਪਰੰਤੂ ਗ੍ਰਹਿ ਮੰਤਰਾਲੇ ਵੱਲੋਂ ਵੀ ਕੋਈ ਹਾਂ ਪੱਖੀ ਹੁੰਗਾਰਾ ਨਹੀਂ ਭਰਿਆ ਗਿਆ।

ਐਡਵੋਕੇਟ ਧਾਮੀ ਨੇ ਕਿਹਾ ਕਿ ਭਾਈ ਰਾਜੋਆਣਾ ਅਤੇ ਹੋਰ ਬੰਦੀ ਸਿੰਘਾਂ ਦੇ ਮਾਮਲੇ ਸਿੱਖ ਭਾਵਨਾਵਾਂ ਨਾਲ ਜੁੜੇ ਹੋਏ ਹਨ ਅਤੇ ਇਨ੍ਹਾਂ ਨੇ ਲੰਮੀਆਂ ਸਜ਼ਾਵਾਂ ਵੀ ਭੁਗਤ ਲਈਆਂ ਹਨ, ਇਸ ਲਈ ਭਾਰਤ ਸਰਕਾਰ ਨੂੰ ਬਿਨਾਂ ਦੇਰੀ ਫੈਸਲਾ ਲੈਣਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਨਿਆਂ ਦਾ ਨਿਯਮ ਸਭ ਲਈ ਇੱਕਸਾਰ ਲਾਗੂ ਕਰਨਾ ਸਰਕਾਰਾਂ ਦੀ ਜ਼ਿੰਮੇਵਾਰੀ ਹੈ ਅਤੇ ਇਸ 'ਤੇ ਰਾਜਸੀ ਪਹੁੰਚ ਠੀਕ ਨਹੀਂ ਹੈ। ਲਿਹਾਜ਼ਾ ਬੰਦੀ ਸਿੰਘਾਂ ਨੂੰ ਨਿਆਂ ਦੇ ਕੇ ਸਰਕਾਰ ਆਪਣੀ ਜ਼ਿੰਮੇਵਾਰੀ ਨਿਭਾਏ ਤਾਂ ਜੋ ਸਿੱਖਾਂ ਅੰਦਰ ਬੇਵਿਸ਼ਵਾਸੀ ਦੀ ਭਾਵਨਾ ਨਾ ਬਣੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਗੁਰਮੀਤ ਸਿੰਘ ਬੂਹ, ਓਐੱਸਡੀ ਸ. ਸਤਬੀਰ ਸਿੰਘ ਧਾਮੀ ਵੀ ਮੌਜੂਦ ਸਨ। ੨੬ ਮਾਰਚ

# ਸ਼੍ਰੋਮਣੀ ਕਮੇਟੀ ਨੇ ਵਾਤਾਵਰਣ ਦਿਹਾੜੇ ਵਜੋਂ ਮਨਾਇਆ ਸ੍ਰੀ ਗੁਰੂ ਹਰਿਰਾਇ ਸਾਹਿਬ ਦਾ ਗੁਰਤਾਗੱਦੀ ਦਿਵਸ

## ਸੱਤਵੇਂ ਪਾਤਸ਼ਾਹ ਜੀ ਦਾ ਜੀਵਨ ਵਾਤਾਵਰਣ ਦੀ ਸਾਂਭ ਸੰਭਾਲ ਲਈ ਪ੍ਰੇਰਣਾ ਦਾਇਕ ਹੈ- ਐਡਵੋਕੇਟ ਧਾਮੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਨੂੰ ਵਾਤਾਵਰਣ ਦਿਹਾੜੇ ਵਜੋਂ ਮਨਾਉਂਦਿਆਂ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਗੁਰੂ ਕੇ ਬਾਗ ਵਿਖੇ ਬੂਟੇ ਲਗਾਏ ਗਏ। ਇਸ ਤੋਂ ਪਹਿਲਾਂ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਭਾਈ ਗੁਰਦੇਵ ਸਿੰਘ ਖਾਲਸਾ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਅਤੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਚਕਾਰ ਸਥਿਤ ਗੁਰੂ ਕੇ ਬਾਗ ਵਿਖੇ ਵਾਤਾਵਰਣ ਦੀ ਸਾਂਭ-ਸੰਭਾਲ ਦੇ ਸੁਨੇਹੇ ਨੂੰ ਅੱਗੇ ਵਧਾਉਂਦਿਆਂ ਬੂਟੇ ਲਗਾ ਕੇ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਜੀਵਨ ਵਾਤਾਵਰਣ ਦੀ ਸਾਂਭ ਸੰਭਾਲ ਲਈ ਪ੍ਰੇਰਣਾ ਦਾਇਕ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨਾਲ ਸਬੰਧਤ ਅੱਜ ਦੇ ਦਿਹਾੜੇ ਸਭ ਦਾ ਫ਼ਰਜ਼ ਹੈ ਕਿ ਇਸ ਸੁਨੇਹੇ ਨੂੰ ਅੱਗੇ ਵਧਾਇਆ ਜਾਵੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵਾਤਾਵਰਣ ਸਬੰਧੀ ਜਾਗਰੂਕਤਾ ਦੇ ਨਾਲ-ਨਾਲ ਜ਼ਮੀਨੀ ਪੱਧਰ 'ਤੇ ਕਾਰਜਸ਼ੀਲ ਹੈ, ਜਿਸ ਤਹਿਤ ਬੀਤੇ ਸਮੇਂ ਤੋਂ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਫਲਦਾਰ, ਛਾਂਦਾਰ ਰੁੱਖ ਲਗਾ ਕੇ ਹਰਿਆਵਲ ਵਿਚ ਵਾਧੇ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰੂ ਕਾ ਬਾਗ ਸੰਗਤ ਲਈ ਵੱਡੀ ਪ੍ਰੇਰਣਾ ਦੇ ਰੂਪ ਵਿਚ ਹੈ। ਇਥੇ ਵੱਖ-ਵੱਖ ਤਰ੍ਹਾਂ ਦੇ ਬੂਟੇ ਅਤੇ ਸੈਂਕੜੇ ਕਿਸਮ ਦੇ ਗੁਲਾਬ ਵਾਤਾਵਰਣ ਸੰਭਾਲ ਲਹਿਰ ਨੂੰ ਉਤਸ਼ਾਹਤ ਕਰਨ ਦਾ ਸੁਨੇਹਾ ਦਿੰਦੇ ਹਨ। ਉਨ੍ਹਾਂ ਸੰਗਤ ਨੂੰ ਸ੍ਰੀ ਗੁਰੂ ਹਰਿਰਾਇ ਸਾਹਿਬ ਦੇ ਗੁਰਤਾਗੱਦੀ ਦਿਹਾੜੇ ਦੀ ਵਧਾਈ ਦਿੰਦਿਆਂ ਵੱਧ ਤੋਂ ਵੱਧ ਰੁੱਖ ਬੂਟੇ ਲਗਾਉਣ ਦੀ ਅਪੀਲ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਗੁਰਮੀਤ ਸਿੰਘ ਬੂਹ, ਭਾਈ ਅਜਾਇਬ

ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਮੀਤ ਮੈਨੇਜਰ ਸ. ਅਜੈ ਸਿੰਘ ਆਦਿ ਮੌਜੂਦ ਸਨ। ੨੨ ਮਾਰਚ

# ਸ਼੍ਰੋਮਣੀ ਕਮੇਟੀ ਦੇ ਬਜਟ ਇਜਲਾਸ ਦੌਰਾਨ ਸਿੱਖ ਮਾਮਲਿਆਂ ਬਾਰੇ ਪਾਸ ਕੀਤੇ ਗਏ ਕਈ ਅਹਿਮ ਮਤੇ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਲਾਨਾ ਬਜਟ ਇਜਲਾਸ ਦੌਰਾਨ ਕਈ ਅਹਿਮ ਮਤਿਆਂ ਨੂੰ ਪ੍ਰਵਾਨਗੀ ਦਿੱਤੀ ਗਈ। ਇਨ੍ਹਾਂ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਨਿਯੁਕਤੀ ਤੇ ਸੇਵਾ ਮੁਕਤੀ ਸਬੰਧੀ ਨਿਯਮ ਤੈਅ ਕਰਨ ਨੂੰ ਪ੍ਰਵਾਨਗੀ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ੩੫੦ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਢੁੱਕਵੀਂ ਯਾਦਗਾਰ ਬਣਾਉਣ ਦੀ ਕੇਂਦਰ ਸਰਕਾਰ ਪਾਸੋਂ ਮੰਗ, ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਸਬੰਧੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਵੱਲੋਂ ਸੰਸਦ ਵਿਚ ਦਿੱਤੇ ਬਿਆਨ ਦੀ ਨਿਖੇਧੀ, ਪੰਜਾਬ ਤੋਂ ਬਾਹਰ ਸਿੱਖਾਂ ਵਿਰੁੱਧ ਪੈਦਾ ਕੀਤੇ ਜਾ ਰਹੇ ਨਫ਼ਰਤੀ ਮਾਹੌਲ ਦੀ ਨਿਖੇਧੀ, ਮਹਾਰਾਜਾ ਰਣਜੀਤ ਸਿੰਘ ਦੇ ਰਾਜ ਨਾਲ ਸਬੰਧਤ ਇਤਿਹਾਸਕ ਇਮਾਰਤਾਂ ਦੀ ਸਾਂਭ-ਸੰਭਾਲ, ਫ਼ੌਜ ਵਿਚ ਸਿੱਖਾਂ ਦਾ ਰਾਖਵਾਂ ਕੋਟਾਂ ਨਿਰਧਾਰਤ ਕਰਨ, ਬੰਦੀ ਸਿੰਘਾਂ ਦੀ ਰਿਹਾਈ, ਕਿਸਾਨੀ ਸੰਘਰਸ਼ ਆਦਿ ਨਾਲ ਸਬੰਧਤ ਮਤੇ ਸ਼ਾਮਲ ਹਨ।

ਜਨਰਲ ਇਜਲਾਸ ਵਿਚ ਪਾਸ ਕੀਤੇ ਗਏ ਅਹਿਮ ਮਤੇ ਰਾਹੀਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ ਖੇਤਰ ਅਤੇ ਸੇਵਾ ਮੁਕਤੀ ਸਬੰਧੀ ਨਿਯਮ ਨਿਰਧਾਰਤ ਕਰਨ ਨੂੰ ਪ੍ਰਵਾਨਗੀ ਦੇ ਦਿੱਤੀ ਗਈ। ਇਸ ਸਬੰਧ ਵਿਚ ਇਕ ਪੰਥਕ ਨੁਮਾਇੰਦਿਆਂ ਦੀ ਉੱਚ ਪੱਧਰੀ ਕਮੇਟੀ ਗਠਿਤ ਕਰਨ ਦਾ ਵੀ ਫੈਸਲਾ ਕੀਤਾ ਗਿਆ, ਜੋ ਇਸ ਕਾਰਜ ਨੂੰ ਮੁਕੰਮਲ ਕਰੇਗੀ।

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਨਵੰਬਰ ੨੦੨੫ ਵਿਚ ਮਨਾਈ ਜਾ ਰਹੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਮਤੇ ਵਿਚ ਇਸ ਪਵਿੱਤਰ ਮੌਕੇ ਨੂੰ ਯਾਦਗਾਰੀ ਬਣਾਉਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਅਤੇ ਸਿਧਾਂਤਾਂ ਤੋਂ ਜਾਣੂ ਕਰਵਾਉਣ ਲਈ ਭਾਰਤ ਸਰਕਾਰ ਨੂੰ ਢੁੱਕਵੀਂ ਯਾਦਗਾਰ ਸਥਾਪਤ ਕਰਨ ਦੀ ਅਪੀਲੀ ਕੀਤੀ ਗਈ। ਮਤੇ ਵਿਚ ਗੁਰੂ ਸਾਹਿਬ ਦੇ ਨਾਂ 'ਤੇ ਕੌਮੀ ਪੱਧਰ ਦੀ ਸਿੱਖਿਆ ਸੰਸਥਾ ਜਾਂ ਖੋਜ ਕੇਂਦਰ ਸਥਾਪਤ ਕਰਨ, ਵਿਸ਼ੇਸ਼ ਡਾਕ ਟਿਕਟ ਅਤੇ ਯਾਦਗਾਰੀ ਸਿੱਕੇ ਜਾਰੀ ਕਰਨ ਦੀ ਵੀ ਮੰਗ ਕੀਤੀ ਗਈ।

ਬੀਤੇ ਦਿਨੀਂ ਭਾਰਤ ਦੀ ਸੰਸਦ ਅੰਦਰ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਵੱਲੋਂ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਸਬੰਧੀ ਦਿੱਤੇ ਬਿਆਨ ਅਤੇ ਗੁਰਬਾਣੀ ਪੜ੍ਹਨ ਉੱਤੇ ਤੰਜ਼ ਕੱਸਣ ਦੀ ਸਖ਼ਤ ਨਿਖੇਧੀ ਕੀਤੀ ਗਈ। ਇਸ ਸਬੰਧੀ ਪਾਸ ਕੀਤੇ ਮਤੇ ਵਿਚ ਕਿਹਾ ਗਿਆ ਕਿ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਸਿੱਖਾਂ ਦੇ ਕੌਮੀ ਸ਼ਹੀਦ ਹਨ, ਜਿਨ੍ਹਾਂ ਵਿਰੁੱਧ ਦੇਸ਼ ਦੇ ਇਕ ਜ਼ੁੰਮੇਵਾਰੀ ਵਿਅਕਤੀ ਵੱਲੋਂ ਲੋਕਤੰਤਰ ਦੇ ਸਭ ਤੋਂ ਵੱਡੇ ਮੰਚ ਭਾਰਤੀ ਸੰਸਦ ਅੰਦਰ ਨਫ਼ਰਤੀ ਵਿਚਾਰ ਦੇਣਾ ਦੇਸ਼ ਦੀ ਬਹੁ-ਕੌਮੀ ਅਤੇ ਬਹੁ-ਧਰਮੀ ਸੱਭਿਅਤਾ ਦੀ ਤੌਹੀਨ ਹੈ। ਮਤੇ ਰਾਹੀਂ ਸ੍ਰੀ ਅਮਿਤ ਸ਼ਾਹ ਨੂੰ ਸਿੱਖ ਭਾਵਨਾਵਾਂ ਦਾ ਸਤਿਕਾਰ ਕਰਨ ਅਤੇ ਅਜਿਹੀ ਅਪਮਾਨਜਨਕ ਬਿਆਨਬਾਜ਼ੀ ਤੋਂ ਗੁਰੇਜ਼ ਕਰਨ ਲਈ ਕਿਹਾ ਗਿਆ।

ਇਸੇ ਤਰ੍ਹਾਂ ਪੰਜਾਬ ਤੋਂ ਬਾਹਰਲੇ ਸੂਬਿਆਂ ਵਿਚ ਸਿੱਖਾਂ ਵਿਰੁੱਧ ਪੈਦਾ ਕੀਤੇ ਜਾ ਰਿਹੇ ਨਫ਼ਰਤੀ ਮਾਹੌਲ 'ਤੇ ਚਿੰਤਾ ਪ੍ਰਗਟ ਕਰਦਿਆਂ ਫ਼ਿਰਕੂ ਅਨਸਰਾਂ ਵਿਰੁੱਧ ਕਾਰਵਾਈ ਦੀ ਇਕ ਮਤੇ ਰਾਹੀਂ ਮੰਗ

ਕੀਤੀ ਗਈ। ਮਤੇ ਵਿਚ ਹਾਲ ਹੀ ਅੰਦਰ ਹਿਮਾਚਲ ਪ੍ਰਦੇਸ਼ ਅੰਦਰ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਂਦੇ ਸਿੱਖ ਸ਼ਰਧਾਲੂਆਂ ਨੂੰ ਕੁਝ ਲੋਕ ਵੱਲੋਂ ਨਿਸ਼ਾਨਾ ਬਣਾਏ ਜਾਣ, ਸਿੱਖ ਯਾਤਰੂਆਂ ਦੇ ਵਾਹਨਾਂ 'ਤੇ ਲੱਗੇ ਸਿੱਖ ਨਾਇਕਾਂ ਦੀਆਂ ਤਸਵੀਰਾਂ ਵਾਲੇ ਝੰਡੇ ਜਬਰੀ ਪਾੜਨ ਬਾਰੇ ਜ਼ਿਕਰ ਕਰਦਿਆਂ ਹਿਮਾਚਲ ਪ੍ਰਦੇਸ਼ ਸਰਕਾਰ ਨੂੰ ਇਸ ਗੰਭੀਰ ਮੁੱਦੇ 'ਤੇ ਸੰਜੀਦਾ ਪਹੁੰਚ ਅਪਨਾਉਣ ਅਤੇ ਦੋਸ਼ੀਆਂ ਵਿਰੁੱਧ ਕਾਰਵਾਈ ਕਰਨ ਲਈ ਕਿਹਾ ਗਿਆ। ਮਤੇ ਵਿਚ ਇਸ ਮਾਮਲੇ 'ਤੇ ਪੰਜਾਬ ਸਰਕਾਰ ਵੱਲੋਂ ਚੁੱਪ ਧਾਰਨ 'ਤੇ ਵੀ ਸਵਾਲ ਉਠਾਏ ਗਏ ਹਨ।

ਪਾਸ ਕੀਤੇ ਇਕ ਮਤੇ ਵਿਚ ਦਿੱਲੀ ਵਿਖੇ ਨਵੰਬਰ ੧੯੮੪ ਵਿਚ ਹੋਈ ਸਿੱਖ ਨਸਲਕੁਸ਼ੀ ਦੇ ਸਰਸਵਤੀ ਵਿਹਾਰ ਨਾਲ ਸਬੰਧਤ ਇਕ ਮਾਮਲੇ ਵਿਚ ਕਾਂਗਰਸੀ ਆਗੂ ਸੱਜਣ ਕੁਮਾਰ ਨੂੰ ਅਦਾਲਤ ਵੱਲੋਂ ਦਿੱਤੀ ਸਜ਼ਾ ਦਾ ਸਵਾਗਤ ਕਰਦਿਆਂ ਹੋਰ ਮਾਮਲਿਆਂ ਵਿਚ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਅਤੇ ਪੀੜ੍ਹਤਾਂ ਨੂੰ ਇਨਸਾਫ਼ ਦੀ ਮੰਗ ਕੀਤੀ ਗਈ।

ਮਹਾਰਾਜਾ ਰਣਜੀਤ ਸਿੰਘ ਦੇ ਰਾਜ ਨਾਲ ਸਬੰਧਤ ਇਤਿਹਾਸਕ ਥਾਵਾਂ ਅਤੇ ਇਮਾਰਤਾਂ ਦੀ ਤਰਸਯੋਗ ਹਾਲਤ ਦਾ ਜ਼ਿਕਰ ਕਰਦਿਆਂ ਇਕ ਮਤੇ ਰਾਹੀਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਜਿਥੇ-ਜਿਥੇ ਵੀ ਸਿੱਖ ਵਿਰਾਸਤ ਮੌਜੂਦ ਹੈ, ਉਨ੍ਹਾਂ ਦੀ ਵਿਰਾਸਤੀ ਆਭਾ ਨੂੰ ਉਭਾਰਨ ਵਾਸਤੇ ਠੋਸ ਨੀਤੀ ਤਿਆਰ ਕੀਤੀ ਜਾਵੇ। ਇਜਲਾਸ ਨੇ ਇਸ ਕਾਰਜ ਵਾਸਤੇ ਸ਼੍ਰੋਮਣੀ ਕਮੇਟੀ ਵੱਲੋਂ ਲੋੜੀਂਦੇ ਸਹਿਯੋਗ ਦੀ ਵੀ ਵਚਨਬੱਧਤਾ ਪ੍ਰਗਟਾਈ ਗਈ।

ਇਕ ਮਤੇ ਰਾਹੀਂ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਸਿੱਖ ਸ਼ਰਧਾਲੂਆਂ ਦੀ ਸਹੂਲਤ ਲਈ ਵੀਜ਼ਾ ਦਫ਼ਤਰ ਅੰਮ੍ਰਿਤਸਰ ਵਿਖੇ ਖੋਲ੍ਹਣ ਅਤੇ ਸੰਗਤ ਦੀ ਮੰਗ ਅਨੁਸਾਰ ਪਹਿਲਾਂ ਜਾਂਦੇ ਜਥਿਆਂ ਤੋਂ ਇਲਾਵਾ ਆਮ ਦਿਨਾਂ ਦੌਰਾਨ ਵੀ ਸ਼ਰਧਾਲੂਆਂ ਨੂੰ ਵੀਜ਼ੇ ਦਿੱਤੇ ਜਾਣ ਦੀ ਮੰਗ ਕੀਤੀ। ਇਸ ਦੇ ਨਾਲ ਹੀ ਪਾਕਿਸਤਾਨ 'ਚ ਵੱਸਦੇ ਸਿੱਖਾਂ ਲਈ ਭਾਰਤ ਅੰਦਰ ਸਿੱਖ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨ-ਦੀਦਾਰ ਦਾ ਸੁਖਾਲਾ ਪ੍ਰਬੰਧ ਕਰਨ ਦੀ ਵੀ ਭਾਰਤ ਸਰਕਾਰ ਪਾਸੋਂ ਮੰਗ ਕੀਤੀ ਗਈ। ਮਤੇ ਵਿਚ ਭਾਰਤ ਅਤੇ ਪਾਕਿਸਤਾਨ ਦੀਆਂ ਸਰਕਾਰਾਂ ਨੂੰ ਪਿਛਲੇ ਲੰਮੇ ਸਮੇਂ ਤੋਂ ਦੋਹਾਂ ਦੇਸ਼ਾਂ ਵਿਚ ਬੰਦ ਪਏ ਦੁਵੱਲੇ ਵਪਾਰ ਨੂੰ ਮੁੜ ਸ਼ੁਰੂ ਕਰਨ ਲਈ ਵੀ ਕਿਹਾ ਗਿਆ।

ਭਾਰਤੀ ਫ਼ੌਜ ਵਿਚ ਸਿੱਖਾਂ ਲਈ ਵਿਸ਼ੇਸ਼ ਰਾਖਵਾਂ ਕੋਟਾਂ ਨਿਰਧਾਰਤ ਕਰਨ ਦੀ ਵੀ ਇਕ ਮਤੇ ਰਾਹੀਂ ਮੰਗ ਕੀਤੀ ਗਈ। ਮਤੇ ਵਿਚ ਸਿੱਖ ਕੌਮ ਵੱਲੋਂ ਦੇਸ਼ ਦੀ ਰੱਖਿਆ ਲਈ ਕੀਤੀਆਂ ਵੱਡੀਆਂ ਕੁਰਬਾਨੀਆਂ ਅਤੇ ਫ਼ੌਜ ਵਿਚ ਪਾਏ ਮਹੱਤਵਪੂਰਨ ਯੋਗਦਾਨ ਦਾ ਜ਼ਿਕਰ ਕਰਦਿਆਂ ਰੱਖਿਆ ਮੰਤਰਾਲੇ ਨੂੰ ਸਿੱਖਾਂ ਲਈ ਕੋਟਾਂ ਨਿਰਧਾਰਤ ਕਰਨ ਲਈ ਕਿਹਾ ਗਿਆ, ਤਾਂ ਜੋ ਫ਼ੌਜ ਵਿਚ ਸਿੱਖਾਂ ਦੀ ਪ੍ਰੰਪਰਾਗਤ ਭੂਮਿਕਾ ਨੂੰ ਮਜ਼ਬੂਤੀ ਮਿਲੇ।

ਇਜਲਾਸ ਦੌਰਾਨ ਬੰਦੀ ਸਿੰਘਾਂ ਦੇ ਗੰਭੀਰ ਅਤੇ ਸੰਵੇਦਨਸ਼ੀਲ ਮਾਮਲੇ 'ਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਭਾਰਤ ਸਰਕਾਰ ਨੂੰ ਸਿੱਖ ਭਾਵਨਾਵਾਂ ਦੀ ਕਦਰ ਕਰਦਿਆਂ ਸਿੱਖ ਬੰਦੀਆਂ ਨੂੰ ਤੁਰੰਤ ਰਿਹਾਅ ਕਰਨ ਦੀ ਅਪੀਲ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਇਨਸਾਫ਼, ਸੱਚਾਈ ਅਤੇ ਹੱਕਾਂ ਦੀ ਰਾਖੀ ਲਈ ਕੁਰਬਾਨੀਆਂ ਕਰਨ ਵਾਲੀ ਸਿੱਖ ਕੌਮ ਦੇ ਕਈ ਨੌਜੁਆਨ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ਵਿਚ ਬੰਦ ਹਨ, ਜੋ ਆਪਣੀ ਕਾਨੂੰਨੀ ਸਜ਼ਾਵਾਂ ਵੀ ਪੂਰੀਆਂ ਕਰ ਚੁੱਕੇ ਹਨ। ਉਨ੍ਹਾਂ ਨੂੰ ਰਿਹਾਅ ਨਾ ਕਰਨਾ ਸਾਡੀ ਨਿਆਂ ਪ੍ਰਣਾਲੀ ਅਤੇ ਲੋਕਤੰਤਰ ਲਈ ਵੱਡਾ ਸਵਾਲ ਹੈ।

ਸਰਕਾਰਾਂ ਵੱਲੋਂ ਮੌਜੂਦਾ ਕਿਸਾਨ ਸੰਘਰਸ਼ ਵਿਚ ਅਪਣਾਈ ਗਈ ਨਕਾਰਾਤਮਿਕ ਭੂਮਿਕਾ ਦੀ ਵੀ ਘੋਰ ਨਿੰਦਾ ਕੀਤੀ ਗਈ। ਇਸ ਸਬੰਧੀ ਮਤੇ ਵਿਚ ਕਿਹਾ ਗਿਆ ਕਿ ਕਿਸਾਨ ਭਾਰਤ ਦੀ ਅਰਥ ਵਿਵਸਥਾ

ਦੀ ਰੀੜ੍ਹ ਦੀ ਹੱਡੀ ਹਨ, ਜੋ ਆਪਣੀਆਂ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਹਨ। ਸਰਕਾਰਾਂ ਦੀ ਕਿਸਾਨਾਂ ਦੀਆਂ ਮੰਗਾਂ ਪ੍ਰਤੀ ਅਣਗਹਿਲੀ ਕੇਵਲ ਖੇਤੀਬਾੜੀ ਖੇਤਰ ਲਈ ਹੀ ਨੁਕਸਾਨਦਾਇਕ ਨਹੀਂ ਹੋਵੇਗੀ, ਸਗੋਂ ਲੋਕਤੰਤਰ ਦੀ ਜੜ੍ਹਾਂ ਨੂੰ ਵੀ ਕਮਜ਼ੋਰ ਕਰੇਗੀ। ਮਤੇ ਵਿਚ ਸਰਕਾਰ ਨੂੰ ਕਿਸਾਨ ਆਗੂਆਂ 'ਤੇ ਦਰਜ ਹੋਏ ਝੂਠੇ ਮੁਕੱਦਮੇ ਵਾਪਸ ਲੈਣ ਅਤੇ ਕਿਸਾਨਾਂ ਦੇ ਹੱਕ ਵਿਚ ਤੁਰੰਤ ਸਹੀ ਫੈਸਲੇ ਕਰਨ ਲਈ ਵੀ ਕਿਹਾ ਗਿਆ।

ਇਕ ਹੋਰ ਮਤਾ ਪਾਸ ਕਰਦਿਆਂ ਮੁਹਾਲੀ ਸਥਿਤ ਸੀਬੀਆਈ ਅਦਾਲਤ ਵੱਲੋਂ ਕਈ ਸਿੱਖ ਨੌਜੁਆਨਾਂ ਦੇ ਝੂਠੇ ਪੁਲਿਸ ਮੁਕਾਬਲਿਆਂ ਵਿਚ ਦੋਸ਼ੀ ਪੁਲਿਸ ਅਧਿਕਾਰੀਆਂ ਨੂੰ ਸਜ਼ਾਵਾਂ ਦੇਣ ਦਾ ਸਵਾਗਤ ਕਰਦਿਆਂ ਇਸ ਦਾ ਦਾਇਰਾ ਹੋਰ ਵਿਸ਼ਾਲ ਕਰਨ ਦੀ ਮੰਗ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ੧੯੮੪ ਤੋਂ ਬਾਅਦ ਦੇ ਦਹਾਕੇ ਵਿਚ ਸਰਕਾਰ ਵੱਲੋਂ ਬੇਕਸੂਰ ਸਿੱਖ ਨੌਜੁਆਨਾਂ ਦਾ ਕਿਵੇਂ ਮਿੱਥ ਕੇ ਕਤਲੇਆਮ ਕੀਤਾ ਗਿਆ, ਇਸ ਬਾਰੇ ਪੁਰਾਣੇ ਕੇਸਾਂ ਵਿਚ ਪੁਲਿਸ ਅਧਿਕਾਰੀਆਂ ਨੂੰ ਅਦਾਲਤ ਵੱਲੋਂ ਦਿੱਤੀਆਂ ਸਜ਼ਾਵਾਂ ਤੋਂ ਸਪੱਸ਼ਟ ਹੋ ਚੁੱਕਾ ਹੈ। ਇਸ ਮਤੇ ਵਿਚ ਝੂਠੇ ਪੁਲਿਸ ਮੁਕਾਬਲਿਆਂ ਦਾ ਨਿਸ਼ਾਨਾ ਬਣੇ ਸਿੱਖ ਨੌਜੁਆਨਾਂ ਦੇ ਮਾਮਲੇ ਉਜਾਗਰ ਕਰਦਿਆਂ ਸ਼ਹੀਦ ਹੋਏ ਭਾਈ ਜਸਵੰਤ ਸਿੰਘ ਖਾਲੜਾ ਅਤੇ ਦੋਸ਼ੀ ਪੁਲਿਸ ਅਧਿਕਾਰੀਆਂ ਨੂੰ ਸਜ਼ਾਵਾਂ ਦਿਵਾਉਣ ਵਿਚ ਅਹਿਮ ਭੂਮਿਕਾ ਨਿਭਾਉਣ ਵਾਲਿਆਂ ਦੇ ਯਤਨਾਂ ਦੀ ਪ੍ਰਸ਼ੰਸਾ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਅਜਿਹੇ ਮਾਮਲਿਆਂ ਵਿਚ ਸਾਰੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ। ਇਸ ਦੇ ਨਾਲ ਹੀ ਮੌਜੂਦਾ ਸਮੇਂ ਵੀ ਪੁਲਿਸ ਵੱਲੋਂ ਝੂਠੇ ਮੁਕਾਬਲਿਆਂ ਦੇ ਵਰਤਾਰੇ ਦੀ ਨਿੰਦਾ ਕੀਤੀ ਗਈ। ੨੮ ਮਾਰਚ

# ਸ਼੍ਰੋਮਣੀ ਕਮੇਟੀ ਦਾ ਵਿੱਤੀ ਵਰ੍ਹੇ 2025-26 ਲਈ 1386 ਕਰੋੜ 47 ਲੱਖ 80 ਹਜ਼ਾਰ ਰੁਪਏ ਦਾ ਬਜਟ ਜੈਕਾਰਿਆਂ ਦੀ ਗੂੰਜ ਵਿੱਚ ਪਾਸ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵਿੱਤੀ ਵਰ੍ਹੇ ੨੦੨੫-੨੬ ਲਈ ੧੩੮੬ ਕਰੋੜ ੪੭ ਲੱਖ ੮੦ ਹਜ਼ਾਰ ਰੁਪਏ ਦਾ ਬਜਟ ਜੈਕਾਰਿਆਂ ਦੀ ਗੂੰਜ ਵਿੱਚ ਪਾਸ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿੱਚ ਹੋਏ ਬਜਟ ਇਜਲਾਸ ਦੀ ਪ੍ਰਧਾਨਗੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੀਤੀ, ਜਦਕਿ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਨੇ ਬਜਟ ਪੇਸ਼ ਕੀਤਾ। ਇਜਲਾਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਅਤੇ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਉਚੇਚੇ ਤੌਰ 'ਤੇ ਮੌਜੂਦ ਰਹੇ।

ਸ਼੍ਰੋਮਣੀ ਕਮੇਟੀ ਦੇ ਇਸ ਸਾਲ ਪਾਸ ਕੀਤੇ ਗਏ ੧੩੮੬ ਕਰੋੜ ੪੭ ਲੱਖ ਰੁਪਏ ਦੇ ਬਜਟ ਵਿੱਚ ਪਿਛਲੇ ਸਾਲ ਨਾਲੋਂ ੯.੯੫ ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ। ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਨੇ ਬਜਟ ਪੇਸ਼ ਕਰਦਿਆਂ ਵੱਖ-ਵੱਖ ਵਿਭਾਗਾਂ ਅਤੇ ਅਦਾਰਿਆਂ ਲਈ ਹੋਣ ਵਾਲੀ ਆਮਦਨ ਦੇ ਵੇਰਵੇ ਸਾਂਝੇ ਕੀਤੇ ਅਤੇ ਭਵਿੱਖੀ ਕਾਰਜਾਂ ਲਈ ਰੱਖੀ ਗਈ ਰਾਸ਼ੀ ਦਾ ਖੁਲਾਸਾ ਕੀਤਾ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਅਰਸੇ ਵਿਚ ਕੀਤੇ ਗਏ ਪੰਥਕ, ਵਿਦਿਅਕ, ਧਰਮ ਪ੍ਰਚਾਰ ਅਤੇ ਲੋਕ ਭਲਾਈ ਦੇ ਕਾਰਜਾਂ ਦੀ ਵੀ ਤਫਸੀਲ ਸਾਂਝੀ ਕੀਤੀ। ਸ. ਮੰਡਵਾਲਾ ਅਨੁਸਾਰ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਦੀ ਅਗਵਾਈ ਵਿੱਚ ਸਿੱਖ ਸੰਸਥਾ ਨੇ ਧਰਮ ਪ੍ਰਚਾਰ, ਵਿਦਿਆ ਦੇ ਪ੍ਰਚਾਰ ਪ੍ਰਸਾਰ, ਪੰਥਕ ਕਾਰਜਾਂ

ਅਤੇ ਲੋਕ ਭਲਾਈ ਵਾਸਤੇ ਅਹਿਮ ਕਾਰਜ ਕੀਤੇ ਹਨ ਅਤੇ ਇਸ ਵਾਰ ਵੀ ਬਜਟ ਵਿੱਚ ਇਨ੍ਹਾਂ ਖੇਤਰਾਂ ਲਈ ਵਿਸ਼ੇਸ਼ ਰਾਸ਼ੀ ਦਾ ਇੰਤਜਾਮ ਕੀਤਾ ਗਿਆ ਹੈ।

ਬਜਟ ਇਜਲਾਸ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਵੱਲੋਂ ਪੇਸ਼ ਕੀਤਾ ਗਿਆ ਬਜਟ ਸੰਗਤਾਂ ਦੀਆਂ ਭਾਵਨਾਵਾਂ ਦੀ ਤਰਜਮਾਨੀ ਵਾਲਾ ਹੈ ਅਤੇ ਇਸ ਵਿੱਚ ਸੰਗਤਾਂ ਲਈ ਸਹੂਲਤਾਂ ਦਾ ਖਾਸ ਧਿਆਨ ਰੱਖਿਆ ਗਿਆ ਹੈ। ਇਸ ਤਹਿਤ ਨਵੀਆਂ ਸਰਾਵਾਂ, ਸਿਹਤ ਅਤੇ ਸਿੱਖਿਆ ਸੇਵਾਵਾਂ ਵਿੱਚ ਪ੍ਰਭਾਵੀ ਵਾਧਾ ਅਤੇ ਧਰਮ ਪ੍ਰਚਾਰ ਖੇਤਰ ਅੰਦਰ ਨਵੀਂ ਸੋਧਾਂ ਤੇ ਸੇਧਾਂ ਸ਼ਾਮਲ ਕਰਕੇ ਬਿਹਤਰ ਨਤੀਜੇ ਹਾਸਲ ਕਰਨ ਦਾ ਯਤਨ ਕੀਤਾ ਜਾਵੇਗਾ। ਉਨ੍ਹਾਂ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਇਸ ਸਾਲ ਧਰਮ ਪ੍ਰਚਾਰ ਕਮੇਟੀ ਦਾ ਬਜਟ ੧੧੦ ਕਰੋੜ ਰੁਪਏ, ਜਦਕਿ ਗੁਰਦੁਆਰਾ ਸਾਹਿਬਾਨ ਦਾ ਬਜਟ ੧੦੬੨ ਕਰੋੜ ਰੁਪਏ ਹੈ। ਇਸੇ ਤਰ੍ਹਾਂ ਜਨਰਲ ਬੋਰਡ ਫੰਡ, ਟ੍ਰਸਟ ਫੰਡ, ਵਿਦਿਆ ਫੰਡ, ਖੇਡਾਂ, ਪ੍ਰਿੰਟਿੰਗ ਪ੍ਰੈੱਸਾਂ ਅਤੇ ਵਿਦਿਅਕ ਅਦਾਰਿਆਂ ਲਈ ਵਿਸ਼ੇਸ਼ ਰਾਸ਼ੀ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਥਕ ਭਲਾਈ ਕਾਰਜਾਂ ਲਈ ੪ ਕਰੋੜ ੯੫ ਲੱਖ ਰੁਪਏ, ਸਿੱਖ ਬੱਚਿਆਂ ਨੂੰ ਮੁਫਤ ਵਿਦਿਆ ਲਈ ੮ ਕਰੋੜ ੪੦ ਲੱਖ ਰੁਪਏ, ਖੇਡਾਂ ਲਈ ੩ ਕਰੋੜ ੯ ਲੱਖ ਰੁਪਏ, ਕੁਦਰਤੀ ਆਫ਼ਤਾਂ ਲਈ ੧ ਕਰੋੜ ੫੦ ਲੱਖ ਰੁਪਏ, ਵੱਖ-ਵੱਖ ਗੁਰਦੁਆਰਿਆਂ ਅੰਦਰ ਸਥਾਪਤ ਮੁਫ਼ਤ ਡਿਸਪੈਂਸਰੀਆਂ ਲਈ ੪੪ ਲੱਖ ਰੁਪਏ ਰੱਖੇ ਗਏ ਹਨ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਕੀ ਤੇ ਜੁਡੀਸ਼ੀਅਲ ਸੇਵਾਵਾਂ ਵਾਸਤੇ ਸਿੱਖ ਨੌਜਵਾਨਾਂ ਦੀ ਤਿਆਰੀ ਕਰਵਾਉਣ ਲਈ ਚੱਲ ਰਹੀ ਨਿਸ਼ਚੈ ਅਕੈਡਮੀ ਲਈ ੨ ਕਰੋੜ ੬੩ ਲੱਖ ਰੁਪਏ, ਅੰਮ੍ਰਿਤ ਸੰਚਾਰ ਲਈ ਭੇਟਾ ਰਹਿਤ ਕਕਾਰ ਦੇਣ ਵਾਸਤੇ ੧ ਕਰੋੜ ੯੫ ਲੱਖ ਰੁਪਏ ਰਾਖਵੇਂ ਕੀਤੇ ਹਨ। ਇਸੇ ਤਰ੍ਹਾਂ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਵਾਸਤੇ ੧ ਕਰੋੜ ੧੪ ਲੱਖ, ਬੰਦੀ ਸਿੰਘਾਂ ਦੇ ਮਾਮਲਿਆਂ ਲਈ ੬੦ ਲੱਖ ਰੁਪਏ, ਸਿਕਲੀਗਰ ਸਿੱਖਾਂ ਲਈ ੬੦ ਲੱਖ ਰੁਪਏ, ਅੰਮ੍ਰਿਤਧਾਰੀ ਵਿਦਿਆਰਥੀਆਂ ਦੀਆਂ ਫੀਸਾਂ ਲਈ ੨ ਕਰੋੜ ੫੦ ਲੱਖ ਰੁਪਏ, ਅੰਮ੍ਰਿਤਧਾਰੀ ਲੜਕੀਆਂ ਨੂੰ ਮੁਫ਼ਤ ਵਿਦਿਆ ਲਈ ੨ ਕਰੋੜ ਰੁਪਏ, ਮੀਰੀ ਪੀਰੀ ਮੈਡੀਕਲ ਕਾਲਜ ਹਰਿਆਣਾ ਲਈ ੮ ਕਰੋੜ ਰੁਪਏ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਲਈ ੮ ਕਰੋੜ ਰੁਪਏ ਖਰਚੇ ਜਾਣਗੇ।

ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਬਜਟ ਦਾ ਮੁੱਖ ਸਰੋਤ ਸੰਗਤਾਂ ਵੱਲੋਂ ਭੇਟਾ ਕੀਤੀ ਜਾਂਦੀ ਰਾਸ਼ੀ ਅਤੇ ਦਸਵੰਧ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦੋ-ਤਿੰਨ ਸਾਲਾਂ ਤੋਂ ਬਜਟ ਦੀ ਅਨੁਮਾਨਿਤ ਰਾਸ਼ੀ ਤੋਂ ਵਾਧਾ ਦਰਜ ਕੀਤਾ ਜਾ ਰਿਹਾ ਹੈ, ਜੋ ਖਰਚਿਆਂ ਨੂੰ ਲੋੜ-ਅਨੁਸਾਰ ਅਤੇ ਨਿਯਮਿਤ ਕਰਨ ਦਾ ਨਤੀਜਾ ਹੈ। ਉਨ੍ਹਾਂ ਵਚਨਬੱਧਤਾ ਪ੍ਰਗਟਾਈ ਕਿ ਸਿੱਖ ਸੰਸਥਾ ਦੇ ਕਾਰਜ ਸੰਗਤ ਦੀ ਭਾਵਨਾ ਅਨੁਸਾਰ ਜਾਰੀ ਰੱਖੇ ਜਾਣਗੇ ਅਤੇ ਖਾਸ ਕਰਕੇ ਸੰਗਤੀ ਸਹੂਲਤਾਂ ਨੂੰ ਤਰਜੀਹ ਦਿੱਤੀ ਜਾਵੇਗੀ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰਦਿਆਂ ਕਿਹਾ ਕਿ ਜਦੋਂ ਸਰਕਾਰਾਂ ਵਿਦਿਆ ਦੇ ਪ੍ਰਸਾਰ ਲਈ ਫੇਲ੍ਹ ਸਾਬਤ ਹੋ ਰਹੀਆਂ ਹਨ ਤਾਂ ਅਜਿਹੇ ਸਮੇਂ ਸ਼੍ਰੋਮਣੀ ਕਮੇਟੀ ਦਾ ਸਮਾਜ ਅੰਦਰ ਇਸ ਖੇਤਰ ਵਿੱਚ ਯੋਗਦਾਨ ਵੱਡੇ ਮਹੱਤਵ ਵਾਲਾ ਹੈ, ਇਸੇ ਲਈ ਬਜਟ ਵਿੱਚ ਵਿਦਿਆ ਦੇ ਪ੍ਰਚਾਰ ਪ੍ਰਸਾਰ ਲਈ ਵੱਡੀ ਰਾਸ਼ੀ ਰੱਖੀ ਗਈ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਬਜਟ ਇਜਲਾਸ ਦੌਰਾਨ ਕੁਝ ਮੈਂਬਰਾਂ ਵੱਲੋਂ ਕੀਤੇ ਗਏ ਸ਼ੋਰ-ਸ਼ਰਾਬੇ ਨੂੰ ਮੰਦਭਾਗਾ ਕਰਾਰ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਅੰਦਰ ਅਜਿਹਾ ਵਰਤਾਰਾ ਠੀਕ ਨਹੀਂ ਹੈ। ਐਡਵੋਕੇਟ ਧਾਮੀ ਨੇ ਆਖਿਆ ਉਹ ਹਰ ਇੱਕ ਦੇ ਵਿਚਾਰ ਦਾ ਸਤਿਕਾਰ ਪਰੰਤੂ ਇਹ ਮਰਯਾਦਾ ਅਤੇ ਨਿਯਮਾਂ ਵਿੱਚ ਰਹਿ ਕੇ ਹੋਣਾ ਚਾਹੀਦਾ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਬਾਰੇ ਚੱਲ ਰਹੀ ਚਰਚਾ ਨੂੰ ਉਨ੍ਹਾਂ ਨੇ ਖੁਦ ਏਜੰਡੇ ਉੱਤੇ ਲੈ ਕੇ ਗੱਲ ਕਰਨੀ ਚਾਹੀ ਸੀ

ਪਰੰਤੂ ਕੁਝ ਮੈਂਬਰਾਂ ਨੇ ਉਨ੍ਹਾਂ ਦੀ ਗੱਲ ਸੁਣਨੀ ਮੁਨਾਸਿਬ ਨਾ ਸਮਝੀ ਅਤੇ ਉਹ ਮਰਯਾਦਾ ਵਿਰੁੱਧ ਜਾ ਕੇ ਰੌਲਾ ਪਾਉਂਦੇ ਰਹੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਜਥੇਦਾਰਾਂ ਦੀ ਨਿਯੁਕਤੀ, ਅਧਿਕਾਰ ਖੇਤਰ ਅਤੇ ਸੇਵਾਮੁਕਤੀ ਬਾਰੇ ਨਿਯਮ ਬਣਾਉਣ ਲਈ ਉਹ ਖੁਦ ਸੰਜੀਦਾ ਹਨ ਇਸੇ ਲਈ ਇਜਲਾਸ ਵਿੱਚ ਇਸ ਸਬੰਧੀ ਸਿਧਾਂਤਕ ਪ੍ਰਵਾਨਗੀ ਦੇ ਦਿੱਤੀ ਗਈ ਹੈ ਅਤੇ ਜਲਦ ਹੀ ਇਸ ਬਾਰੇ ਸੁਝਾਅ ਲਏ ਜਾਣਗੇ ਅਤੇ ਗਠਤ ਕੀਤੀ ਜਾਣ ਵਾਲੀ ਕਮੇਟੀ ਰਾਹੀਂ ਇਨ੍ਹਾਂ ਨੂੰ ਵਿਚਾਰ ਕੇ ਇੱਕ ਨੀਤੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਪੰਥ ਦਾ ਸੰਜੀਦਾ ਮਾਮਲਾ ਹੈ ਜਿਸ ਉੱਤੇ ਉਹ ਹਰ ਇੱਕ ਨਾਲ ਵਿਚਾਰ ਕਰਨ ਨੂੰ ਤਿਆਰ ਹਨ ਪਰੰਤੂ ਇਹ ਜਾਬਤੇ ਵਿੱਚ ਰਹਿ ਕੇ ਹੋਵੇ। ਉਨ੍ਹਾਂ ਸਮੂਹ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਸਹਿਯੋਗ ਕਰਨ ਅਤੇ ਇੱਕ ਭਰੋਸੇ ਨਾਲ ਇਸ ਮਾਮਲੇ ਦੇ ਹੱਲ ਵੱਲ ਵਧਣ।

ਜਨਰਲ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਅਮਰੀਕ ਸਿੰਘ ਵਿਛੋਆ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਵੰਤ ਸਿੰਘ ਪੁੜੈਣ ਤੇ ਸ. ਪਰਮਜੀਤ ਸਿੰਘ ਰਾਏਪੁਰ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਬੀਬੀ ਜਗੀਰ ਕੌਰ, ਮੈਂਬਰ ਸ. ਅਮਰੀਕ ਸਿੰਘ ਜਨੈਤਪੁਰ, ਸ. ਹਰਪਾਲ ਸਿੰਘ ਪਾਲੀ, ਬੀਬੀ ਅਮਰਜੀਤ ਕੌਰ, ਸ. ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਗੁਰਪਾਲ ਸਿੰਘ ਗੋਰਾ, ਬੀਬੀ ਕਿਰਨਵੀਰ ਕੌਰ, ਸ. ਨਤਵੇਜ ਸਿੰਘ ਕਾਉਣੀ, ਸ. ਕੌਰ ਸਿੰਘ ਬਹਾਵਵਾਲਾ, ਬੀਬੀ ਪਰਮਿੰਦਰ ਕੌਰ, ਸ. ਸੂਬਾ ਸਿੰਘ ਡੱਬਵਾਲਾ, ਸ. ਦਰਸ਼ਨ ਸਿੰਘ ਬਰਾੜ, ਸ. ਪ੍ਰੀਤਮ ਸਿੰਘ ਮਲਸੀਹਾਂ, ਸ. ਦਰਸ਼ਨ ਸਿੰਘ ਸ਼ੇਰਖਾਂ, ਸ. ਬਲਵਿੰਦਰ ਸਿੰਘ ਭੰਮਾਂਲੰਡਾ, ਸ. ਸਤਪਾਲ ਸਿੰਘ ਤਲਵੰਡੀ ਭਾਈ, ਬੀਬੀ ਜਸਵਿੰਦਰ ਕੌਰ ਜ਼ੀਰਾ, ਸ. ਗੁਰਮੀਤ ਸਿੰਘ ਬੂਹ,ਬੀਬੀ ਨਰਿੰਦਰ ਕੌਰ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਤਰਸੇਮ ਸਿੰਘ ਰੱਤੀਆਂ, ਬੀਬੀ ਜਸਵਿੰਦਰ ਕੌਰ, ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਸ. ਮੇਜਰ ਸਿੰਘ ਮਹਿਰਾਜ, ਬੀਬੀ ਜਸਪਾਲ ਕੌਰ, ਬੀਬੀ ਜੋਗਿੰਦਰ ਕੌਰ ਬਠਿੰਡਾ, ਸ. ਮੋਹਨ ਸਿੰਘ ਬੰਗੀ, ਸ. ਸੁਰਜੀਤ ਸਿੰਘ ਰਾਏਪੁਰ, ਸ. ਮਿੱਠੂ ਸਿੰਘ ਕਾਹਨੇਕੇ, ਬਾਬਾ ਬੂਟਾ ਸਿੰਘ, ਸ. ਗੁਰਪ੍ਰੀਤ ਸਿੰਘ ਝੱਬਰ,ਬੀਬੀ ਪਰਮਜੀਤ ਕੌਰ, ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਬੀਬੀ ਜਸਪਾਲ ਕੌਰ, ਸ. ਮਲਕੀਤ ਸਿੰਘ ਚੰਗਾਲ, ਸ. ਬਲਦੇਵ ਸਿੰਘ ਚੂੰਘਾ, ਸੰਤ ਬਲਬੀਰ ਸਿੰਘ ਘੁੰਨਸ, ਬੀਬੀ ਸ਼ਰਨਜੀਤ ਕੌਰ, ਸ. ਭੁਪਿੰਦਰ ਸਿੰਘ ਭਲਵਾਨ, ਸ. ਹਰਦੇਵ ਸਿੰਘ ਰੋਂਗਲਾ, ਬੀਬੀ ਮਲਕੀਤ ਕੌਰ ਕਮਾਲਪੁਰ,ਬੀਬੀ ਹਰਦੀਪ ਕੌਰ, ਸ. ਸਤਵਿੰਦਰ ਸਿੰਘ ਟੌਹੜਾ, ਸ. ਜਰਨੈਲ ਸਿੰਘ ਕਰਤਾਰਪੁਰ, ਬੀਬੀ ਕੁਲਦੀਪ ਕੌਰ ਟੌਹੜਾ, ਸ. ਨਿਰਮੈਲ ਸਿੰਘ ਜੌਲਾਂ, ਬਾਬਾ ਗੁਰਪ੍ਰੀਤ ਸਿੰਘ, ਸ. ਅਵਤਾਰ ਸਿੰਘ ਰਿਆ,ਸ. ਦਵਿੰਦਰ ਸਿੰਘ ਖੱਟੜਾ, ਸ. ਰਘਬੀਰ ਸਿੰਘ ਸਹਾਰਨ ਮਾਜਰਾ, ਸ. ਚਰਨ ਸਿੰਘ ਆਲਮਗੀਰ, ਸ. ਹਰਪਾਲ ਸਿੰਘ ਜੱਲਾ, ਸ. ਗੁਰਪ੍ਰੀਤ ਸਿੰਘ ਗਰਚਾ, ਸ. ਜਗਜੀਤ ਸਿੰਘ ਤਲਵੰਡੀ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਕੇਵਲ ਸਿੰਘ ਬਾਦਲ, ਸ. ਬਲਵਿੰਦਰ ਸਿੰਘ ਬੈਂਸ, ਬੀਬੀ ਰਜਿੰਦਰ ਕੌਰ, ਸ. ਰਣਜੀਤ ਸਿੰਘ ਮੰਗਲੀ, ਸ. ਸਰਬੰਸ ਸਿੰਘ ਮਾਣਕੀ, ਬੀਬੀ ਹਰਜਿੰਦਰ ਕੌਰ, ਸ. ਗੁਰਬਖ਼ਸ਼ ਸਿੰਘ ਖਾਲਸਾ, ਸ. ਸੁਖਦੇਵ ਸਿੰਘ ਭੌਰ, ਬੀਬੀ ਦਵਿੰਦਰ ਕੌਰ ਕਾਲੜਾ, ਸ. ਰਣਜੀਤ ਸਿੰਘ ਕਾਹਲੋਂ, ਬੀਬੀ ਗੁਰਪ੍ਰੀਤ ਕੌਰ, ਸ. ਬਲਜੀਤ ਸਿੰਘ ਜਲਾਲਉਸਮਾਂ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਬਲਵਿੰਦਰ ਸਿੰਘ ਵੇਂਈਪੂਈਂ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਖੁਸ਼ਵਿੰਦਰ

ਸਿੰਘ ਭਾਟੀਆ, ਬੀਬੀ ਹਰਜਿੰਦਰ ਕੌਰ, ਭਾਈ ਮਨਜੀਤ ਸਿੰਘ ਭੂਰਾਕੋਹਨਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਗੁਰਿੰਦਰਪਾਲ ਸਿੰਘ ਰਣੀਕੇ, ਸ. ਹਰਜਾਪ ਸਿੰਘ ਸੁਲਤਾਨਵਿੰਡ, ਭਾਈ ਰਾਜਿੰਦਰ ਸਿੰਘ ਮਹਿਤਾ, ਸ. ਬਾਵਾ ਸਿੰਘ ਗੁਮਾਨਪੁਰਾ, ਬੀਬੀ ਕਿਰਨਜੋਤ ਕੌਰ, ਸ. ਸੁਰਜੀਤ ਸਿੰਘ ਭਿੱਟੇਵੱਡ, ਬੀਬੀ ਬਲਵਿੰਦਰ ਕੌਰ ਲੋਪੋਕੇ, ਸ. ਜੋਧ ਸਿੰਘ ਸਮਰਾ, ਬੀਬੀ ਸਵਰਨ ਕੌਰ ਤੇੜਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਭਗਵੰਤ ਸਿੰਘ ਸਿਆਲਕਾ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਗੁਰਨਾਮ ਸਿੰਘ ਜੱਸਲ, ਸ. ਅਮਰੀਕ ਸਿੰਘ ਸ਼ਾਹਪੁਰ, ਬੀਬੀ ਜੋਗਿੰਦਰ ਕੌਰ, ਬੀਬੀ ਜਸਵੀਰ ਕੌਰ ਜੱਫਰਵਾਲ,ਸ. ਰਵਿੰਦਰ ਸਿੰਘ ਚੱਕ, ਸ. ਸੁਰਿੰਦਰ ਸਿੰਘ ਠੇਕੇਦਾਰ, ਸ. ਜੰਗ ਬਹਾਦਰ ਸਿੰਘ ਰਾਏ, ਭਾਈ ਅਮਰਜੀਤ ਸਿੰਘ ਚਾਵਲਾ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਅਜਮੇਰ ਸਿੰਘ ਖੇੜਾ, ਸ. ਚਰਨਜੀਤ ਸਿੰਘ ਕਾਲੇਵਾਲ, ਬੀਬੀ ਪਰਮਜੀਤ ਕੌਰ ਲਾਂਡਰਾਂ,ਭਾਈ ਰਾਮ ਸਿੰਘ, ਸ. ਜਗਤਾਰ ਸਿੰਘ ਰੋਡੇ, ਸ. ਸੁਰਜੀਤ ਸਿੰਘ ਕੰਗ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਗੁਰਮਿੰਦਰ ਸਿੰਘ ਮਠਾਰੂ, ਬੀਬੀ ਸੁਖਵਿੰਦਰ ਕੌਰ ਸਮੇਤ ਓਐਸਡੀ ਸ. ਸਤਬੀਰ ਸਿੰਘ ਧਾਮੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਸ. ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ ਆਦਿ ਹਾਜ਼ਰ ਸਨ। ੨੮ ਮਾਰਚ

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਨਿਯੁਕਤੀ ਤੇ ਸੇਵਾ ਮੁਕਤੀ ਸਬੰਧੀ ਨਿਯਮਾਵਲੀ ਬਣਾਉਣ ਲਈ ਸ਼੍ਰੋਮਣੀ ਕਮੇਟੀ ਨੇ ਪੰਥ ਤੋਂ ਮੰਗੇ ਸੁਝਾਅ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ ਖੇਤਰ, ਜ਼ਿੰਮੇਵਾਰੀਆਂ ਅਤੇ ਸੇਵਾ ਮੁਕਤੀ ਸਬੰਧੀ ਨਿਯਮ ਨਿਰਧਾਰਤ ਕਰਨ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼ ਵਿਦੇਸ਼ ਵਿਚ ਵੱਸਦੇ ਵਿਦਵਾਨਾਂ ਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਹੈ।

ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਇਹ ਚਿਰੋਕਣੀ ਮੰਗ ਰਹੀ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਪਦਵੀ ਦੇ ਸਤਿਕਾਰ ਅਤੇ ਮਹੱਤਵ ਦੇ ਮੱਦੇਨਜ਼ਰ ਸੇਵਾ ਨਿਯਮ ਤਹਿ ਕੀਤੇ ਜਾਣ, ਜਿਸ ਨੂੰ ਲੈ ਕੇ ਬੀਤੇ ਕੱਲ੍ਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਵਿੱਚ ਸਿਧਾਂਤਕ ਪ੍ਰਵਾਨਗੀ ਦਾ ਮਤਾ ਪਾਸ ਕੀਤਾ ਗਿਆ ਹੈ। ਇਸ ਮਤੇ ਦੀ ਭਾਵਨਾ ਅਨੁਸਾਰ ਜਥੇਦਾਰ ਸਾਹਿਬ ਦੀ ਨਿਯੁਕਤੀ, ਸੇਵਾਵਾਂ ਅਤੇ ਸੇਵਾ ਮੁਕਤੀ ਬਾਰੇ ਕੌਮ ਦੀਆਂ ਸਮੁੱਚੀਆਂ ਜਥੇਬੰਦੀਆਂ ਤੇ ਸੰਸਥਾਵਾਂ ਦੇ ਨਾਲ ਨਾਲ ਸਿੱਖ ਬੁੱਧੀਜੀਵੀਆਂ ਦੇ ਵਿਚਾਰ ਮਹੱਤਵਪੂਰਨ ਹਨ। ਇਸ ਲਈ ੨੦ ਅਪ੍ਰੈਲ ੨੦੨੫ ਤਕ ਸ਼੍ਰੋਮਣੀ ਕਮੇਟੀ ਪਾਸ ਆਪਣੇ ਸੁਝਾਅ ਭੇਜੇ ਜਾਣ ਤਾਂ ਜੋ ਇਨ੍ਹਾਂ ਨੂੰ ਵਿਚਾਰ ਕੇ ਸੇਵਾ ਨਿਯਮਾਂ ਵਾਸਤੇ ਇੱਕ ਸਾਂਝੀ ਕੌਮੀ ਰਾਇ ਬਣਾਈ ਜਾ ਸਕੇ।

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਇਹ ਸੁਝਾਅ ਸ਼੍ਰੋਮਣੀ ਕਮੇਟੀ ਨੂੰ ਦਸਤੀ ਰੂਪ ਵਿਚ ਜਾਂ ਅਧਿਕਾਰਤ ਈਮੇਲਨਿਡੑਸਗਪਚ.ਨੲਟ ਅਤੇ ਵਟਸਐਪ ਨੰਬਰ ੭੭੧੦੧੩੬੨੦੦ ਉਤੇ ਭੇਜੇ ਜਾਣ। ੨੯ ਮਾਰਚ

# ਸਿੱਖ ਮਾਮਲਿਆਂ ਵਿੱਚ ਦਖ਼ਲ ਦੇਣ ਦੀ ਥਾਂ ਸੂਬੇ ਦੇ ਹਾਲਾਤ ਵੱਲ ਧਿਆਨ ਦੇਵੇ ਪੰਜਾਬ ਸਰਕਾਰ- ਐਡਵੋਕੇਟ ਧਾਮੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿੱਖ ਮਸਲਿਆਂ ਵਿੱਚ ਦਖਲਅੰਦਾਜ਼ੀ ਦਾ ਕਰੜਾ ਨੋਟਿਸ ਲੈਂਦਿਆਂ ਸਰਕਾਰ ਨੂੰ ਨਸੀਹਤ ਦਿੱਤੀ ਹੈ ਕਿ ਉਹ ਆਪਣੇ ਅਧਿਕਾਰ ਖੇਤਰ ਵਿੱਚ ਰਹਿ ਕੇ ਸੂਬੇ ਦੇ ਹਾਲਾਤ ਸੁਧਾਰਣ ਵੱਲ ਧਿਆਨ ਦੇਵੇ।

ਜਾਰੀ ਕੀਤੇ ਇੱਕ ਬਿਆਨ ਵਿੱਚ ਐਡਵੋਕੇਟ ਧਾਮੀ ਨੇ ਪੰਜਾਬ ਸਰਕਾਰ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਵੱਲੋਂ ਵਿਧਾਨ ਸਭਾ ਅੰਦਰ ਜਾਣਬੁੱਝ ਕੇ ਨੀਤੀਗਤ ਢੰਗ ਨਾਲ ਸਿੱਖ ਮਾਮਲਿਆਂ ਵਿੱਚ ਦਖਲ ਦੀ ਕਰੜੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਸਿੱਖਾਂ ਦੇ ਮਸਲੇ ਸਿੱਖ ਖੁਦ ਹੱਲ ਕਰਨਾ ਜਾਣਦੇ ਹਨ ਅਤੇ ਇਨ੍ਹਾਂ ਮਸਲਿਆਂ ਵਿੱਚ ਸਰਕਾਰਾਂ ਵੱਲੋਂ ਦਖਲਅੰਦਾਜ਼ੀ ਕੌਮੀ ਭਾਵਨਾਵਾਂ ਨੂੰ ਵੱਡੀ ਚੁਣੌਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਆਪਣੇ ਦਾਇਰੇ ਵਿੱਚ ਰਹਿ ਕੇ ਪੰਜਾਬ ਦੇ ਲੋਕਾਂ ਦੀ ਭਲਾਈ ਅਤੇ ਸੂਬੇ ਦੀ ਹਰ ਖੇਤਰ ਵਿੱਚ ਨਿਘਰਦੀ ਹਾਲਾਤ ਨੂੰ ਸੁਧਾਰਣ ਵੱਲ ਧਿਆਨ ਦੇਵੇ ਨਾ ਕਿ ਸਿੱਖ ਮਸਲਿਆਂ ਵਿੱਚ ਦਖਲਅੰਦਾਜ਼ੀ ਕਰਕੇ ਲੋਕਾਂ ਦਾ ਧਿਆਨ ਭਟਕਾਏ।

ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਦੇ ਲੋਕ ਵੱਖ-ਵੱਖ ਸਹੂਲਤਾਂ ਨੂੰ ਤਰਸ ਰਹੇ ਹਨ ਜਦਕਿ ਸਰਕਾਰ ਦੇ ਨੁਮਾਇੰਦੇ ਆਪਣੇ ਅਧਿਕਾਰ ਖੇਤਰ ਤੋਂ ਪਰ੍ਹਾਂ ਜਾ ਕੇ ਸਿੱਖਾਂ ਦੇ ਅੰਦਰੂਨੀ ਮਾਮਲਿਆਂ ਨੂੰ ਉਛਾਲ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਸਿੱਖ ਮਸਲਿਆਂ ਵਿੱਚ ਜੇਕਰ ਏਨੀ ਹੀ ਦਿਲਚਸਪੀ ਹੈ ਤਾਂ ਇਹ ਬੰਦੀ ਸਿੰਘਾਂ ਦਾ ਮਸਲਾ ਹੱਲ ਕਰਵਾਉਣ, ਜਿਸ ਵਿੱਚ ਦਿੱਲੀ ਅੰਦਰ ਇਨ੍ਹਾਂ ਦੀ ਦਸ ਸਾਲ ਸਰਕਾਰ ਹੁੰਦਿਆਂ ਇਹ ਵਿਰੋਧ 'ਚ ਹੀ ਭੁਗਤੇ ਹਨ। ਉਨ੍ਹਾਂ ਆਖਿਆ ਕਿ ਪ੍ਰੋ. ਦੇਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦਿੱਲੀ ਦੀ ਸਰਕਾਰ ਦੇ ਹੱਥ ਵਿੱਚ ਸੀ ਜਿਸ ਪ੍ਰਤੀ ਇਨ੍ਹਾਂ ਨੇ ਜਾਣਬੁੱਝ ਕੇ ਨਕਾਰਾਤਮਕ ਰਵੱਈਆ ਅਖਤਿਆਰ ਕਰੀ ਰੱਖਿਆ। ਉਨ੍ਹਾਂ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੂੰ ਨਸੀਹਤ ਦਿੱਤੀ ਕਿ ਉਹ ਆਪਣੇ ਅਧਿਕਾਰ ਖੇਤਰ ਤੱਕ ਸੀਮਤ ਰਹੇ ਅਤੇ ਸਿੱਖਾਂ ਦੇ ਅੰਦਰੂਨੀ ਮਾਮਲਿਆਂ ਵਿੱਚ ਦਖਲ ਨਾ ਦੇਵੇ। ੨੯ ਮਾਰਚ

# ਪਿੰਡ ਭਾਮ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਗਨ ਭੇਟ ਹੋਣ 'ਤੇ ਐਡਵੋਕੇਟ ਧਾਮੀ ਨੇ ਦੁੱਖ ਪ੍ਰਗਟਾਇਆ

## ਸੰਗਤਾਂ ਨੂੰ ਸਮੇਂ-ਸਮੇਂ ਬਿਜਲੀ ਉਪਕਰਣਾਂ ਦੇ ਨਰੀਖਣ ਦੀ ਕੀਤੀ ਅਪੀਲ

ਅੰਮ੍ਰਿਤਸਰ-ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਭਾਮ ਵਿਖੇ ਗੁਰਦੁਆਰਾ ਸਾਹਿਬ 'ਚ ਬਿਜਲੀ ਦਾ ਸ਼ਾਰਟ ਸਰਕਟ ਹੋਣ ਕਾਰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਤੇ ਗੁਰਬਾਣੀ ਦੀਆਂ ਪੋਥੀਆਂ ਅਗਨ ਭੇਟ ਹੋਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੁੱਖ ਪ੍ਰਗਟਾਇਆ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਅਤੇ ਸੰਗਤਾਂ ਨੂੰ ਵਾਰ ਵਾਰ ਅਪੀਲ ਕੀਤੀ ਗਈ ਹੈ ਕਿ ਸੇਵਾਦਾਰਾਂ ਦੀ ਗੈਰ ਹਾਜ਼ਰੀ ਵਿਚ ਬਿਜਲੀ ਉਪਕਰਣਾਂ ਨੂੰ ਚਾਲੂ ਨਾ ਰੱਖਿਆ ਜਾਵੇ ਪਰ ਦੁੱਖ ਦੀ ਗੱਲ ਹੈ ਕਿ ਪ੍ਰਬੰਧਕ ਕਮੇਟੀਆਂ ਇਸ 'ਤੇ ਧਿਆਨ ਨਹੀਂ ਦਿੰਦੀਆਂ। ਉਨ੍ਹਾਂ ਕਿਹਾ ਕਿ ਤਾਜ਼ਾ ਘਟਨਾ ਵੀ ਬਿਜਲੀ ਦਾ ਸਰਕਟ ਸ਼ਾਰਟ ਹੋਣ ਕਰਕੇ ਵਾਪਰੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ

ਕਮੇਟੀਆਂ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਅਜਿਹੇ ਹਾਦਸਿਆਂ ਨੂ ਰੋਕਣ ਲਈ ਸੰਜੀਦਾ ਹੋਣ ਅਤੇ ਗੁਰਦੁਆਰਾ ਸਾਹਿਬਾਨ ਅੰਦਰ ਬਿਜਲੀ ਦੀਆਂ ਤਾਰਾਂ ਅਤੇ ਉਪਕਰਣਾਂ ਦਾ ਸਮੇਂ-ਸਮੇ ਨਰੀਖਣ ਕਰਦੇ ਰਹਿਣ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਅੰਦਰ ਹਰ ਸਮੇਂ ਇੱਕ ਸੇਵਾਦਾਰ ਦਾ ਰਹਿਣਾ ਵੀ ਲਾਜ਼ਮੀ ਬਣਾਇਆ ਜਾਵੇ ਤਾਂ ਜੋ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਸਮੇਂ-ਸਮੇਂ ਗੁਰਦੁਆਰਾ ਸਾਹਿਬਾਨ ਦੀਆਂ ਕਮੇਟੀਆਂ ਨੂੰ ਸੁਚੇਤ ਕਰਦੇ ਰਹਿਣ। ੩੦ ਮਾਰਚ

# ਗੁਰਦੁਆਰਾ ਪ੍ਰਬੰਧਕ ਸੁਚੇਤ ਹੋਣ

ਗੁਰਦੁਆਰਿਆਂ ਵਿਚ ਬਿਜਲੀ ਦੇ ਸਰਕਟ ਸ਼ਾਰਟ ਹੋਣ ਕਾਰਨ ਅੱਗਾਂ ਲੱਗਣ ਦੀਆਂ ਦੁੱਖਦਾਈ ਘਟਨਾਵਾਂ ਕਾਰਨ ਹੋਰ ਨੁਕਸਾਨ ਦੇ ਨਾਲ-ਨਾਲ ਕਈ ਵਾਰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਵੀ ਅਗਨ ਭੇਟ ਹੋ ਜਾਂਦੇ ਹਨ। ਗੁਰਦੁਆਰਿਆਂ ਵਿਚ ਸ਼ਰਧਾ-ਵੱਸ ਕਈ ਤਰ੍ਹਾਂ ਦੇ ਸਜਾਵਟੀ ਲੈਂਪ, ਬਿਜਲੀ ਦੀਆਂ ਲੜੀਆਂ ਆਦਿ ਲਗਾਈਆਂ ਜਾਂਦੀਆਂ ਹਨ, ਜਿਨ੍ਹਾਂ ਦੀਆਂ ਤਾਰਾਂ ਦੇ ਜੋੜ ਉਚਿਤ ਢੰਗ ਨਾਲ ਨਹੀਂ ਲਗਾਏ ਜਾਂਦੇ। ਸਰਕਟ ਸ਼ਾਰਟ ਹੋਣ ਕਾਰਨ ਜਦ ਕੋਈ ਦੁੱਖਦਾਈ ਘਟਨਾ ਵਾਪਰ ਜਾਂਦੀ ਹੈ ਤਾਂ ਬੇਵੱਸੀ ਜ਼ਾਹਿਰ ਕਰ ਕੇ ਛੁਟਕਾਰਾ ਪਾਉਣ ਦਾ ਯਤਨ ਕੀਤਾ ਜਾਂਦਾ ਹੈ ਜਾਂ ਫਿਰ ਕਈ ਵਾਰ ਅਣਗਹਿਲੀ ਨੂੰ ਛੁਪਾਉਣ ਲਈ ਕਿਸੇ ਨਾ ਕਿਸੇ 'ਤੇ ਸ਼ੱਕ ਦੀ ਸੂਈ ਟਿਕਾ ਦਿੱਤੀ ਜਾਂਦੀ ਹੈ, ਜੋ ਉਚਿਤ ਨਹੀਂ। ਗੁਰੂ-ਘਰਾਂ ਦੇ ਪ੍ਰਬੰਧਕਾਂ ਨੂੰ ਨਿਮਰਤਾ ਪੂਰਵਕ ਅਪੀਲ ਕੀਤੀ ਜਾਂਦੀ ਹੈ ਕਿ ਗੁਰਦੁਆਰਾ ਸਾਹਿਬ ਅੰਦਰ ਏ.ਸੀ., ਕੂਲਰ, ਪੱਖੇ, ਲਾਈਟਾਂ, ਧੂਫ, ਦੀਵਾ-ਬੱਤੀ ਆਦਿ ਤਦ ਤੱਕ ਹੀ ਜਾਰੀ ਰੱਖਣਾ ਚਾਹੀਦਾ ਹੈ ਜਦ ਤਕ ਕੋਈ ਨਿਗਰਾਨੀ ਵਾਲਾ ਹਾਜ਼ਰ ਹੋਵੇ। ਗੁਰਦੁਆਰਾ ਸਾਹਿਬ ਦੇ ਕਿਵਾੜ ਬੰਦ ਕਰਨ ਸਮੇਂ ਜਾਂ ਬਾਹਰ ਜਾਣ ਸਮੇਂ ਬਿਜਲਈ ਉਪਕਰਣ, ਧੂਫ, ਦੀਵਾਬੱਤੀ ਬੰਦ ਕਰਕੇ ਜਾਣਾ ਚਾਹੀਦਾ ਹੈ। ਗੁਰਦੁਆਰੇ ਅੰਦਰ ਬਿਜਲੀ ਦੀਆਂ ਤਾਰਾਂ ਸਮੇਤ ਸਮੁੱਚੀ ਫਿਟਿੰਗ ਆਦਿ ਉਚਿਤ ਢੰਗ ਨਾਲ ਕੀਤੀ ਜਾਵੇ। ਸੁਖ-ਆਸਣ ਵਾਲੇ ਪਲੰਘ ਨਾਲ ਬਿਜਲੀ ਦੇ ਬੱਲਬ, ਪੱਖੇ ਜਾਂ ਹੋਰ ਕਿਸੇ ਯੰਤਰ ਦੀ ਫਿਟਿੰਗ ਨਾ ਕੀਤੀ ਜਾਵੇ। ਜ਼ਿਆਦਾ ਗਰਮੀ, ਤੇਜ਼ ਹਵਾਵਾਂ ਅਤੇ ਹਨ੍ਹੇਰੀਆਂ ਆਦਿ ਚੱਲਣ ਸਮੇਂ ਅਕਸਰ ਤਾਰਾਂ ਸ਼ਾਰਟ ਹੋਣ ਦਾ ਡਰ ਬਣਿਆ ਰਹਿੰਦਾ ਹੈ। ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕ, ਗ੍ਰੰਥੀ ਸਿੰਘ ਅਤੇ ਸੇਵਾਦਾਰ ਉਪਰੋਕਤ ਦਿੱਤੇ ਸੁਝਾਵਾਂ ਨੂੰ ਅਮਲ 'ਚ ਲਿਆ ਕੇ ਗੁਰੂ ਸਾਹਿਬ ਦੇ ਅਦਬ-ਸਤਿਕਾਰ ਨੂੰ ਯਕੀਨੀ ਬਣਾਉਣ।

**ਸਕੱਤਰ,**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਹਿਸਾਬ-ਕਿਤਾਬ

ੴ ਵਾਹਿਗੁਰੂ ਜੀ ਕੀ ਫ਼ਤਹ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਚਿੱਠਾ ਆਮਦਨ/ਖ਼ਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਫਰਵਰੀ ੨੦੨੫

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਧਾਰਮਿਕ ਫੰਡ ੮੫ | ੪੭ | 0.00 | ੧੪੮੦੨੩੭੭੬.00 |
| ੨ | ਧਾਰਮਿਕ ਫੰਡ ੮੭ | ੮੯ | 0.00 | ੯੯੦੦੦੦.00 |
| ੩ | ਪ੍ਰਚਾਰ ਸਹਾਇਤਾ | ੧੨੯ | 0.00 | ੪੪੧੪੫੦.00 |
| ੪ | ਸੂਦ ਬੈਂਕਾਂ | ੧੫੯ | 0.00 | ੧੩੫੬੨੫੧.੩੫ |
| ੫ | ਧਾਰਮਿਕ ਪ੍ਰੀਖਿਆ ਵਜ਼ੀਫੇ/ਪੱਤਰ ਵਿਹਾਰ ਕੋਰਸ ਤੇ ਖੋਜ ਕੇਂਦਰ | ੧੮੫ | ੧੪੯੯੭੨੬.00 | ੩੦੩੯੦.00 |
| ੬ | ਧਾਰਮਿਕ ਵਿਦਿਆ | ੨੧੪ | ੨੭੧੫੭੬.00 | 0.00 |
| ੭ | ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ) | ੨੪੫ | ੩੨੩੫੪੧੫.00 | ੬੪੨੦੦.00 |
| ੮ | ਗੁਰਮਤਿ ਗਿਆਨ ਹਿੰਦੀ | ੨੬੮ | ੫੪੩੩੮੫.00 | ੫੪੫੦.00 |
| ੯ | ਧਰਮ ਤੇ ਅੰਮ੍ਰਿਤ ਪ੍ਰਚਾਰ | ੨੮੫ | ੬੦੪੬੩੨.00 | 0.00 |
| ੧੦ | ਕਿਰਾ: ਦੁਕਾਨਾਂ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ | ੩੦੭ | 0.00 | ੧੪੭੮੦੦.00 |
| ੧੧ | ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ੍ਰੀਦ) | ੩੧੯ | ੮੫੬੫੧੬.00 | 0.00 |
| ੧੨ | ਆਡਿਟ ਫੀਸ ਅਤੇ ਇੰਟਰਨਲ ਆਡਿਟ ਫੀਸ | ੩੩੫ | ੩੦੦੦੦.00 | 0.00 |
| ੧੩ | ਸਟੇਸ਼ਨਰੀ ਛਪਾਈ | ੩੪੦ | ੩੯੨੯.00 | 0.00 |
| ੧੪ | ਤਨਖਾਹ ਸਟਾਫ ਦਫਤਰ | ੩੪੪ | ੪੬੧੫੪੯੮.00 | 0.00 |
| ੧੫ | ਤਨਖਾਹ ਸਟਾਫ ਲਿਟਰੇਚਰ ਅਤੇ ਕਮਿਸ਼ਨ ਆਦਿ | ੩੪੯ | ੬੦੧੯੫੨.00 | 0.00 |
| ੧੬ | ਤਨਖਾਹ ਤੇ ਸਫਰ ਖਰਚ ਅਲਾਊਂਸ ਡਰਾਈਵਰਜ਼ | ੩੫੬ | ੯੯੪੯੯੨.00 | 0.00 |
| ੧੭ | ਤਨਖਾਹ ਧਾਰਮਿਕ ਟੀਚਰ | ੩੬੬ | ੨੦੭੦੦੮੫.00 | 0.00 |
| ੧੮ | ਡਾਕ ਤੇ ਤਾਰ ਖਰਚ | ੩੭੮ | ੧੨੫੦੧.00 | 0.00 |
| ੧੯ | ਫਿਲਮਾਂ ਰਾਹੀਂ ਪ੍ਰਚਾਰ (ਤਨਖਾਹ ਫਿਲਮ ਉਪਰੇ:, ਮੁੰਰ: ਤੇ ਸ:ਖ: ਆਦਿ) | ੩੮੫ | ੩੩੪੯੧੩.00 | 0.00 |
| ੨੦ | ਖਰਚ ਗੱਡੀਆਂ (ਤੇਲ ਤੇ ਮੁਰੰਮਤਾਂ) | ੪੧੪ | ੧੪੧੦੭੯.00 | 0.00 |
| ੨੧ | ਟੈਲੀਫੋਨ | ੪੪੦ | ੫੯੭੦.00 | 0.00 |
| ੨੨ | ਮੁਰੰਮਤ ਸਾਮਾਨ ਦਫਤਰ | ੪੪੫ | ੧੦੩੫.00 | 0.00 |
| ੨੩ | ਮੁਰੰਮਤ ਕੰਪਿਊਟਰ ਅਤੇ ਪ੍ਰਿੰਟਰ ਆਦਿ | ੪੫੪ | ੪੫੦੦.00 | 0.00 |
| ੨੪ | ਐਂਟਰਟੇਨਮੈਂਟ (ਆਉ ਭਗਤ) | ੪੬੦ | ੫੪੪੭੪.00 | 0.00 |
| ੨੫ | ਵਰਦੀਆਂ ਮੁਲਾਜ਼ਮਾਂ | ੪੭੧ | ੭੫੭੫.00 | 0.00 |

| | | | | |
|---|---|---|---|---|
| ੨੬ | ਸਫਰ ਖਰਚ ਮੈਂਬਰ ਸਾਹਿਬਾਨ | ੪੯੭ | ੨੩੪੯੧੮.੦੦ | ੨੨੭੯੪.੦੦ |
| ੨੭ | ਸਫਰ ਖਰਚ ਮੁਲਾਜਮਾਂ | ੪੯੬ | ੧੬੫੭੬੭.੦੦ | ੪੪੯੧.੦੦ |
| ੨੮ | ਫੁਟਕਲ ਦਫਤਰ ਤੇ ਰੋਸ਼ਨੀ | ੫੦੯ | ੧੫੯੪੫.੦੦ | ੦.੦੦ |
| ੨੯ | ਬੀਮਾ ਗੱਡੀਆਂ ਤੇ ਕੈਸ਼ | ੫੧੬ | ੨੨੨੦੩.੦੦ | ੦.੦੦ |
| ੩੦ | ਬੀਮਾ ਮੈਂਬਰ ਸਾਹਿਬਾਨ ਤੇ ਮੁਲਾਜ਼ਮਾਂ | ੫੨੨ | ੪੨੪੮੦.੦੦ | ੦.੦੦ |
| ੩੧ | ਬੀਮਾਂ ਪੇਸ਼ਗੀ ਮੁਲਾਜ਼ਮਾਂ ਐਕਸੀਡੈਂਟਲ | ੫੩੨ | ੦.੦੦ | ੭੯੬੫.੦੦ |
| ੩੨ | ਬੀਮਾਂ ਪੇਸ਼ਗੀ ਮੁਲਾਜ਼ਮਾਂ ਮੈਡੀਕਲੇਮ | ੫੪੭ | ੪੨੪੮੦.੦੦ | ੧੨੮੫੧੮੯.੦੦ |
| ੩੩ | ਸ਼ਤਾਬਦੀਆਂ ਸਮਾਰੋਹ | ੫੯੬ | ੮੨੫੨੨੮.੦੦ | ੦.੦੦ |
| ੩੪ | ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ | ੬੩੪ | ੮੬੪੯੬੬.੦੦ | ੨੩੭੫੫.੦੦ |
| ੩੫ | ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੌਹੜ, ਰਾਜਸਥਾਨ | ੬੪੧ | ੨੭੭੪੨੯.੦੦ | ੦.੦੦ |
| ੩੬ | ਗਿਆਨੀ ਸੋਹਣ ਸਿੰਘ ਸੀਤਲ ਢਾਡੀ ਕਾਲਜ਼, ਗੁਰੂ ਕੀ ਵਡਾਲੀ | ੬੫੨ | ੩੧੫੯੩੮.੦੦ | ੦.੦੦ |
| ੩੭ | ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੬੬੩ | ੩੭੫੩੧੧.੦੦ | ੧੧੭੧੭.੦੦ |
| ੩੮ | ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜ਼ਪੁਰ | ੬੭੧ | ੨੫੯੩੦੮.੦੦ | ੦.੦੦ |
| ੩੯ | ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ) | ੬੮੨ | ੨੬੭੬੭੯.੦੦ | ੧੭੩੪.੦੦ |
| ੪੦ | ਸਬ-ਆਫਿਸ ਸ੍ਰੀ ਅਨੰਦਪੁਰ ਸਾਹਿਬ | ੬੯੧ | ੧੪੨੮੭੩੫.੦੦ | ੨੦੦੦੦.੦੦ |
| ੪੧ | ਸਬ-ਆਫਿਸ ਤਲਵੰਡੀ ਸਾਬੋ ਕੀ ਬਠਿੰਡਾ | ੬੯੮ | ੩੨੨੫੦੩੯.੦੦ | ੦.੦੦ |
| ੪੨ | ਸ਼ਹੀਦ ਸੰਗੀਤ ਵਿਦਿਆਲਾ ਬਾਦੀਆਂ ਸ੍ਰੀ ਮੁਕਤਸਰ ਸਾਹਿਬ ਤਨ:, ਸ:ਖ: ਤੇ ਫੁਟ:ਆਦਿ | ੭੦੩ | ੬੨੮੨੯.੦੦ | ੦.੦੦ |
| ੪੩ | ਸੰਤ ਕਰਤਾਰ ਸਿੰਘ ਖਾਲਸਾ ਸਿੱਖ ਮਿਸ਼ਨਰੀ ਕਾਲਜ ਭੂਰਾ ਕੋਹਨਾ ਤਰਨਤਾਰਨ ਤਨ:, ਸ:ਖ: ਤੇ ਫੁਟ:ਆਦਿ | ੭੦੯ | ੩੦੦੫੫੦.੦੦ | ੦.੦੦ |
| ੪੪ | ਸ੍ਰ. ਜੱਸਾ ਸਿੰਘ ਆਹਲੂਵਾਲੀਆ ਗੁਰ: ਸੰਗ: ਵਿਦਿ: ਕਾਲਾ ਮਲ੍ਹਾ ਛਾਪਾ ਬਰਨਾਲਾ ਤਨ:, ਸ:ਖ: ਤੇ ਫੁਟ:ਆਦਿ | ੭੧੫ | ੧੬੫੯੯੬.੦੦ | ੦.੦੦ |
| ੪੫ | ਬੇਬੇ ਨਾਨਕੀ ਸਿੱਖ ਮਿਸ਼ਨਰੀ ਕਾਲਜ ਸੁਲਤਾਨਪੁਰ ਲੋਧੀ, ਕਪੂਰਥਲਾ ਤਨ:, ਸ:ਖ: ਤੇ ਫੁਟ: ਆਦਿ | ੭੨੨ | ੩੭੩੯੦੧.੦੦ | ੦.੦੦ |
| ੪੬ | ਸ਼ਹੀਦ ਬਾਬਾ ਦੀਪ ਸਿੰਘ ਜੀ ਗੁਰ: ਵਿਦਿ: ਬਰਨਾਲਾ (ਬਖਸ਼ੀ ਵਾਲੀ ਕੋਠੀ) ਤਨ:, ਸ:ਖ: ਤੇ ਫੁਟ:ਆਦਿ | ੭੨੮ | ੨੫੦੫੭੬.੦੦ | ੦.੦੦ |
| ੪੭ | ਗੁਰੂ ਨਾਨਕ ਗੁਰਮਤਿ ਸਿਖਲਾਈ ਵਿਦਿ: ਡੇਰਾ ਬਾਬਾ ਨਾਨਕ ਗੁਰਦਾਸਪੁਰ ਤਨ:, ਸ:ਖ: ਤੇ ਫੁਟ: ਆਦਿ | ੭੩੫ | ੨੮੯੩੪੪.੦੦ | ੦.੦੦ |
| ੪੮ | ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅੰਮ੍ਰਿਤਸਰ | ੭੪੧ | ੧੬੩੭੪੫.੦੦ | ੦.੦੦ |
| ੪੯ | ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਆਫ ਐਡਵਾਂਸ ਸਿੱਖ ਸਟੱਡੀਜ਼, (ਤਨਖਾਹਾਂ, ਆਨਰੇਰੀਅਮ ਤੇ ਫੁਟਕਲ ਆਦਿ) | ੭੫੫ | ੧੨੮੯੫੩੦.੦੦ | ੩੬੫੫੩.੦੦ |
| ੫੦ | ਤਨਖਾਹ ਭਾਈ ਨਗਾਹੀਆ ਜੀ ਪਬ:ਸਕੂਲ ਫਾਰ ਡੈਫ ਆਲਮਗੀਰ, ਲੁਧਿਆਣਾ | ੭੮੩ | ੨੯੨੨੧੮.੦੦ | ੦.੦੦ |

| | | | | |
|---|---|---|---|---|
| ੫੧ | ਤਨਖਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੭੯੬ | ੬੦੮੨੮੩੭.੦੦ | ੭੦੦੦੦.੦੦ |
| ੫੨ | ਸਫਰ ਖਰਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੮੦੬ | ੨੯੭੯੦੯.੦੦ | ੦.੦੦ |
| ੫੩ | ਦੀਵਾਨ ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, ਨਸ਼ਾ ਮੁਕਤੀ ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ | ੮੨੯ | ੨੨੫੬੯੫.੦੦ | ੦.੦੦ |
| ੫੪ | ਤਨਖਾਹ ਤੇ ਸਫਰ ਖਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ | ੮੫੪ | ੪੨੮੦੩੮.੦੦ | ੦.੦੦ |
| ੫੫ | ਫੁਟਕਲ ਦਫ਼ਤਰ ਹਰਿਆਣਾ ਸਿੱਖ ਮਿਸ਼ਨ | ੮੬੪ | ੩੬੯੩੦.੦੦ | ੦.੦੦ |
| ੫੬ | ਖਰਚ ਗੱਡੀਆਂ ਹਰਿਆਣਾ ਸਿੱਖ ਮਿਸ਼ਨ | ੮੬੯ | ੧੭੧੧੩.੦੦ | ੦.੦੦ |
| ੫੭ | ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ | ੮੭੭ | ੧੭੮੦੫੫.੦੦ | ੦.੦੦ |
| ੫੮ | ਗੁਰ:ਵਿਦਿਆਲਾ ਸ਼ੇਖੂਪੁਰਾ ਮੰਚੂਰੀ, ਕਰਨਾਲ ਤਨ:,ਵਜੀ:, ਸ:ਖਰਚ ਤੇ ਫੁਟ: | ੮੯੨ | ੨੦੯੪੫੧.੦੦ | ੧੫੩੪.੦੦ |
| ੫੯ | ਤਨਖਾਹ ਤੇ ਸਫ਼ਰ ਖਰਚ ਸਟਾਫ਼ ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, ਊਨਾ) | ੯੦੦ | ੨੮੨੦੪੬.੦੦ | ੦.੦੦ |
| ੬੦ | ਤਨਖਾਹ ਤੇ ਸਫ਼ਰ ਖਰਚ ਸਟਾਫ਼ ਰਾਜਿਸਥਾਨ ਸਿੱਖ ਮਿਸ਼ਨ (ਬੁੱਢਾ ਜੌਹੜ) | ੯੦੭ | ੧੯੯੭੬੩.੦੦ | ੦.੦੦ |
| ੬੧ | ਤਨ: ਸਫਰ ਖਰਚ ਸਟਾਫ਼ ਹਾਪੁੜ (ਯੂ:ਪੀ:) ਅਤੇ ਮੱਧ ਪ੍ਰਦੇਸ਼ ਮਿਸ਼ਨ | ੯੨੧ | ੧੭੭੮੪੦੪.੦੦ | ੦.੦੦ |
| ੬੨ | ਦੀਵਾਨ, ਮੇਲੇ, ਕੈਂਪਸ, ਫਿਲਮਾਂ ਰਾਹੀਂ ਪ੍ਰਚਾਰ ਅਤੇ ਗੁਰਮਤਿ ਦਸਤਾਰ ਸਮਾਗਮ, ਖਰਚ ਗੱਡੀਆਂ, ਹਾਪੁੜ (ਯੂ:ਪੀ:) ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੯੨੬ | ੧੪੪੦੩੫.੦੦ | ੦.੦੦ |
| ੬੩ | ਟੈਕਸਿਸ ਹਾਊਸ ਤੇ ਪਾਣੀ ਅਤੇ ਬਿੱਲ ਬਿਜਲੀ ਮੁਰੰਮਤ ਸਾਮਾਨ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੯੩੮ | ੫੭੦੮੮.੦੦ | ੨੦੫੨.੦੦ |
| ੬੪ | ਤਨ:, ਸਫਰ ਖਰਚ ਸਟਾਫ਼ ਦਿੱਲੀ ਸਿੱਖ ਮਿਸ਼ਨ | ੯੪੪ | ੧੬੯੦੪੮.੦੦ | ੦.੦੦ |
| ੬੫ | ਫੁਟਕਲ ਦਫ਼ਤਰ ਦਿੱਲੀ ਸਿੱਖ ਮਿਸ਼ਨ | ੯੪੬ | ੪੪੮੪੬.੦੦ | ੦.੦੦ |
| ੬੬ | ਸ੍ਰੀ ਗੁਰੂ ਰਾਮਦਾਸ ਜੀ ਗੁਰਮਤਿ ਵਿਦਿਆਲੇ ਸ਼ਾਹਜਹਾਨਪੁਰ, ਯੂ.ਪੀ. | ੯੫੨ | ੨੩੫੨੨੪.੦੦ | ੩੯੯੮.੦੦ |
| ੬੭ | ਗੁਰਦੁਆਰਾ ਗੁਰੂ ਨਾਨਕ ਦਰਬਾਰ, ਹਾਪੜ (ਯੂ:ਪੀ:) | ੯੫੮ | ੬੦੬੯੬.੦੦ | ੬੭੯੨੫੩.੦੦ |
| ੬੮ | ਗੁਰ: ਸਾਹਿਬਾਨ ਨੱਕਾ ਕੂਆਂ, ਸੰਤ ਸਭਾ ਨਗੀਨਾ, ਬ੍ਰਿੰਦਾਬਨ, ਗੜ੍ਹਮੁਕਤੇਸਰ, ਅਲੀਗੜ੍ਹ (ਯੂ:ਪੀ:) | ੯੬੪ | ੩੩੨੫੬.੦੦ | ੩੦੮੬੧.੦੦ |

| | | | | |
|---|---|---|---|---|
| ੬੯ | ਦੀਵਾਨ ਮੇਲੇ ਤੇ ਕੈਂਪਸ ਸਿੱਖ ਮਿਸ਼ਨ ਦਿੱਲੀ | ੯੭੩ | ੧੭੧੧੫੫.00 | 0.00 |
| ੭੦ | ਸੰਗੀਤ ਵਿਦਿਆਲਾ ਬਗੜੀ ਗਜਰੋਲਾ ਯੂ:ਪੀ: | ੧੦੦੩ | ੫੭੧੬.00 | ੧੫੩੯੦.00 |
| ੭੧ | ਗੁਰਦੁਆਰਾ ਸਾਹਿਬਾਨ ਪਿੰਡ ਸਾਦੂਲਾਪੁਰ (ਲੋਧਾ ਕੋਠੀ) ਯੂ.ਪੀ. | ੧੦੦੪ | 0.00 | ੫੯੨0.00 |
| ੭੨ | ਗੁ: ਭਗਤ ਕਬੀਰ ਜੀ ਮਗਹਰ ਗੋਰਖਪੁਰ ਯੂ.ਪੀ. | ੧੦੦੭ | ੪੦੫੦੫.00 | 0.00 |
| ੭੩ | ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ, ਅਹਿਮਦਾਬਾਦ, ਗੁਜਰਾਤ | ੧੦੧੫ | ੧੫੨੧੪੬.00 | 0.00 |
| ੭੪ | ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ, ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ), ਸਿੱਖ ਮਿਸ਼ਨ ਗੁਜਰਾਤ ਅਤੇ ਉੜੀਸਾ ਮਿਸ਼ਨ | ੧੦੧੯ | ੧੯੯੨੫.00 | 0.00 |
| ੭੫ | ਗੁ:ਨਾਨਕ ਦਰਸ਼ਨ ਮਾਊਂਟ ਆਬੂ, ਗੁਜਰਾਤ | ੧੦੨੪ | ੮੧੪੯੮.00 | 0.00 |
| ੭੬ | ਤਨ: ਤੇ ਸਫ਼ਰ ਖ਼ਰਚ ਸਟਾਫ਼ ਛੱਤੀਸਗੜ੍ਹ ਸਿੱਖ ਮਿਸ਼ਨ | ੧੦੩੨ | ੨੮੭੭੬੮.00 | 0.00 |
| ੭੭ | ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਛੱਤੀਸਗੜ੍ਹ ਮਿਸ਼ਨ | ੧੦੩੯ | ੨੧੪੧੦.00 | 0.00 |
| ੭੮ | ਗੁਰੂ ਨਾਨਕ ਦੇਵ ਗੁ:ਵਿਦਿ: ਛੱਤੀਸਗੜ੍ਹ ਮਿਸ਼ਨ (ਤਨ:ਸਫਰ ਖਰਚ ਅਤੇ ਬਿੱਲ ਆਦਿ) | ੧੦੪੪ | ੧੦੮੮੩੪.00 | 0.00 |
| ੭੯ | ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੦੪੮ | ੬੭੧੫੭੭.00 | 0.00 |
| ੮੦ | ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਅਤੇ ਖਰਚ ਗੱਡੀਆਂ ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੦੫੩ | ੧੪੮੦੭.00 | 0.00 |
| ੮੧ | ਗੁਰਦੁਆਰਾ ਗੁਰੂ ਨਾਨਕ ਦੇਵ ਮਿਸ਼ਨ ਸਤਵਾਰੀ ਨਰਵਾਲ ਪਾਈ, ਜੰਮੂ | ੧੦੫੯ | ੩੯੫੪.00 | ੫੭੦੦੫.00 |
| ੮੨ | ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਕਾਂਸ਼ੀਪੁਰ ਸਿੱਖ ਮਿਸ਼ਨ | ੧੦੭੨ | ੭੩੪੩੦੭.00 | 0.00 |
| ੮੩ | ਫੁਟਕਲ ਆਦਿ, ਕਾਂਸ਼ੀਪੁਰ ਸਿੱਖ ਮਿਸ਼ਨ | ੧੦੭੭ | ੧੮੯੯੦.00 | 0.00 |
| ੮੪ | ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਕਾਂਸ਼ੀਪੁਰ ਸਿੱਖ ਮਿਸ਼ਨ | ੧੦੮੦ | ੧੯੮੯੩.00 | 0.00 |
| ੮੫ | ਤਨਖਾਹ, ਸਫਰ ਖਰਚ ਸਿੱਖ ਮਿਸ਼ਨ ਨੇਪਾਲ | ੧੦੮੩ | ੨੯੭੨੫.00 | 0.00 |
| ੮੬ | ਸਿੱਖ ਮਿਸ਼ਨ ਲਖਨਊ | ੧੦੮੭ | ੩੫੪੯.00 | 0.00 |
| ੮੭ | ਸਹਾਇਤਾ ਲਾਇਬ੍ਰੇਰੀਆਂ ਲਿਟਰੇਚਰ ਆਦਿ | ੧੦੯੭ | ੨੫੨੫੪੫.00 | 0.00 |
| ੮੮ | ਸਹਾਇਤਾ ਗੁਰਦੁਆਰਾ ਸਾਹਿਬਾਨ | ੧੧੨੭ | ੧੩੪੮੦੦.00 | 0.00 |
| ੮੯ | ਸਹਾਇਤਾ ਭੇਟਾ ਰਹਿਤ ਕੀਰਤਨੀ ਸਾਜ਼ | ੧੧੪੭ | ੧੦੨੭੫੦.00 | 0.00 |
| ੯੦ | ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ, ਯੂਨੀਵਰਸਿਟੀ | ੧੧੭੮ | ੧੮੫੩੯੩.00 | 0.00 |

| | | | | |
|---|---|---|---|---|
| ੯੧ | ਸਹਾਇਤਾ ਧਰਮ ਪ੍ਰਚਾਰ ਵਿਦਿਆਰਥੀ ਖੇਤਰ ਅਤੇ ਸਿੱਖ ਸ਼ਸ਼ਤਰ ਵਿਦਿਆ (ਗਤਕਾ) | ੧੧੮੫ | ੧੭੪੭੧੫.00 | 0.00 |
| ੯੨ | ਸਹਾਇਤਾ ਗਰੀਬ ਤੇ ਲੋੜਵੰਦ ਪਰਿਵਾਰ | ੧੨੭੭ | ੨੮0੪੨00.00 | 0.00 |
| ੯੩ | ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ, ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ, ਪੰਥਕ ਵਿਦਿਵਾਨਾਂ ਨੂੰ ਸਨਮਾਨਿਤ | ੧੩੨੪ | ੧੪੯000.00 | 0.00 |
| ੯੪ | ਸਹਾਇਤਾ ਗੁਰਦੁਆਰਾ ਸਾਹਿਬਾਨ, ਗਰੀਬ ਤੇ ਲੋੜਵੰਦ ਪਰਿਵਾਰ, ਲਾਇਬ੍ਰੇਰੀਆਂ, ਸਕੂਲ/ਕਾਲਜ ਆਦਿ ਹਰਿਆਣਾ ਸਿੱਖ ਮਿਸ਼ਨ | ੧੩੫0 | ੨0000.00 | 0.00 |
| ੯੫ | ਸਹਾਇਤਾ ਗੁਰਦੁਆਰਾ ਸਾਹਿਬਾਨ ਰਾਜਿਸਥਾਨ ਸਿੱਖ ਮਿਸ਼ਨ | ੧੩੫੧ | ੧੫0000.00 | 0.00 |
| ੯੬ | ਸਹਾਇਤਾ ਗੁਰ:ਸਾਹਿ:, ਗਰੀਬ ਤੇ ਲੋੜਵੰਦ ਪਰਿਵਾਰ, ਸਕੂਲ/ਕਾਲਜ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੩੫੬ | ੧0੩0000.00 | 0.00 |
| ੯੭ | ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ (ਛਪਾਈ) ਪੂੰਜੀਗਤ ਖਰਚੇ | ੧੫੧੭ | ੨੧੧੯0੪.00 | ੩੮0੬੮੩.00 |
| ੯੮ | ਸਟਾਕ ਕਕਾਰ ਅੰਮ੍ਰਿਤ ਸੰਚਾਰ | ੧੫੩੮ | ੬੫੫੬00.00 | ੫੬੮0੧੧.00 |
| ੯੯ | ਸਾਮਾਨ ਦਫਤਰ ਧਰਮ ਪ੍ਰਚਾਰ ਕਮੇਟੀ | ੧੫੫੮ | ੪੧੪0੧.00 | 0.00 |
| ੧00 | ਸਾਮਾਨ ਦਫਤਰ ਕਾਂਸ਼ੀਪੁਰ (ਉਤਰਾਖੰਡ) ਮਿਸ਼ਨ | ੧੫੭੫ | ੨੫0.00 | 0.00 |
| ੧0੧ | ਸਾਮਾਨ ਸ਼ਹੀਦ ਸਿੱਖ ਮਿ: ਕਾਲਜ ਅੰਮ੍ਰਿਤਸਰ ਤੇ ਬੁੱਢਾ ਜੌਹੜ | ੧੫੮੫ | ੨੧੮0.00 | 0.00 |
| ੧0੨ | ਸਾਮਾਨ ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੧੫੯੩ | ੪੯੫.00 | 0.00 |
| ੧0੩ | ਸਾਮਾਨ ਦਫਤਰ ਯੂ.ਪੀ, ਮੱਧ ਪ੍ਰਦੇਸ਼, ਦਿੱਲੀ ਅਤੇ ਸਿੱਖ ਮਿਸ਼ਨ ਹਾਪੁੜ | ੧੬੧੨ | ੨੫੯੨0.00 | 0.00 |
| ੧0੪ | ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ, ਪਟਿਆਲਾ (ਸੀਮਿੰਟ) | ੧੭0੯ | ੭੫੮੪0.00 | 0.00 |
| ੧0੫ | ਇਮਾਰਤ ਗੁ:ਸਾਹਿਬ ਭਗਤ ਕਬੀਰ ਜੀ ਮਗਹਰ ਗੋਰਖਪੁਰ ਯੂ.ਪੀ. | ੧੭੫੫ | ੩੮੧000.00 | 0.00 |
| ੧0੬ | ਆਮਦਨ ਕਰ | ੧੭੮੩ | ੨0੭੫੭0.00 | ੨੨੮੩੯0.00 |
| ੧0੭ | ਟੀ.ਡੀ.ਐਸ. (ਅਦਾਇਗੀ ਯੋਗ) | ੧੮੧੨ | ੧੩੯੧੫.00 | ੩੪੭੯0.00 |
| ੧0੮ | ਪ੍ਰੋਫੈਸ਼ਨਲ ਟੈਕਸ ਪੰਜਾਬ ਸਰਕਾਰ | ੧੮੪੧ | 0.00 | ੧0੨੪00.00 |
| ੧0੯ | ਇਮਾਰਤ ਸ਼ਹੀਦ ਸਿੱਖ ਮਿ: ਕਾਲਜ, ਅੰਮ੍ਰਿਤਸਰ (ਸੀਮਿੰਟ) | ੧੮੫੩ | ੧੯0੮00.00 | 0.00 |
| ੧੧0 | ਅਣਦਿੱਤੀ ਤਨਖਾਹ | ੨0੧੧ | ੬੬੫੬੮.00 | ੧੭੪੪੯੪.00 |
| ੧੧੧ | ਅਣਦਿੱਤੇ ਬਿਲਜ਼ | ੨0੨੨ | ੨੨0000.00 | 0.00 |
| ੧੧੨ | ਅਣਦਿੱਤੇ ਬਿਲਜ਼ ਸ਼੍ਰੋਮਣੀ ਕਮੇਟੀ (ਗੁਰਬਾਣੀ ਤੇ ਗੁਰਮਤਿ ਲਿਟ: ਫੰਡ) | ੨0੩੩ | 0.00 | ੧੫੪੧੨੫.00 |

| | | | |
|---|---|---|---|
| ੧੧੩ ਪੇਸ਼ਗੀ ਜਨਰਲ | ੨੧੭੭ | ੪੯੩੪੯੦੯.੦੦ | ੭੩੫੦੩੬੪.੦੦ |
| ੧੧੪ ਜਮਾਨਤ ਵਿਦਿਆਰਥੀਆਂ | ੨੧੯੬ | ੩੦੦੦.੦੦ | ੦.੦੦ |
| ੧੧੫ ਜਮਾਨਤਾਂ ਜਨਰਲ ਤੇ ਠੇਕੇਦਾਰਾਂ | ੨੨੧੫ | ੦.੦੦ | ੨੫੦੦੦.੦੦ |
| ੧੧੬ ਅਮਾਨਤ ਕਿਰਾਇਆ ਤੇ ਬਿਜਲੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੨੨੩੨ | ੧੧੫੨੯੬.੦੦ | ੧੧੫੨੯੬.੦੦ |
| ੧੧੭ ਅਮਾਨਤ ਕਿਰਾਇਆ ਰੋਸ਼ਨੀ ਗੁ:ਮੰਜੀ ਸਾਹਿਬ ਆਲਮਗੀਰ | ੨੨੪੩ | ੦.੦੦ | ੧੧੩੪.੦੦ |
| ੧੧੮ ਅਮਾਨਤ ਗੁ: ਸ੍ਰੀ ਅੰਬ ਸਾਹਿਬ, ਮੁਹਾਲੀ | ੨੩੯੭ | ੦.੦੦ | ੮੭੪.੦੦ |
| ੧੧੯ ਅਮਾਨਤ ਕਿਰਾਇਆ ਤਲਵੰਡੀ ਸਾਬੋ, ਬਠਿੰਡਾ | ੨੨੫੧ | ੦.੦੦ | ੧੫੦੧੧.੦੦ |
| ੧੨੦ ਅਮਾਨਤ ਸ਼੍ਰੋਮਣੀ ਕਮੇਟੀ | ੨੨੭੫ | ੧੯੫੧੩.੦੦ | ੧੯੩੧੩.੦੦ |
| ੧੨੧ ਅਮਾਨਤ ਕਿਰਾਇਆ ਸ੍ਰੀ ਦੂਖ ਨਿਵਾਰਨ ਸਾਹਿਬ (ਗੁ:ਸ੍ਰੀ ਮੋਤੀ ਬਾਗ) ਪਟਿਆਲਾ | ੨੨੯੪ | ੦.੦੦ | ੨੩੬੨.੦੦ |
| ੧੨੨ ਅਮਾਨਤ ਕਿਰਾਇਆ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ | ੨੨੯੭ | ੦.੦੦ | ੩੧੫੮.੦੦ |
| ੧੨੩ ਅਮਾਨਤ ਮੁਲਾਜਮਾਂ ਭਲਾਈ ਪ੍ਰਚਾਰਕ ਸਾਹਿਬਾਨ | ੨੩੧੨ | ੦.੦੦ | ੫੧੧੦੦.੦੦ |
| ੧੨੪ ਪ੍ਰੋ: ਫੰਡ ਸਟਾਫ਼ | ੨੩੪੧ | ੩੯੩੯੨੪੨.੦੦ | ੩੯੩੯੨੪੨.੦੦ |
| ੧੨੫ ਜਮਾਨਤਾਂ ਮੁਲਾਜਮਾਂ | ੨੩੬੪ | ੯੮੧੯੫.੦੦ | ੧੦੦੦੦.੦੦ |
| ੧੨੬ ਸਕਿਉਰਟੀ ਜਨਰਲ (ਟੈਲੀਫੋਨ, ਗੈਸ, ਬਿਜਲੀ ਆਦਿ) | ੨੩੮੧ | ੫੬੧੮.੦੦ | ੦.੦੦ |
| ੧੨੭ ਅਮਾਨਤ ਸ੍ਰੀ ਦਰਬਾਰ ਸਾਹਿਬ, ਸ੍ਰੀ ਮੁਕਤਸਰ ਸਾਹਿਬ | ੨੩੯੫ | ੦.੦੦ | ੨੦੯੫.੦੦ |
| ੧੨੮ S.B. a/c no.੬੫੦੩੮੬੦੦੪੯੦ SBI, ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ | ੨੫੫੨ | ੨੩੦੫੪੬੮੩.੦੦ | ੨੦੮੬੮੩੧੯.੦੦ |
| ੧੨੯ S.B. a/c no.੦੦੦੦੮੭੩੨ PNB, ਸਰਾਂ, ਅੰਮ੍ਰਿਤਸਰ | ੨੬੦੬ | ੧੦੩੯੪੫੯੮.੦੦ | ੨੭੦੪੮੦.੦੦ |
| ੧੩੦ S.B. a/c no.੧੩੧੩੧੦੦੦੦੧੭੯੬੬ HDFC, ਗੋਲਡਨ ਟੈਂਪਲ, ਅੰਮ੍ਰਿਤਸਰ | ੨੬੭੪ | ੧੫੬੨.੦੦ | ੭੪੯੩੯੦੦.੦੦ |
| ੧੩੧ S.B. a/c no.੯੯੯੦੦੦੦੦੦੧੭੯੬੬ HDFC, ਗੋਲਡਨ ਟੈਂਪਲ, ਅੰਮ੍ਰਿਤਸਰ | ੨੬੮੩ | ੩੧੦੦੧੧੪੨.੬੦ | ੧੦੩੮੪੭੪੮.੦੦ |
| ੧੩੨ S.B. a/c no.੦੫੨੪੧੦੦੦੦੦੨੪੮੦ PSB, ਸਰਾਂ, ਅੰਮ੍ਰਿਤਸਰ | ੨੯੫੩ | ੩੧੩੮੨੩੫੫.੦੦ | ੫੪੨੧੮੬੪.੦੦ |
| ੧੩੩ S.B. a/c no.੦੨੪੧੧੦੦੦੦੦੦੨੩੩ PSB, ਗੜ੍ਹ ਰੋਡ, ਹਾਪੁੜ (ਯੂ.ਪੀ) | ੨੮੦੮ | ੮੬੭੫੬੫.੦੦ | ੦.੦੦ |
| ੧੩੪ S.B. a/c No ੫੨੦੧੦੧੨੩੬੭੫੮੪੪੨ ਯੂਨੀਅਨ ਬੈਂਕ ਆਫ ਇੰਡੀਆ, ਸਿਟੀ ਸੈਂਟਰ, ਅੰਮ੍ਰਿਤਸਰ | ੨੮੧੩ | ੧੭੬੫.੦੦ | ੦.੦੦ |
| ੧੩੫ S.B. a/c no.੨੦੧੬੫੭੧੭੯੮੫ Indian Bank, ਕਟੜਾ ਆਹਲੂਵਾਲੀਆ, ਅੰਮ੍ਰਿਤਸਰ | ੨੮੨੦ | ੨੨੯੭੯੨.੦੦ | ੮੪੯੬੦.੦੦ |

| | | | |
|---|---|---|---|
| ੧੩੬ S.B. a/c no.੦੧੬੬੧੦੧੦੨੯੪੯੫ Canara Bank, | | | |
| ਧਰਮ ਸਿੰਘ ਮਾਰਕੀਟ, ਅੰਮ੍ਰਿਤਸਰ | ੨੮੩੨ | ੨੫੫੩੬.੦੦ | ੦.੦੦ |
| ੧੩੭ S.B. a/c no.੧੦੦੦੦੭੦੨੧੯੨੧ Induslnd Bank, | | | |
| ਮਾਲ ਰੋਡ,ਅੰਮ੍ਰਿਤਸਰ | ੨੮੩੭ | ੪੯੫੨੧.੦੦ | ੦.੦੦ |
| ੧੩੮ S.B. a/c no.੦੦੬੬੦੧੦੦੩੨੩੩ ICICI Bank, | | | |
| ਮਾਲ ਰੋਡ, ਅੰਮ੍ਰਿਤਸਰ | ੨੮੪੫ | ੨੧੪੮੬੪੭੮.੦੦ | ੦.੦੦ |
| ੧੩੯ S.B. a/c no.੯੧੧੦੧੦੦੩੦੩੭੪੬੭੨ Axis Bank, | | | |
| ਕੋਰਟ ਰੋਡ, ਅੰਮ੍ਰਿਤਸਰ | ੨੮੫੧ | ੧੯੫੫੫੬੯੭.੦੦ | ੦.੦੦ |
| ੧੪੦ S.B. a/c No ੭੮੩੬੦੧੦੦੦੦੫੪੦੪ ਬੈਂਕ ਆਫ ਬੜੌਦਾ, | | | |
| ਮਾਲ ਰੋਡ, ਅੰਮ੍ਰਿਤਸਰ | ੨੬੧੪ | ੫੧੪੩੪੨.੦੦ | ੩੯੮੯੬੧੬.੦੦ |
| ੧੪੧ S.B. a/c No ੦੮੧੧੬੫੫੬੪੨ ਕੋਟਿਕ ਮਹਿੰਦਰਾ ਬੈਂਕ, | | | |
| ਮਾਲ ਰੋਡ, ਅੰਮ੍ਰਿਤਸਰ | ੨੮੬੧ | ੯੮੭੬.੦੦ | ੦.੦੦ |
| ੧੪੨ S.B. a/c ੦੦੫੬੦੬੦੪੦੧੦੦੦੧੨੬੨੬ | | | |
| ਜੰਮੂ ਐਂਡ ਕਸ਼ਮੀਰ ਬੈਂਕ, ਸਾਸ਼ਤਰੀ ਮਾਰਕੀਟ, ਅੰਮ੍ਰਿਤਸਰ | ੨੮੬੫ | ੧੧੮੯.੦੦ | ੦.੦੦ |
| ੧੪੩ S.B. a/c ੫੫੦੦੦੦੦੧੩੧੩ IDFC, | | | |
| ਮਾਲ ਰੋਡ, ਅੰਮ੍ਰਿਤਸਰ | ੨੮੬੯ | ੫੮੨੯੦.੭੫ | ੦.੦੦ |
| ੧੪੪ S.B. a/c ੧੦੦੦੦੧੦੦੧੩੧੩ Equitas Small | | | |
| Finance Bank, ਕੋਰਟ ਰੋਡ, ਅੰਮ੍ਰਿਤਸਰ | ੨੮੭੪ | ੨੦੦੦੦੦੦੦.੦੦ | ੦.੦੦ |
| **ਜੋੜ :-** | | **੨੧੫੧੫੪੮੨੩.੩੫** | **੨੧੫੦੩੧੨੫੭.੩੫** |
| **ਹੱਥ ਦੀ ਬਾਕੀ :-** | | **੫੧੮੨੩੪.੦੦** | **੬੪੧੮੦੦.੦੦** |
| **ਕੁੱਲ ਜੋੜ :-** | | **੨੧੫੬੭੩੦੫੭.੩੫** | **੨੧੫੬੭੩੦੫੭.੩੫** |

**ਸਹੀ/-**
**ਚੀਫ਼ ਅਕਾਊਂਟੈਂਟ,**

**ਸਹੀ/-**
**ਮੀਤ/ਐਡੀ:/ ਸਕੱਤਰ,**

**ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ), ਸ੍ਰੀ ਅੰਮ੍ਰਿਤਸਰ।**

ੴ ਵਾਹਿਗੁਰੂ ਜੀ ਕੀ ਫ਼ਤਹ॥

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਟਰੱਸਟ ਫੰਡਜ਼ ਚਿੱਠਾ ਆਮਦਨ/ਖ਼ਰਚ ਮਹੀਨਾ ਫਰਵਰੀ ੨੦੨੫

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| | **ਜਨਰਲ ਲੈਜਰ ਨੰ: ੧** | | | |
| | **ਸਿੱਖ ਇਤਿਹਾਸ ਖੋਜ ਫੰਡ** | | | |
| ੧ | ਤਨਖਾਹ ਤੇ ਕਮਿਸ਼ਨ | ੨੨ | ੮੪੬੨੨੪ | |
| ੨ | ਪੁਸਤਕਾਂ ਅਖਬਾਰਾਂ ਤੇ ਰਸਾਲੇ | ੪੨ | ੨੧੮੩ | |
| ੩ | ਸਫਰ ਖਰਚ ਫੁਟਕਲ | ੪੬ | ੧੮੨੪੭ | |
| ੪ | ਕਾਰ ਖਰਚ ਸਿੱਖ ਇਤਿਹਾਸ | ੫੦ | ੪੦੦੦ | |
| ੫ | ਬਿਜਲੀ, ਪਾਣੀ ਤੇ ਰੋਸ਼ਨੀ | ੪੮ | ੭੯੩੮੦ | |
| ੬ | ਟੈਲੀਫੋਨ | ੫੩ | ੪੭੦ | |
| | **ਗੁ:ਤੇ ਗੁ:ਲਿਟਰੇਚਰ ਫੰਡ** | | | |
| ੭ | ਵਿਕਰੀ ਪੁਸਤਕਾਂ ਤੇ ਭੇਟਾ ਸ੍ਰੀ ਪਾਵਨ ਸਰੂਪ | ੬੭ | | ੪੭੭੩੬ |
| ੮ | ਵਸੂਲਣ ਯੋਗ ਬਿੱਲ ਦੀਆਂ ਰਕਮਾਂ ਗੁ. ਤੇ ਗੁ. ਲਿਟ. | ੯੧ | | ੯੩੨੭੨੮ |
| ੯ | ਬਿਜਲੀ ਤੇ ਰੋਸ਼ਨੀ | ੧੬੯ | ੧੮੮੬੪੦ | |
| ੧੦ | ਤਨਖਾਹ ਤੇ ਕਮਿਸ਼ਨ | ੧੦੭ | ੭੫੦੯੨੦ | |
| ੧੧ | ਛਪਾਈ | ੧੩੩ | ੧੨੦੬੦੬ | |
| ੧੨ | ਕਾਗਜ਼ | ੧੧੪ | ੨੩੩੦੯੬ | |
| ੧੩ | ਜਿਲਦਬੰਦੀ | ੧੨੩ | ੧੭੩੩੧੧ | |
| ੧੪ | ਤਨਖਾਹ ਜਿਲਦਬੰਦੀ ਵਿਭਾਗ | ੧੩੬ | ੨੬੮੬੧੭ | |
| ੧੫ | ਗੱਡੀ ਸ੍ਰੀ ਪਾਵਨ ਸਰੂਪ | ੧੫੨ | ੧੪੬੯੧੫ | ੭੦੦੦੦ |
| ੧੬ | ਸਫਰ ਖਰਚ | ੪੯੧ | ੧੬੬੦੦ | |
| ੧੭ | ਫੁਟਕਲ | ੧੬੭ | ੨੭੭੨੭ | |
| | **ਧਰਮ ਅਰਥ ਅਤੇ ਪੰਥਕ ਭਲਾਈ ਫੰਡ** | | | |
| ੧੮ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੨੯੪ | | ੧੦੦੫੯੨੯ |
| ੧੯ | ਪੈਨਸ਼ਨ (ਧਰਮ ਅਰਥ ਫੰਡ ਅਤੇ ਪੰਥਕ ਭਲਾਈ ਫੰਡ) | ੩੪੬ | ੧੦੦੦੦ | |
| ੨੦ | ਮੁਲਾਜ਼ਮਾ ਵੱਲੋਂ ਸਹਾਇਤਾ ਵਿਦੇਸ਼ੀ ਛੁੱਟੀ | ੩੩੬ | | ੧੦੭੫੦੦੦ |
| ੨੧ | ਫੁਟਕਲ ਆਮਦਨ ਸੰਗਤਾਂ ਪਾਸੋਂ | ੪੯੨ | ੨੦੦੦੦੦੦ | ੧੧੫੦੦੦ |
| ੨੨ | ਧਰਮ ਅਰਥ ਫੰਡ (ਖਰਚ) | ੪੦੫ | ੨੪੩੩੦੦੦ | |
| ੨੩ | ਸਫਰ ਖਰਚ | ੩੧੨ | ੫੦੭੫ | |

| | | | | |
|---|---|---|---|---|
| | **ਜਨਰਲ ਟ੍ਰੱਸਟ ਫੰਡ** | | | |
| ੨੪ | ਮਿਆਦੀ ਹਿਸਾਬ | ੨੬੫ | ੧੦੯੧੩੦੧ | |
| | **ਦਸਤਕਾਰੀ ਫੰਡ** | | | |
| ੨੫ | ਮਿਅਦੀ ਹਿਸਾਬ | ੨੧੧ | ੬੭੨੨੩ | |
| | **ਯਾਤਰਾ ਗੁ: ਸਾਹਿਬਾਨ ਪਾਕਿਸਤਾਨ** | | | |
| ੨੬ | ਵੀਜ਼ਾ ਫੀਸ | ੨੬੦ | | ੯੨੧੦੦੦ |
| ੨੭ | ਸਫਰ ਖਰਚ, ਕਾਰ ਖਰਚ ਗੁ: ਸਾਹਿਬਾਨ | ੨੭੭ | ੪੨੦੨੨ | |
| | **ਭਾਈਚਾਰਕ ਸੁਧਾਰ ਫੰਡ** | | | |
| ੨੮ | ਸਹਾਇਤਾ (ਆਰਥਿਕ ਪੱਖੋਂ ਕਮਜ਼ੋਰ ਵਰਗਾਂ ਲਈ) | ੧੯੭ | ੧੦੦੦੦੦ | |
| | **ਸਸਪੈਂਸ ਗੁ:ਪਕਿਸਤਾਨ** | | | |
| ੨੯ | ਮਿਆਦੀ ਹਿਸਾਬ | ੧੯੧ | ੬੧੧੫੭ | |
| | **ਸੁੰਦਰ ਸਿੰਘ ਮਨਚੰਦਾ ਟਰੱਸਟ ਫੰਡਜ਼** | | | |
| ੩੦ | ਮਿਆਦੀ ਹਿਸਾਬ | ੨੧੭ | ੨੪੬੪੮ | |
| | **ਜੈ ਸਿੰਘ ਖੋਸਲਾ ਟਰੱਸਟ ਫੰਡਜ਼** | | | |
| ੩੧ | ਮਿਆਦੀ ਹਿਸਾਬ | ੨੨੫ | ੧੨੨੧੮ | |
| | **ਸ੍ਰ:ਬਲਵੰਤ ਸਿੰਘ ਨਲੂਆ ਟਰੱਸਟ ਫੰਡ** | | | |
| ੩੨ | ਮਿਆਦੀ ਹਿਸਾਬ | ੨੬੩ | ੧੭੪੫੮ | |
| | **ਗਿਆਨੀ ਆਤਮਾ ਸਿੰਘ ਟਰੱਸਟ ਫੰਡ** | | | |
| ੩੩ | ਮਿਆਦੀ ਹਿਸਾਬ | ੨੬੪ | ੨੦੯੪੯ | |
| | **ਮਾਈ ਖੁਸ਼ਹਾਲ ਕੌਰ ਟਰੱਸਟ ਫੰਡ** | | | |
| ੩੪ | ਮਿਆਦੀ ਹਿਸਾਬ | ੨੪੨ | ੧੦੪੭੫ | |
| | **ਸਵ:ਸ੍ਰ:ਹਰਬੰਸ ਸਿੰਘ ਤੇ ਸਰਦਾਰਨੀ ਹਰਚਰਨ ਕੌਰ ਟਰੱਸਟ ਫੰਡਜ਼** | | | |
| ੩੫ | ਮਿਆਦੀ ਹਿਸਾਬ | ੨੪੭ | ੧੩੯੬੬ | |
| | **ਸਵ: ਮਾਸਟਰ ਦਲਜੀਤ ਸਿੰਘ ਇੰ:ਫਲਾਇੰਗ ਸਕੁਐਡ ਟਰੱਸਟ ਫੰਡ** | | | |
| ੩੬ | ਮਿਆਦੀ ਹਿਸਾਬ | ੨੫੧ | ੪੬੨੬੪੬ | |
| | **ਜਨਰਲ ਲੈਜਰ ਨੰ: ੨** | | | |
| | **ਅਮਾਨਤਾਂ** | | | |
| ੩੭ | ਅਮਾਨਤ ਗੁਰਦਵਾਰੇ | ੫੨੮ | ੨੧੧੬੪੦ | ੨੦੯੯੨੧ |
| ੩੮ | ਅਮਾਨਤ ਮੁਲਾਜਮਾਂ ਤੇ ਜਨਰਲ | ੫੪੫ | ੧੫੩੩੬੯ | ੫੨੦੧੦ |
| ੩੯ | ਅਮਾਨਤ ਕਲਰਕਾਂ/ਸੇਵਾਦਾਰਾਂ (ਭਲਾਈ ਫੰਡ) | ੫੬੨ | | ੫੧੩੫੦ |
| ੪੦ | ਅਮਾਨਤ ਵਿਦਿਅਕ ਅਦਾਰੇ | ੫੮੪ | ੨੯੬੭੧੯ | ੧੯੬੯੩੯ |
| ੪੧ | ਖਰਚ ਦਫਤਰ | ੬੩੧ | ੧੪੫੬੪੨੯ | ੯੧੮੨੯੮ |

| | | | | |
|---|---|---|---|---|
| ੪੨ | ਮਿਆਦੀ ਹਿਸਾਬ ਅਮਾਨਤਾਂ | ੬੧੧ | ੮੩੧੫੫੬੪ | |
| | **ਜਮਾਨਤਾਂ** | | | |
| ੪੩ | ਜਮਾਨਤ ਮੁਲਾਜਮਾਂ | ੯੫੦ | ੧੨੨੫੦੦ | ੪੬੫੦੦੦ |
| ੪੪ | ਸੂਦ ਜਮਾਨਤਾਂ | ੮੭੪ | ੪੧੯੨੨੫.੦੮ | |
| ੪੫ | ਜਮਾਨਤ ਠੇਕੇਦਾਰਾਂ | ੮੭੮ | | ੫੧੩੦ |
| ੪੬ | ਮਿਆਦੀ ਹਿਸਾਬ ਠੇਕੇਦਾਰਾਂ | ੯੩੨ | ੧੯੧੨੩੯੫ | |
| ੪੭ | ਪੇਸ਼ਗੀ ਜਨਰਲ | ੭੭੨ | ੧੮੨੩੬੪੦ | ੧੬੮੧੪੨੩.੦੦ |
| ੪੮ | ਪੇਸ਼ਗੀ ਬੀਮਾ ਮੈਡੀਕਲ | ੭੬੨ | | ੩੭੭੬੦.੦੦ |
| | **ਸ਼੍ਰੋਮਣੀ ਗੁ: ਪ੍ਰ: ਕਮੇਟੀ, ਧਰਮ ਪ੍ਰਚਾਰ ਕਮੇਟੀ, ਸੈਕਸ਼ਨ ੮੫ ਦੇ ਗੁ: ਸਾਹਿਬਾਨ ਦਾ ਗ੍ਰੈਚੂਇਟੀ ਅਤੇ ਛੁੱਟੀਆਂ ਦਾ ਫੰਡ** | | | |
| ੪੯ | ਵਸੂਲੀ ਗ੍ਰੈਚੂਇਟੀ ਦਫ਼ਾ-੮੫ ਗੁ: ਸਾਹਿਬਾਨ | ੬੫੩ | ੧੦੮੦੦ | ੧੪੪੦੦੦੦੦ |
| ੫੦ | ਗ੍ਰੈਚੂਇਟੀ ਫੰਡ (ਮੁਲਾਜ਼ਮਾਂ ਅਦਾਇਗੀ) | ੬੯੫ | ੧੫੮੧੪੮੭੬ | |
| ੫੧ | ਮਿਆਦੀ ਹਿਸਾਬ ਜਨਰਲ ਡਿਪਾਜ਼ਟ ਪ੍ਰੋ. ਫੰਡ | ੮੮੬ | ੪੭੨੧੮੦੩.੪੮ | ੧੦੬੬੬੦੦੦ |
| ੫੨ | ਰਿਆਇਤੀ ਛੁੱਟੀਆਂ ਦੀ ਤਨਖਾਹ (ਸੇਵਾਫਲ ਮੁਲਾਜ਼ਮਾਂ) | ੭੩੧ | ੬੯੯੨੮੮੫ | |
| ੫੩ | ਟੈਕਸ ਡਿਡੈਕਸ਼ਨ ਐਟ ਸੋਰਸ (ਠੇਕੇਦਾਰਾਂ) | ੯੦੧, ੯੫੫ | ੧੧੫੯੪੫ | ੧੬੩੧੮੩ |
| | **ਜਨਰਲ ਲੈਜਰ ਨੰ: ੩** | | | |
| | **ਕੁਦਰਤੀ ਆਫਤਾਂ ਤੇ ਹੜ੍ਹ ਪੀੜ੍ਹਤ ਫੰਡ/ਕੈਸਰ ਰਲੀਫ ਫੰਡ** | | | |
| | **ਸ਼ਹੀਦੀ ਫੰਡ** | | | |
| ੫੪ | ਸਹਾਇਤਾ ਸ਼ਹੀਦ ਅਤੇ ਜ਼ਖਮੀ ਸਿੰਘਾਂ ਦੇ ਪ੍ਰੀਵਾਰਾਂ ਨੂੰ | ੧੦੦੯ | ੨੪੦੦੦੦ | |
| ੫੫ | ਸਪੈਸ਼ਲ ਕੋਰਟਾਂ ਦੇ ਕੇਸਾਂ ਦੀ ਪੈਰਵੀ ਲਈ | ੧੦੩੩ | ੨੫੦੦੦੦ | |
| | **ਜਨਰਲ ਲੈਜਰ ਨੰ: ੪** | | | |
| ੫੬ | ਬੱਚਤ ਹਿਸਾਬ ਨੰ:੨੧੨੨ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੧੨੩੧ | ੨੭੩੨੪੫ | ੮੦੧੭੭੮.੦੮ |
| ੫੭ | ਬੱਚਤ ਹਿਸਾਬ ਨੰ: ੩੧੫੨੧੫ HDFC | ੧੫੨੬ | ੮੬੮੩੮੫੯੫.੬੦ | ੧੦੧੬੧੮੪੫੩.੦੦ |
| ੫੮ | ਬੱਚਤ ਹਿਸਾਬ ਨੰ: ੦੦੨ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੧੩੩੨ | ੧੩੫੬੪੯੭੭ | ੩੫੭੮੫੪੬੧ |
| ੫੯ | ਬੱਚਤ ਹਿਸਾਬ ਨੰ ੦੨੬੩੧੭੭੦੦੦੦੦੧੩ HDFC Donation | ੧੪੧੯ | ੫੦੦੦੦ | ੫੦੦੦੦ |
| ੬੦ | ਬੱਚਤ ਹਿਸਾਬ ਨੰ: ੬੫੦੨੦੭੨੧੭੨੦ SBI | ੧੩੯੮ | ੧੫੬੨੩੩੮ | ੧੨੩੬੩੧੬ |
| ੬੧ | ਬੱਚਤ ਹਿਸਾਬ ਨੰ: ੧੩੧੩੧੦੦੦੦੯੪੬੮੦ HDFC | ੧੨੬੬ | ੧੮੩੨੪੪੦ | ੧੯੫੫੦੭੭.੦੦ |
| ੬੨ | ਬੱਚਤ ਹਿਸਾਬ ਨੰ: ੬੫੭੫੬੭੭੫ ਇੰਡੀਅਨ ਬੈਂਕ ਕਟੜਾ ਆਹਲੂਵਾਲੀਆ | ੧੪੧੬ | ੩੩੦੦੦ | |
| ੬੩ | ਬੱਚਤ ਹਿਸਾਬ ਨੰ:੩੨੪੪੧ ਪੰਜਾਬ ਨੈਸ਼ਨਲ ਬੈਂਕ | ੧੫੦੦ | | ੨੯੦੦੦੦ |

| | | | | |
|---|---|---|---|---|
| ੬੪ | ਬੱਚਤ ਹਿਸਾਬ ਨੰ:੩੨੪੨੩ ਪੰਜਾਬ ਨੈਸ਼ਨਲ ਬੈਂਕ | ੧੪੬੯ | ੭੮੦੯੮੨ | ੧੬੨੦੦੦੦ |
| ੬੫ | ਬੱਚਤ ਹਿਸਾਬ ਨੰ:੨੦੦੧੩੧੩ | | | |
| | Equitas Small Finance Bank | ੧੫੭੭ | ੧੩੨੯੯੬੧੯੩ | ੧੪੦੬੫੨੯੭੫ |
| ੬੬ | ਬੱਚਤ ਹਿਸਾਬ ਨੰ: ੧੦੦੦੨੫੫੪੨ ਬੈਂਕ ਆਫ ਬੜੌਦਾ | | | |
| | ਟਾਊਨ ਹਾਲ | ੧੬੦੫ | ੨੩੮੬੨੧੦੦ | ੩੫੦੦੦੦੦੦ |
| | **ਪ੍ਰੌਵੀਡੈਂਟ ਫੰਡ** | | | |
| ੬੭ | ਪ੍ਰੌਵੀਡੈਂਟ ਫੰਡ | ੬੮ | ੫੭੮੫੪੬੧.੦੦ | ੫੩੬੯੫੧੭੬.੦੦ |
| ੬੮ | ਅਮਾਨਤ ਪ੍ਰੌਵੀਡੈਂਟ ਫੰਡ | ੧੭੫ | ੧੮੭੧੮੧੦.੦੦ | ੧੮੭੬੩੪੫.੬੦ |
| ੬੯ | ਮਿਆਦੀ ਹਿਸਾਬ ਪ੍ਰੋ. ਫੰਡ ਪੰਜਾਬ ਐਂਡ ਸਿੰਧ ਬੈਕ | ੩੩੮ | | ੧੫੨੨੩੫.੬੪ |
| ੭੦ | ਮਿਆਦੀ ਹਿਸਾਬ ਪ੍ਰੋ. ਫੰਡ ਯੈਸ ਬੈਂਕ | ੩੩੦, ੩੬੦, ੩੯੦ | ੧੩੦੦੦੦੦੦੦ | ੧੭੮੯੦੦੦ |
| ੭੧ | ਮਿਆਦੀ ਹਿਸਾਬ ਪ੍ਰੌਵੀਡੈਂਟ ਫੰਡ ਸੈਂਟਰਲ ਕੋ-ਅਪ੍ਰੇਟਿਵ | | | |
| | ਬੈਂਕ ਹਾਲ ਬਜਾਰ ਅੰਮ੍ਰਿਤਸਰ | ੩੧੭ | | ੨੩੪੧੮੬ |
| ੭੨ | ਮਿਆਦੀ ਹਿਸਾਬ ਪ੍ਰੋ. ਫੰਡ | | | |
| | ਏ ਯੂ ਸਮਾਲ ਬੈਂਕ ਲਿਮ | ੩੦੮, ੨੭੯, ੨੮੦ | ੧੩੦੦੦੦੦੦੦ | ੭੫੦੦੦੨੦੫ |
| ੭੩ | ਮਿਆਦੀ ਹਿਸਾਬ ਪ੍ਰੋ. ਫੰਡ ਇਕਓਟਾਸ ਸਮਾਲ | | | |
| | ਫਾਈਨੈਂਸ ਬੈਂਕ ਲਿਮ | ੩੫੦, ੨੮੯, ੨੯੭ | | ੯੬੮੮੦੧੭੬.੮੪ |
| | **ਜੋੜ** | | **੫੮੧੫੪੮੦੦੬.੧੬** | **੫੮੧੬੫੦੭੯੨.੧੬** |
| | **ਹੱਥ ਦੀ ਬਾਕੀ** | | **੪੯੪੩੬੬** | **੩੯੧੫੮੦** |
| | **ਵੱਡਾ ਜੋੜ** | | **੫੮੨੦੪੨੩੭੨.੧੬** | **੫੮੨੦੪੨੩੭੨.੧੬** |

**ਸਹੀ/-** **ਸਹੀ/-**

**ਚੀਫ਼ ਅਕਾਊਂਟੈਂਟ,** **ਮੀਤ/ਐਡੀ:/ ਸਕੱਤਰ,**

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।**

ੴ ਵਾਹਿਗੁਰੂ ਜੀ ਕੀ ਫ਼ਤਹ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਚਿੱਠਾ ਆਮਦਨ/ਖ਼ਰਚ ਜਨਰਲ ਬੋਰਡ ਫੰਡ, ਮਹੀਨਾ ਫਰਵਰੀ ੨੦੨੫

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| | **(੧) ਨਿਰੋਲ ਆਮਦਨ/ਖਰਚ** | | | |
| ੧ | ਆਮਦਨ ਗੁ: ਗਜਟ | ੪੨੧/੧ | | ੨੦੦.੦੦ |
| ੨ | ਇੰਟਰਨਲ ਆਡਿਟ ਫੀਸ | ੫੭੯/੨ | ੩੦੦੦੦.੦੦ | |
| ੩ | ਇੰਟਰਨੈਟ | ੪੭੧/੧ | ੧੧੬੦੦.੦੦ | |
| ੪ | ਐਂਟਰਟੇਨਮੈਂਟ | ੪੬੨/੧ | ੫੧੪੦੪.੦੦ | ੧੧੫੧੭.੦੦ |
| ੫ | ਕਿਰਾਇਆ ਕੁਆਟਰ ਸ਼੍ਰੋ: ਕਮੇਟੀ (ਮੁਲਾਜਮਾਂ) | ੫੭੫/੨ | | ੪੮੧੪੦.੦੦ |
| ੬ | ਕੰਪਿਊਟਰ ਖਰਚ | ੮੪੨/੨ | ੫੭੦੦.੦੦ | |
| ੭ | ਖਰਚ ਆਈ.ਟੀ.ਵਿੰਗ | ੧੧੧੨/੩ | ੭੨੫੦.੦੦ | |
| ੮ | ਖਰਚ ਗੁ:ਗਜਟ | ੪੨੬/੧ | ੧੭੭੯੩੧.੦੦ | |
| ੯ | ਖਰਚ ਗੱਡੀਆਂ (ਤੇਲ, ਮੁਰੰਮਤ, ਬੀਮਾ) | ੪੫੬/੧ | ੩੫੭੩੩੯.੦੦ | |
| ੧੦ | ਖਰਚ ਗੱਡੀ (ਸਬ-ਆਫਿਸ ਚੰਡੀਗੜ) | ੬੨੧/੨ | ੩੭੪੦੧.੦੦ | |
| ੧੧ | ਖਰਚ ਸਬ-ਆਫਿਸ ਚੰਡੀਗੜ੍ਹ (ਐਟਰਟੇਨਮੈਂਟ) | ੬੨੭/੨ | ੪੭੬੮੬.੦੦ | |
| ੧੨ | ਖਰਚ ਸਬ ਆਫਿਸ ਚੰਡੀਗੜ੍ਹ (ਫੁਟਕਲ) | ੬੩੩/੨ | ੨੩੬੧੯.੦੦ | |
| ੧੩ | ਖਰਚ ਸਬ ਆਫਿਸ ਚੰਡੀਗੜ੍ਹ (ਬਿਜਲੀ, ਪਾਣੀ, ਟੈਲੀਫੋਨ) | ੬੩੭/੨ | ੬੧੧੮੬.੦੦ | |
| ੧੪ | ਖਰਚ ਸ੍ਰੀ ਕਲਗੀਧਰ ਨਿਵਾਸ (ਐਟਰਟੇਨਮੈਂਟ) | ੬੪੧/੨ | ੫੪੭੬੨.੦੦ | |
| ੧੫ | ਖਰਚ ਸ੍ਰੀ ਕਲਗੀਧਰ ਨਿਵਾਸ (ਫੁਟਕਲ) | ੬੫੦/੨ | ੭੧੮੭੬.੦੦ | |
| ੧੬ | ਖਰਚ ਸ੍ਰੀ ਕਲਗੀਧਰ ਨਿਵਾਸ (ਬਿਜਲੀ,ਪਾਣੀ,ਟੈਲੀਫੋਨ) | ੬੫੩/੨ | ੯੮੬੭.੦੦ | |
| ੧੭ | ਟੈਲੀਫੋਨ ਇੰਟਰਨਲ | ੫੫੬/੨ | ੬੫੯੭.੦੦ | |
| ੧੮ | ਟੈਲੀਫੋਨ ਦਫਤਰ | ੫੪੭/੨ | ੧੧੮੧੭.੦੦ | |
| ੧੯ | ਠੇਕਾ ਜਮੀਨ ਗੁ:ਸ੍ਰੀ ਬੁਰਜ ਸਾਹਿਬ ਧਾਰੀਵਾਲ ਪਿੰਡ ਔਜਲਾ | ੪੮੧/੧ | | ੧੭੬੦੦.੦੦ |
| ੨੦ | ਠੇਕਾ ਜਮੀਨ ਪਿੰਡ ਝੱਜੀਆਂ ਖੁਰਦ ਤਹਿ:ਬਟਾਲਾ | ੪੮੧/੧ | | ੨੩੨੯੭.੦੦ |
| ੨੧ | ਡਾਕ ਖਰਚ | ੫੮੬/੨ | ੩੩੮੯.੦੦ | |
| ੨੨ | ਤਨਖਾਹ ਸਬ-ਆਫਿਸ ਚੰਡੀਗੜ | ੭੩੨/੨ | ੧੨੫੯੪੪੮.੦੦ | |
| ੨੩ | ਤਨਖਾਹ ਸ੍ਰੀ ਕਲਗੀਧਰ ਨਿਵਾਸ ਚੰਡੀਗੜ | ੬੪੬/੨ | ੩੭੮੨੯੭.੦੦ | |
| ੨੪ | ਤਨਖਾਹ ਇੰਸਪੈਕਸ਼ਨ ਵਿਭਾਗ | ੧੮੬/੧ | ੫੭੫੩੦੬੫.੦੦ | |
| ੨੫ | ਤਨਖਾਹ ਜਨਰਲ ਵਿਭਾਗ ਕਲਰਕ, ਹੈਲਪਰ, ਸੇਵਾਦਾਰ | ੪੯੯/੧ | ੧੮੩੮੪੧੩੨.੦੦ | ੨੪੭੧੬.੦੦ |
| ੨੬ | ਤਨਖਾਹ ਸਬ-ਆਫਿਸ ਤਲਵੰਡੀ ਸਾਬੋ, ਬਠਿੰਡਾ | ੬੭੫/੨ | ੫੨੧੩੯੩.੦੦ | |
| ੨੭ | ਤਨਖਾਹ ਸਬ-ਆਫਿਸ ਤਖਤ ਸ੍ਰੀ ਕੇਸਗੜ੍ਹ ਸਾਹਿਬ, ਅਨੰਦਪੁਰ ਸਾਹਿਬ | ੬੬੮/੨ | ੩੯੭੦੫੩.੦੦ | |

| | | | | |
|---|---|---|---|---|
| ੨੮ | ਦਸਵੰਧ ਗੁ:ਸਾਹਿਬਾਨ ਦਫਾ ੮੫ ਤੋਂ | ੩੦/੧ | | ੬੨੨੨੩੩੭੪.੦੦ |
| ੨੯ | ਦਸਵੰਧ ਗੁ:ਸਾਹਿਬਾਨ ਦਫਾ ੮੭ ਤੋਂ | ੧੫੪/੧ | | ੩੩੦੫੪੯੧.੦੦ |
| ੩੦ | ਨਵੀਆਂ ਗੱਡੀਆਂ | ੧੧੦੩/੩ | ੪੩੯੧੩੨੩.੦੦ | ੮੧੦੦੦੦.੪੦ |
| ੩੧ | ਪਬਲੀਸਿਟੀ | ੨੦੪/੧ | ੧੩੧੦੩੮.੦੦ | |
| ੩੨ | ਫੁਟਕਲ | ੨੧੮/੧ | ੪੯੬੭੬.੦੦ | ੫੧੦੧੩.੦੦ |
| ੩੩ | ਮੁਰੰਮਤ ਸਮਾਨ | ੨੭੫/੧ | ੨੦੧੭੦.੦੦ | |
| ੩੪ | ਮੁੱਕਦਮੇ ਸਮੇਤ ਖਰਚਾ ਜੁਡੀਸ਼ਲ ਕਮਿਸ਼ਨ | ੨੫੭/੧ | ੨੦੯੬੫੩੨.੦੦ | |
| ੩੫ | ਰੋਸ਼ਨੀ | ੧੧੨੮/੩ | ੧੭੪੨੯੬੭.੦੦ | |
| ੩੬ | ਵਰਦੀਆਂ ਮੁਲਾਜਮਾ | ੪੧੦/੧ | | ੬੧੮੧੧.੦੦ |
| ੩੭ | ਸਟੇਸ਼ਨਰੀ ਦਫਤਰ | ੫੯੫/੨ | ੨੧੩੯੧੫.੦੦ | |
| ੩੮ | ਸਫਰ ਖਰਚ ਪ੍ਰਧਾਨ ਸਾਹਿਬ ਅਤੇ ਮੈਂਬਰ ਸਾਹਿਬਾਨ | ੨੯੫/੧ | ੨੧੪੬੦੫.੦੦ | |
| ੩੯ | ਸਫਰ ਖਰਚ ਮੁਲਾਜਮਾਂ | ੩੯੫/੧ | ੪੮੭੨੯੦.੦੦ | |
| ੪੦ | ਸਮਾਨ ਕੰਪਿਊਟਰ | ੬੦੩/੨ | ੩੪੩੫੩੫.੦੦ | |
| ੪੧ | ਸਮਾਨ ਤੇ ਕਿਤਾਬਾਂ ਸਬ-ਆਫਿਸ ਚੰਡੀਗੜ੍ਹ | ੬੬੦/੨ | ੨੬੫੦੦.੦੦ | |
| ੪੨ | ਸਮਾਨ ਤੇ ਫਰਨੀਚਰ ਦਫਤਰ | ੬੧੪/੨ | ੨੮੫੦੭.੦੦ | |
| ੪੩ | ਸਹਾਇਤਾ ਗਰੀਬ ਬੱਚਿਆਂ ਦੀ ਪੜਾਈ | ੫੧੮/੨ | ੬੫੩੯੦੦.੦੦ | |
| ੪੪ | ਸਹਾਇਤਾ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਹਰਿਆਣਾ | ੬੮੦/੨ | ੬੦੦੦੦੦੦.੦੦ | |
| ੪੫ | ਸੂਦ ਬੈਂਕਾ | ੪੧੭/੧ | | ੨੪੬੧੦੭੧੮.੦੦ |
| | **ਜੋੜ ਨਿਰੋਲ ਆਮਦਨ/ਖਰਚ** | | **੪੪੦੬੨੭੭੦.੦੦** | **੯੧੧੮੭੮੭੭.੪੦** |
| | **(੨) ਹੋਰ ਲੈਣਦਾਰੀਆਂ ਤੇ ਦੇਣਦਾਰੀਆਂ** | | | |
| ੪੬ | ਅਣਦਿੱਤੀ ਤਨਖਾਹ | ੭੩੮/੨ | ੩੨੯੮੯.੦੦ | ੧੨੦੦੫੮.੦੦ |
| ੪੭ | ਅਮਾਨਤ ਮੈਡੀਕਲ ਬੀਮਾ ਮੁਲਾਜਮਾਂ | ੯੮੧/੨ | ੩੭੭੪੮੭੯.੦੦ | ੩੮੩੫੦੫੯.੦੦ |
| ੪੮ | ਅਮਾਨਤਾ ਜਨਰਲ | ੮੩੬/੨ | | ੭੫੦੦੧.੦੦ |
| ੪੯ | ਇੰਨਕਮ ਟੈਕਸ ਫਰਮਾਂ | ੧੭੭੪/੪ | ੨੫੨੧੫.੦੦ | ੨੦੨੧੫.੦੦ |
| ੫੦ | ਇੰਨਕਮ ਟੈਕਸ ਮੁਲਾਜਮਾਂ | ੧੭੮੮/੪ | ੨੬੦੪੦੦.੦੦ | ੩੦੫੫੦੦.੦੦ |
| ੫੧ | ਤਨਖਾਹ ਸਟਾਫ ਆਨ ਡੈਪੂਟੇਸ਼ਨ | ੮੦੫/੨ | ੧੮੩੪੦੮.੦੦ | ੫੮੫੮੭.੦੦ |
| ੫੨ | ਪ੍ਰੋਫੈਸ਼ਨਲ ਟੈਕਸ | ੧੦੮੫/੩ | | ੬੪੪੬੦੦.੦੦ |
| ੫੩ | ਪੇਸ਼ਗੀ ਜਨਰਲ | ੧੦੩੩/੩ | ੧੫੮੯੪੪੮.੦੦ | ੫੭੪੨੫੦੮.੦੦ |
| ੫੪ | ਪੇਸ਼ਗੀ ਬੀਮਾ ਮੁਲਾਜਮਾਂ | ੮੧੭/੨ | | ੩੦੬੭੫੬.੦੦ |
| ੫੫ | ਪੇਸ਼ਗੀ ਮੈਡੀਕਲ ਮੁਲਾਜਮਾ (ਪਿਛਲੇ ਸਾਲਾ ਦੇ ਬਕਾਏ) | ੭੪੧/੨ | | ੨੧੬.੦੦ |
| ੫੬ | ਲੈਣ-ਦੇਣ ਸ੍ਰੀ ਦਰਬਾਰ ਸਾਹਿਬ | ੭੬੨/੨ | ੭੬੩੮੩.੦੦ | |
| ੫੭ | ਲੈਣਯੋਗ ਰਕਮ ਗੁ:ਬਾਬਾ ਗਾਧਾ ਸਿੰਘ ਜੀ ਬਰਨਾਲਾ | ੯੭੦/੨ | ੮੪੮੭.੦੦ | |
| ੫੮ | ਲੈਣਯੋਗ ਰਕਮ ਗੁ:ਸ੍ਰੀ ਚਰਨਕੰਵਲ ਸਾਹਿਬ ਜੀਦੋਵਾਲ ਬੰਗਾ | ੯੭੧/੨ | ੮੪੮੭.੦੦ | |
| ੫੯ | ਵਸੂਲਣਯੋਗ ਤਨਖਾਹ | ੭੬੭/੨ | ੮੭੧.੦੦ | |

| | | | | |
|---|---|---|---|---|
| ੬੦ | ਵਿਕਰੀ ਸਟਾਕ ਸਟੇਸ਼ਨਰੀ | ੭੮੦/੨ | | ੩੭੦੫.੦੦ |
| | **ਜੋੜ** | | **੫੯੬੦੫੬੭.੦੦** | **੧੧੧੧੨੨੦੫.੦੦** |
| | **(੩) ਬੈਂਕਾਂ ਰਾਹੀ ਲੈਣ/ਦੈਣ** | | | |
| ੬੧ | ਆਈ.ਸੀ.ਆਈ.ਸੀ.ਆਈ ਬੈਂਕ ਖਾਤਾ ਨੰ: ੦੦੬੬੦੧/੦੧੧੨੭੫ | ੧੯੮੦/੪ | ੧੦੦੦੦੦੦੦.੦੦ | ੪੦੫੪੪੦੩੧.੦੦ |
| ੬੨ | ਇੰਡੀਅਨ ਬੈਂਕ ,ਕੱਟੜਾ ਆਹਲੂਵਾਲੀਆ ਖਾਤਾ ਨੰ: ੮੬੯੪/੧੭੬੩੦ | ੧੯੯੦/੪ | ੧੦੦੦੦੦੦੦.੦੦ | ੫੨੦੮੪੫੫੮.੦੦ |
| ੬੩ | ਐਚ.ਡੀ.ਐਫ.ਸੀ. ਬੈਂਕ ਖਾਤਾ ਨੰ:੩੧੬੦੨੭ | ੧੬੨੪/੪ | ੩੪੯੯੫੪੨੯੪.੪੦ | ੫੦੨੪੬੩੪੦੦.੦੦ |
| ੬੪ | ਪੰਜਾਬ ਐਂਡ ਸਿੰਧ ਬੈਕ ਖਾਤਾ ਨੰ:੨੧੨੩ | ੧੫੭੭/੪ | ੬੮੩੩੬੯੬.੦੦ | ੪੭੯੧੦੫੪੦.੦੦ |
| ੬੫ | ਪੰਜਾਬ ਨੈਸ਼ਨਲ ਬੈਂਕ ਮਾਤਾ ਗੰਗਾ ਜੀ ਨਿਵਾਸ ਖਾਤਾ ਨੰ: ੫੭੪੪ | ੧੬੬੧/੪ | ੩੫੩੯੧੧੦੮.੦੦ | ੬੦੧੭੮੬੨੭.੦੦ |
| ੬੬ | ਬੈਂਕ ਆਫ ਇੰਡੀਆ ਖਾਤਾ ਨੰ:੪੬੧੨ | ੧੭੩੫/੪ | ੨੦੦੦੦੦੦.੦੦ | ੫੦੫੩੨.੦੦ |
| ੬੭ | ਮਿਆਦੀ ਹਿਸਾਬ ਜਨਰਲ ਇਕਿਉਟਸ ਸਮਾਲ ਫਾਈਨੈਂਸ ਬੈਂਕ | ੧੭੪੧/੪ | ੧੩੦੦੦੦੦੦੦.੦੦ | |
| ੬੮ | ਮਿਆਦੀ ਹਿਸਾਬ ਜਨਰਲ ਐਚ.ਡੀ.ਐਫ.ਸੀ. ਬੈਂਕ | ੧੭੪੩/੪ | ੩੭੦੦੦੦੦੦੦.੦੦ | |
| ੬੯ | ਮਿਆਦੀ ਹਿਸਾਬ ਜਨਰਲ ਐਚ.ਡੀ.ਐਫ.ਸੀ.ਬੈਂਕ (ਠੇਕੇਦਾਰਾਂ) | ੧੭੫੮/੪ | | ੧੩੬੭੦੬੬.੦੦ |
| ੭੦ | ਮਿਆਦੀ ਹਿਸਾਬ ਜਨਰਲ ਪੰਜਾਬ ਐਡ ਸਿੰਧ ਬੈਂਕ ਗੋਲ: ਟੈਂਪਲ | ੧੭੬੦/੪ | ੧੩੬੭੦੬੬.੦੦ | |
| ੭੧ | ਮਿਆਦੀ ਹਿਸਾਬ ਯੈਸ ਬੈਂਕ ਹਾਲ ਬਜਾਰ | ੧੭੪੪/੪ | ੭੦੦੦੦੦੦੦.੦੦ | ੨੦੦੦੦੦੦੦੦.੦੦ |
| ੭੨ | ਸਟੇਟ ਬੈਂਕ ਆਫ ਇੰਡੀਆ ਖਾਤਾ ਨੰ: ੬੫੦੨੨੧੬੭੦੭੫ | ੧੭੦੭/੪ | ੩੧੯੫੯੦੯੦.੦੦ | ੬੦੬੮੯੫੮੭.੦੦ |
| | **ਬੈਂਕ ਖਾਤਿਆਂ ਦਾ ਜੋੜ** | | **੧੦੧੭੫੦੫੨੫੪.੪੦** | **੯੬੫੨੮੮੩੪੧.੦੦** |
| | **ਜੋੜ (ਸਿਰਲੇਖ ੧+੨+੩)** | | **੧੦੬੭੫੨੮੫੯੧.੪੦** | **੧੦੬੭੫੮੮੪੨੩.੪੦** |
| | **ਹੱਥ ਦੀ ਬਾਕੀ** | | **੩੮੦੭੪੯.੦੦** | **੩੨੦੯੧੭.੦੦** |
| | **ਕੁੱਲ ਜੋੜ** | | **੧੦੬੭੯੦੯੩੪੦.੪੦** | **੧੦੬੭੯੦੯੩੪੦.੪੦** |

**ਸਹੀ/-** **ਸਹੀ/-**

**ਚੀਫ਼ ਅਕਾਊਂਟੈਂਟ,** **ਮੀਤ/ਐਡੀ:/ ਸਕੱਤਰ,**

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।**

# ਮਤੇ

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੧੭੮ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਬੀਬੀ ਮਨਜੀਤ ਕੌਰ ਚਿੜੇਵਨ ਸਾਬਕਾ ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਬੀਬੀ ਮਨਜੀਤ ਕੌਰ ਚਿੜੇਵਨ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਬੀਬੀ ਮਨਜੀਤ ਕੌਰ ਚਿੜੇਵਨ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੧੭੯ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸ੍ਰ. ਜਗੀਰ ਸਿੰਘ ਜੀ ਵਰਪਾਲ ਸਾਬਕਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਸ੍ਰ. ਜਗੀਰ ਸਿੰਘ ਜੀ ਵਰਪਾਲ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੧੮੦ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸ੍ਰ. ਹਰਦੇਵ ਸਿੰਘ ਮਤੇਵਾਲ ਸਾਬਕਾ ਐਡਵੋਕੇਟ ਜਨਰਲ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਬਤੌਰ ਐਡਵੋਕੇਟ ਕਾਨੂੰਨੀ ਮਾਮਲਿਆਂ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਸ੍ਰ. ਹਰਦੇਵ ਸਿੰਘ ਜੀ ਮਤੇਵਾਲ ਸਾਬਕਾ ਐਡਵੋਕੇਟ ਜਨਰਲ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ

ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੧੯੧ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਬੀਬੀ ਚਰਨਜੀਤ ਕੌਰ ਜੀ ਧਰਮ ਪਤਨੀ ਜਥੇਦਾਰ ਗੁਰਦਿਆਲ ਸਿੰਘ ਅਜਨੋਹਾ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖਤ ਸਾਹਿਬ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੧੯੨ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਬੀਬੀ ਅਮਰਜੀਤ ਕੌਰ ਧਰਮ ਪਤਨੀ ਸ਼ਹੀਦ ਭਾਈ ਫੌਜਾ ਸਿੰਘ ਜੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ।ਉਨ੍ਹਾਂ ਨੇ ਆਪਣਾ ਸਾਰਾ ਜੀਵਨ ਚੜ੍ਹਦੀ ਕਲਾਂ 'ਚ ਅਤੇ ਗੁਰਮਰਿਯਾਦਾ ਅਨੁਸਾਰ ਬਤੀਤ ਕੀਤਾ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੧੯੩ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਬਾਪੂ ਸੂਰਤ ਸਿੰਘ ਜੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ।ਉਨ੍ਹਾਂ ਨੇ ਬੰਦੀ ਸਿੰਘਾਂ ਦੀ ਰਿਹਾਈ ਲਈ ਲੰਮਾ ਸਮਾਂ ਸ਼ਾਂਤਮਈ ਸ਼ੰਘਰਸ਼ ਕੀਤਾ ਅਤੇ ਆਪਣਾ ਜੀਵਨ ਚੜ੍ਹਦੀ ਕਲਾਂ 'ਚ ਅਤੇ ਗੁਰਮਰਿਯਾਦਾ ਅਨੁਸਾਰ ਬਤੀਤ ਕੀਤਾ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ

ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੧੯੬ ਦੀ ਨਕਲ:-**

ਬੀਬੀ ਰਣਜੀਤ ਕੌਰ (ਸੁਪਤਨੀ ਸਵ: ਸ. ਖੇਮਕਰਨ ਸਿੰਘ) ਪਿੰਡ ਬੇਰ ਖੁਰਦ, ਬਲਾਕ ਮਲੌਦ ਤਹਿਸੀਲ ਪਾਇਲ, ਜਿਲ੍ਹਾ ਲੁਧਿਆਣਾ ਵੱਲੋਂ ਆਪਣੇ ਲੜਕੇ ਦੀ ਸ਼ਹੀਦੀ ਸਭਾ ਸਰਹਿੰਦ ਵਿਖੇ ਲਗਾਏ ਗਏ ਲੰਗਰ ਸਮੇਂ ਟਰੈਕਟਰ ਟਰਾਲੀ ਦਾ ਐਕਸੀਡੈਂਟ ਹੋ ਜਾਣ ਕਾਰਨ ਮੌਤ ਹੋ ਜਾਣ ਦਾ ਹਵਾਲਾ ਦੇਂਦਿਆਂ ਸਹਾਇਤਾ ਲੈਣ ਦੀ ਮੰਗ ਪੁੱਜੀ ਹੈ। ਸ੍ਰ. ਰਘਬੀਰ ਸਿੰਘ ਸਹਾਰਨ ਮਾਜਰਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਸਿਫਾਰਸ਼ ਕੀਤੀ ਗਈ ਹੈ, ਪੁੱਜਾ ਮਾਮਲਾ, ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਬੀਬੀ ਰਣਜੀਤ ਕੌਰ (ਸੁਪਤਨੀ ਸਵ: ਸ. ਖੇਮਕਰਨ ਸਿੰਘ) ਨੂੰ ਧਰਮ ਅਰਥ ਫੰਡ ਵਿੱਚੋਂ ੭੫,੦੦੦/-ਅੱਖਰੀਂ ਪੰਝੱਤਰ ਹਜ਼ਾਰ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੧੯੧ ਦੀ ਨਕਲ:-**

ਸ੍ਰ. ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਪੁੱਜੀ ਪੱਤ੍ਰਿਕਾ ਅਨੁਸਾਰ ਪਿਛਲੇ ਦਿਨੀਂ ਗੁਰਦੁਆਰਾ ਸ੍ਰੀ ਕੰਧ ਸਾਹਿਬ, ਬਟਾਲਾ ਵਿਖੇ ਨਿਸ਼ਾਨ ਸਾਹਿਬ ਜੀ ਦੇ ਚੋਲੇ ਦੀ ਸੇਵਾ ਕਰਦਿਆਂ ਸ੍ਰ. ਸਤਨਾਮ ਸਿੰਘ ਪਾਰਟ ਟਾਈਮ ਬਿਜਲੀ ਮਿਸਤਰੀ ਦੀ ਡਿੱਗਣ ਕਰਕੇ ਮੌਤ ਹੋ ਗਈ ਸੀ। ਕੁੱਝ ਸਮਾਂ ਪਹਿਲਾਂ ਉਸਦੇ ਇਕਲੌਤੇ ਪੁੱਤਰ ਦੀ ਵੀ ਮੌਤ ਹੋ ਚੁੱਕੀ ਹੈ। ਪਿੱਛੇ ਦੋ ਬੇਟੀਆਂ ਅਤੇ ਉਸ ਦੀ ਬਿਮਾਰ ਪਤਨੀ ਰਹਿ ਗਈ ਹੈ। ਕਮਾਈ ਦਾ ਕੋਈ ਸਾਧਨ ਨਹੀਂ ਰਿਹਾ। ਮ੍ਰਿਤਕ ਸਤਨਾਮ ਸਿੰਘ ਦੇ ਪਰਿਵਾਰ ਨੂੰ ਵੱਧ ਤੋਂ ਵੱਧ ਮਾਲੀ ਸਹਾਇਤਾ ਦੇਣ ਦਾ ਪੁੱਜਾ ਮਾਮਲਾ, ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਬੀਬੀ ਗੁਰਮੀਤ ਕੌਰ (ਸੁਪਤਨੀ ਸਵ: ਸ੍ਰ. ਸਤਨਾਮ ਸਿੰਘ) ਨੂੰ ਧਰਮ ਅਰਥ ਫੰਡ ਵਿੱਚੋਂ ੨,੦੦,੦੦੦/-ਅੱਖਰੀਂ ਦੋ ਲੱਖ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੧੯੪ ਦੀ ਨਕਲ:-**

ਸ੍ਰ. ਮੇਜਰ ਸਿੰਘ ਕਬੱਡੀ ਕੋਚ, ਸ੍ਰ. ਜਰਮਨਜੀਤ ਸਿੰਘ ਕਪਤਾਨ ਅਨੁਸਾਰ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਕਬੱਡੀ ਟੀਮ ਵਿੱਚ ਸ੍ਰ. ਸੁਮਨਪ੍ਰੀਤ ਸਿੰਘ (ਸਪੁੱਤਰ ਸ੍ਰ. ਰਣਧੀਰ ਸਿੰਘ) ਪਿੰਡ ਹਿੰਮਤਪੁਰਾ ਨੌਕਰ (ਹਰਿਆਣਾ) ਨੇ ਨਿਰਸਵਾਰਥ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਕਬੱਡੀ ਟੀਮ ਵਿੱਚ ਖੇਡ ਕੇ ਸਮੇਂ-ਸਮੇਂ ਤੇ ਵੱਖ-ਵੱਖ ਪੁਜੀਸ਼ਨਾਂ ਹਾਸਲ ਕਰਵਾਈਆਂ ਹਨ। ਟੀਮ ਵਿੱਚ ਖੇਡਦਿਆਂ ਗੋਡੇ ਉੱਪਰ ਸੱਟ ਲੱਗ ਗਈ ਹੈ, ਜਿਸ ਦੇ ਉਪਰੇਸ਼ਨ ਤੇ ਦੋ ਤੋਂ ਢਾਈ ਲੱਖ ਰੁਪਏ ਖਰਚ ਆਉਣਾ ਹੈ। ਸਬੰਧਤ ਗਰੀਬ ਪਰਿਵਾਰ ਨਾਲ ਸਬੰਧ ਰੱਖਦਾ ਹੈ। ਵੱਧ ਤੋਂ ਵੱਧ ਸਹਾਇਤਾ ਦੇਣ ਦਾ ਪੁੱਜਾ ਮਾਮਲਾ, ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ੍ਰ. ਸੁਮਨਪ੍ਰੀਤ ਸਿੰਘ (ਸਪੁੱਤਰ ਸ੍ਰ. ਰਣਧੀਰ ਸਿੰਘ) ਨੂੰ ਧਰਮ ਅਰਥ ਫੰਡ ਵਿੱਚੋਂ ੧,੦੦,੦੦੦/-ਅੱਖਰੀਂ ਇੱਕ ਲੱਖ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੧੯੫ ਦੀ ਨਕਲ:-**

ਪ੍ਰਿੰਸੀਪਲ, ਦਸਮੇਸ਼ ਪਬਲਿਕ ਸਕੂਲ, ਗੁਰਪਲਾਹ ਸਾਹਿਬ, ਊਨਾ (ਹਿਮਾਚਲ ਪ੍ਰਦੇਸ਼) ਵੱਲੋਂ ਪੱਤ੍ਰਿਕਾ ਨੰਬਰ ੨੦੦ ਮਿਤੀ ੨੧-੦੧-੨੦੨੫ ਰਾਹੀਂ ਉਕਤ ਸਕੂਲ ਦੇ ਵਿਦਿਆਰਥੀ ਅੰਕੁਸ ਪਾਸਵਾਨ (ਸਪੁੱਤਰ

ਸ੍ਰੀ ਰੰਜੇ ਪਾਸਵਾਨ), ਕਲਾਸ L.K.G ਦੀ ਸਕੂਲ ਤੋਂ ਸਕੂਲ ਬੱਸ ਰਾਹੀਂ ਸਟਾਪ ਤੇ ਪਹੁੰਚਦਿਆਂ ਐਕਸੀਡੈਂਟ ਹੋ ਜਾਣ ਦੇ ਕਾਰਨ ੧੪-੧੫ ਦਿਨ ਇਲਾਜ ਕਰਵਾਉਣ ਦੌਰਾਨ ਬੱਚੇ ਦੀ ਮੌਤ ਹੋ ਗਈ ਸੀ। ਪਰਿਵਾਰ ਬਹੁਤ ਗਰੀਬ ਹੈ। ਬੱਚੇ ਦੇ ਇਲਾਜਪੁਰ ਕਾਫੀ ਖਰਚ ਹੋਇਆ ਹੈ।ਪ੍ਰਿੰਸੀਪਲ ਵੱਲੋਂ ਪੀੜਤ ਪਰਿਵਾਰ ਨੂੰ ੧,੦੦,੦੦੦/-ਰੁਪਏ ਸਹਾਇਤਾ ਦੇਣ ਦੀ ਕੀਤੀ ਮੰਗ ਦਾ ਪੁੱਜਾ ਮਾਮਲਾ, ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਦਸਮੇਸ਼ ਪਬਲਿਕ ਸਕੂਲ, ਗੁਰਪਲਾਹ ਸਾਹਿਬ, ਊਨਾ (ਹਿਮਾਚਲ ਪ੍ਰਦੇਸ਼) ਸਕੂਲ ਦੇ ਵਿਦਿਆਰਥੀ ਅੰਕੁਸ ਪਾਸਵਾਨ ਦੀ ਐਕਸੀਡੈਂਟ ਦੇ ਕਾਰਨ ਮੌਤ ਹੋ ਜਾਣ ਕਰਕੇ, ਉਸ ਦੇ ਪਿਤਾ ਸ੍ਰੀ ਰੰਜੇ ਪਾਸਵਾਨ ਨੂੰ ਧਰਮ ਅਰਥ ਫੰਡ ਵਿੱਚੋਂ ੫੦,੦੦੦/-ਅੱਖਰੀਂ ਪੰਜਾਹ ਹਜ਼ਾਰ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੨੨੩ ਦੀ ਨਕਲ:-**

ਸ੍ਰ. ਮਨਜਿੰਦਰ ਸਿੰਘ ਸੋਖੀ (ਸਪੁੱਤਰ ਸਵ: ਸ੍ਰ.ਸੁਰਜੀਤ ਸਿੰਘ ਸੋਖੀ) ਵਾਸੀ ਗੁਰਨਾਮ ਨਗਰ, ਸੁਲਤਾਨਵਿੰਡ ਰੋਡ, ਸ੍ਰੀ ਅੰਮ੍ਰਿਤਸਰ ਵੱਲੋਂ ਆਪਣੇ ਪਿਤਾ ਸ੍ਰ. ਸੁਰਜੀਤ ਸਿੰਘ ਸੋਖੀ ਜੋ ਸ਼੍ਰੋਮਣੀ ਅਕਾਲੀ ਦਲ ਦੇ ਸਰਗਰਮ ਮੈਂਬਰ ਅਤੇ ਅਕਾਲੀ ਦਲ ਦੇ ਪ੍ਰੈੱਸ ਸਕੱਤਰ ਸਨ।ਉਨ੍ਹਾਂ ਨੇ ਸੰਨ ੧੯੮੪ ਦੇ ਸਾਰੇ ਭਾਰਤ ਵਿੱਚ ਹੋਏ ਸਿੱਖ ਕਤਲੇਆਮ 'ਤੇ ਕਿਤਾਬ ਲਿਖੀ ਸੀ, ਜਿਸ ਨੂੰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਪ੍ਰਕਾਸ਼ਿਤ ਕੀਤਾ ਗਿਆ ਸੀ। ਮਾੜੇ ਆਰਥਿਕ ਹਲਾਤਾਂ ਵਿੱਚ ਗੁਜ਼ਰ ਰਹੇ ਹੋਣ ਦਾ ਹਵਾਲਾ ਦੇਂਦਿਆ ਸਹਾਇਤਾ ਲੈਣ ਦੀ ਪੁੱਜੀ ਮੰਗ ਦਾ ਮਾਮਲਾ, ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ੍ਰ. ਮਨਜਿੰਦਰ ਸਿੰਘ ਸੋਖੀ (ਸਪੁੱਤਰ ਸਵ: ਸ੍ਰ.ਸੁਰਜੀਤ ਸਿੰਘ ਸੋਖੀ) ਨੂੰ ਧਰਮ ਅਰਥ ਫੰਡ ਵਿੱਚੋਂ ੭੫,੦੦੦/-ਅੱਖਰੀਂ ਪੱਝੰਤਰ ਹਜ਼ਾਰ ਰੁਪਏ ਕੇਵਲ ਦੀ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੨੨੬ ਦੀ ਨਕਲ:-**

ਭਾਈ ਗੁਰਦੀਪ ਸਿੰਘ ਖੈੜਾ ਬੰਦੀ ਸਿੰਘ (ਸਪੁੱਤਰ ਸ. ਬੰਤਾ ਸਿੰਘ) ਪਿੰਡ ਜੱਲੂਪੁਰ ਖੈੜਾ, ਸ੍ਰੀ ਅੰਮ੍ਰਿਤਸਰ ਵੱਲੋਂ ਕੌਮ ਦੀ ਖਾਤਰ ੩੫ ਸਾਲ ਤੋਂ ਜੇਲ੍ਹ ਕੱਟ ਰਿਹਾ ਹੋਣ ਦਾ ਹਵਾਲਾ ਦੇਂਦਿਆਂ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਮਹੀਨਾਵਾਰ ਦਿੱਤੀ ਜਾ ਰਹੀ ੪੦,੦੦੦/-ਰੁਪਏ ਸਹਾਇਤਾ ਵਿੱਚ ਵਾਧਾ ਕਰਨ ਅਤੇ ਮਕਾਨ ਦੀ ਮੁਰੰਮਤ ਕਰਵਾਉਣ ਲਈ ਵੱਧ ਤੋਂ ਵੱਧ ਸਹਾਇਤਾ ਦੇਣ ਦੀ ਕੀਤੀ ਮੰਗ ਦਾ ਪੁੱਜਾ ਮਾਮਲਾ, ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਭਾਈ ਗੁਰਦੀਪ ਸਿੰਘ ਖੈੜਾ ਬੰਦੀ ਸਿੰਘ (ਸਪੁੱਤਰ ਸ. ਬੰਤਾ ਸਿੰਘ) ਨੂੰ ਧਰਮ ਅਰਥ ਫੰਡ ਵਿੱਚੋਂ ੫,੦੦,੦੦੦/- ਅੱਖਰੀਂ ਪੰਜ ਲੱਖ ਰੁਪਏ ਕੇਵਲ ਦੀ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੧੦-੦੨-੨੦੨੫ (੨੮ ਮਾਘ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੨੬੨ ਦੀ ਨਕਲ:-**

ਹਲਕਾ ਜਲਾਲਾਬਾਦ (ਜਿਲ੍ਹਾ ਫਾਜਿਲਕਾ) ਵਿਖੇ ਮਿਤੀ ੩੧-੦੧-੨੦੨੫ ਨੂੰ ਭਿਆਨਕ ਐਕਸੀਡੈਂਟ

ਵਿੱਚ ਗਰੀਬ ਪਰਿਵਾਰਾਂ ਦੇ ਕੁੱਝ ਵਿਅਕਤੀਆਂ ਦੀ ਮੌਤ ਹੋ ਗਈ ਸੀ। ਸ੍ਰ. ਦਰਸ਼ਨ ਸਿੰਘ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਇਹਨਾਂ ਦੇ ਪਰਿਵਾਰਾਂ ਨੂੰ ਸਹਾਇਤਾ ਦੇਣ ਦੀ ਸਿਫਾਰਸ਼ ਕੀਤੀ ਗਈ ਹੈ, ਦਾ ਮਾਮਲਾ, ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਹੇਠ ਲਿਖੇ ਮ੍ਰਿਤਕਾ ਦੇ ਵਾਰਸਾਂ ਨੂੰ ਧਰਮ ਅਰਥ ਫੰਡ ਵਿੱਚੋਂ ੨੦,੦੦੦/-, ੨੦,੦੦੦/-ਅੱਖਰੀਂ ਵੀਹ-ਵੀਹ ਹਜ਼ਾਰ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ:-

| **ਸੀ:ਨੰ** | **ਮ੍ਰਿਤਕ** | **ਵਾਰਸ** |
|---|---|---|
| ੧ | ਲਖਨ (ਸਪੁੱਤਰ ਸ੍ਰੀ ਰਾਜੂ) ਸ਼ੰਕਰ ਬਸਤੀ, ਗੁਰੂ ਹਰਸਹਾਏ | ਮਾਲਾ (ਸੁਪਤਨੀ ਰਾਜੂ) ਮ੍ਰਿਤਕ ਦੀ ਮਾਤਾ |
| ੨ | ਮੁਕੇਸ਼ (ਸਪੁੱਤਰ ਸ੍ਰੀ ਓਮ ਪ੍ਰਕਾਸ਼) ਇੰਦਰਾ ਕਲੋਨੀ ਵਾਸੀ ਗੁਰੂ ਹਰਸਹਾਏ | ਨੀਲਮ (ਸੁਪਤਨੀ ਮੁਕੇਸ਼) ਮ੍ਰਿਤਕ ਦੀ ਪਤਨੀ |
| ੩ | ਵਿੱਕੀ (ਸਪੁੱਤਰ ਸ੍ਰੀ ਬੀਬਾ ਰਾਮ) ਵਾਸੀ ਬਸਤੀ ਮੱਘਰ ਸਿੰਘ ਵਾਲੀ, ਗੁਰੂ ਹਰਸਹਾਏ | ਸੋਮਾ ਰਾਣੀ (ਸੁਪਤਨੀ ਬੀਬਾ ਰਾਮ) ਮ੍ਰਿਤਕ ਦੀ ਮਾਤਾ |
| ੪ | ਰਵੀ (ਸਪੁੱਤਰ ਸ੍ਰੀ ਮਾਲੋ ਰਾਮ) ਵਾਸੀ ਵਾਰਡ ਨੰ:੦੨, ਗੁਰੂ ਹਰਸਹਾਏ | ਸ਼ਾਤੀ ਦੇਵੀ (ਸੁਪਤਨੀ ਮਾਲੋ ਰਾਮ) ਮ੍ਰਿਤਕ ਦੀ ਮਾਤਾ |
| ੫ | ਜਸਵੰਤ ਸਿੰਘ (ਸਪੁੱਤਰ ਸ. ਗੁਰਮੀਤ ਸਿੰਘ) ਵਾਸੀ ਸਰੂਪ ਸਿੰਘ ਵਾਲਾ, ਗੁਰੂ ਹਰਸਹਾਏ | ਜੀਰੋ (ਸੁਪਤਨੀ ਗੁਰਮੀਤ ਸਿੰਘ) ਮ੍ਰਿਤਕ ਦੀ ਮਾਤਾ |
| ੬ | ਬੱਗਾ ਸਿੰਘ (ਸਪੁੱਤਰ ਸ. ਬਲਦੇਵ ਸਿੰਘ) ਵਾਸੀ ਝੰਡੂ ਵਾਲਾ, ਗੁਰੂ ਹਰਸਹਾਏ | ਕਰਨੈਲ ਕੌਰ (ਸੁਪਤਨੀ ਬੱਗਾ ਸਿੰਘ) ਮ੍ਰਿਤਕ ਦੀ ਪਤਨੀ |
| ੭ | ਚਾਂਦ (ਸਪੁੱਤਰ ਸ੍ਰੀ ਵਿਸਾਖੀ) ਵਾਸੀ ਵਾਰਡ ਨੰ:੦੨, ਬਸਤੀ ਸ਼ੰਕਰ, ਗੁਰੂ ਹਰਸਹਾਏ | ਜੀਤੋ (ਸੁਪਤਨੀ ਸਾਵਨ ਸਿੰਘ) ਮ੍ਰਿਤਕ ਦੀ ਮਾਤਾ |
| ੮ | ਮਲਕੀਤ ਸਿੰਘ (ਸਪੁੱਤਰ ਸ. ਬੂਟਾ ਸਿੰਘ) ਵਾਸੀ ਚੱਕ ਮੋਬਾਇਨ ਹਰਦੋਢੰਡੀ (ਲਾਲਚੀਆਂ) | ਮਨਜੀਤ ਕੌਰ (ਸੁਪਤਨੀ ਮਲਕੀਤ ਸਿੰਘ) ਮ੍ਰਿਤਕ ਦੀ ਪਤਨੀ |
| ੯ | ਸੁਧ ਰਾਮ (ਸਪੁੱਤਰ ਸ. ਲਾਲ ਸਿੰਘ) ਪਿੰਡ ਝੰਡੂ ਵਾਲਾ, ਗੁਰੂ ਹਰਸਹਾਏ | ਸ਼ਿੰਦਰ ਕੌਰ (ਸੁਪਤਨੀ ਸੁਧ ਰਾਮ) ਮ੍ਰਿਤਕ ਦੀ ਪਤਨੀ |

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੦੭-੦੩-੨੦੨੫ (੨੪ ਫੱਗਣ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੨੭੪ ਦੀ ਨਕਲ:-**

ਪੂਰਨ ਸਿੰਘ ਦੇਸਲ (ਸਪੁੱਤਰ ਸ੍ਰ. ਬੁੱਧ ਸਿੰਘ) ਵਾਸੀ ਮੁਹੱਲਾ ਲੱਖਣਪਾਲ, ਨੂਰਮਹਿਲ ਜ਼ਿਲ੍ਹਾ ਜਲੰਧਰ ਸਾਬਕਾ ਡਰਾਈਵਰ ਆਸ਼ੂਤੋਸ਼ ਨੂਰਮਹਿਲ ਵੱਲੋਂ ਵਿਦਿਆ ਜੋਤੀ ਜਾਗਰਤੀ ਸੰਸਥਾਨ ਨੂਰਮਹਿਲ ਦੇ ਨਾਲ ਕੇਸ ਚੱਲ ਰਿਹਾ ਹੋਣ ਅਤੇ ਵਕੀਲ ਦੀ ਫੀਸ ਦੇਣ ਤੋਂ ਅਸਮਰੱਥਾ ਪ੍ਰਗਟ ਕਰਦਿਆਂ ਵਕੀਲ ਦੀ ਫੀਸ ਦੇਣ ਲਈ ਸਹਾਇਤਾ ਲੈਣ ਦੀ ਮੰਗ ਪੁੱਜੀ ਹੈ। ਸ੍ਰ. ਗੁਰਚਰਨ ਸਿੰਘ ਜੀ ਗਰੇਵਾਲ ਮੈਂਬਰ, ਸ਼੍ਰੋਮਣੀ

ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿਫਾਰਸ਼ ਕੀਤੀ ਗਈ ਹੈ। ਮਾਮਲਾ ਪੇਸ਼ ਹੋਣ 'ਤੇ ਪ੍ਰਵਾਨ ਹੋਇਆ ਕਿ ਪੂਰਨ ਸਿੰਘ ਦੇਸਲ (ਸਪੁੱਤਰ ਸ੍ਰ. ਬੁੱਧ ਸਿੰਘ) ਮੁਹੱਲਾ ਲੱਖਣਪਾਲ, ਨੂਰਮਹਿਲ ਜ਼ਿਲ੍ਹਾ ਜਲੰਧਰ ਨੂੰ ਧਰਮ ਅਰਥ ਫੰਡ ਵਿੱਚੋਂ ੧,੦੦,੦੦੦/- ਅੱਖਰੀਂ ਇੱਕ ਲੱਖ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੦੭-੦੩-੨੦੨੫ (੨੪ ਫੱਗਣ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੩੩੪ ਦੀ ਨਕਲ:-**

ਪ੍ਰਿੰਸੀਪਲ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ, ਲੱਧੇਵਾਲ, ਮਾਹਿਲਪੁਰ (ਹੁਸ਼ਿਆਰਪੁਰ) ਦੀ ਪੱਤ੍ਰਿਕਾ ਨੰਬਰ ੫੭੯੭ ਮਿਤੀ ੨੯-੦੨-੨੦੨੫ ਅਨੁਸਾਰ ਵਿਦਿਆਰਥੀ ਅਰਸ਼ਪ੍ਰੀਤ ਸਿੰਘ ਕਲਾਸ ਛੇਵੀਂ (ਸੀ) ਵੱਲੋਂ ਮਿਤੀ ੨੭-੦੭-੨੦੨੪ ਨੂੰ ਸਕੂਲ ਵਿਖੇ ਪੈਨ ਦਾ ਪਿਛਲਾ ਹਿੱਸਾ ਗਲਤੀ ਨਾਲ ਅੰਦਰ ਨਿਗਲ ਲਿਆ ਸੀ, ਜੋ ਕਿ ਫੇਫੜਿਆ ਅੰਦਰ ਚੱਲਾ ਗਿਆ ਜਿਸਦੇ ਇਲਾਜ ਪੁਰ ੬੦,੭੫੯/-ਅੱਖਰੀਂ ਸੱਠ ਹਜ਼ਾਰ ਸੱਤ ਸੌ ਉਨਾਹਠ ਰੁਪਏ ਖਰਚ ਆਏ ਹਨ। ਪਰਿਵਾਰ ਦੀ ਆਰਥਿਕ ਹਾਲਤ ਕਮਜੋਰ ਹੋਣ ਕਰਕੇ ਪ੍ਰਿੰਸੀਪਲ ਵੱਲੋਂ ਇਲਾਜ ਪੁਰ ਖਰਚ ਹੋਈ ਉਪਰੋਕਤ ਰਕਮ ਸਹਾਇਤਾ ਵਜੋਂ ਦੇਣ ਦੀ ਕੀਤੀ ਸਿਫਾਰਸ਼ ਦਾ ਮਾਮਲਾ, ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਵਿਦਿਆਰਥੀ ਅਰਸ਼ਪ੍ਰੀਤ ਸਿੰਘ ਬੈਂਸ (ਸਪੁੱਤਰ ਸ੍ਰ. ਮਨਪ੍ਰੀਤ ਸਿੰਘ) ਨੂੰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਧਰਮ ਅਰਥ ਫੰਡ ਵਿੱਚੋਂ ੬੦,੭੫੯/-ਅੱਖਰੀਂ ਸੱਠ ਹਜ਼ਾਰ ਸੱਤ ਸੌ ਉਨਾਹਠ ਰੁਪਏ ਸਹਾਇਤਾ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੦੭-੦੩-੨੦੨੫ (੨੪ ਫੱਗਣ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੩੪੩ ਦੀ ਨਕਲ:-**

ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ ੨੬੨ ਮਿਤੀ ੧੦-੦੨-੨੦੨੫ ਰਾਹੀਂ ਹਲਕਾ ਜਲਾਲਾਬਾਦ ਫਾਜਿਲਕਾ ਵਿਖੇ ਮਿਤੀ ੩੧-੦੧-੨੦੨੫ ਨੂੰ ਹੋਏ ਭਿਆਨਕ ਸੜਕ ਹਾਦਸੇ ਵਿਚ ਗਰੀਬ ਪਰਿਵਾਰਾਂ ਦੇ ਵਿਅਕਤੀਆਂ ਦੀ ਮੌਤ ਹੋ ਜਾਣ ਕਾਰਨ ਜਿਨ੍ਹਾਂ ਮ੍ਰਿਤਕਾਂ ਦੇ ਦਸਤਾਵੇਜ਼/ਰੀਕਾਰਡ ਪੁੱਜੇ ਸਨ ਉਨ੍ਹਾਂ ਦੇ ਪਰਿਵਾਰਾਂ ਨੂੰ ੨੦੦੦੦/-੨੦੦੦੦/-ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਹੋਈ ਸੀ। ਉਨ੍ਹਾਂ ਵਿਚੋਂ ਦੋ ਮ੍ਰਿਤਕਾਂ ਦਾ ਉਸ ਸਮੇਂ ਰੀਕਾਰਡ ਨਾ ਮਿਲਣ ਕਾਰਨ ਹੇਠ ਲਿਖੇ ਅਨੁਸਾਰ ਪ੍ਰਵਾਨਗੀ ਹੋਣ ਤੋਂ ਰਹਿ ਗਈ ਸੀ। ਸ੍ਰ. ਦਰਸ਼ਨ ਸਿੰਘ ਬਰਾੜ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਇਨ੍ਹਾਂ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਵੀ ੨੦੦੦੦/-੨੦੦੦੦/-ਰੁਪਏ ਦੇਣ ਦੀ ਸਿਫਾਰਸ਼ ਕੀਤੀ ਗਈ ਹੈ:-

੧. ਮ੍ਰਿਤਕ ਸੁਖਵਿੰਦਰ ਸਿੰਘ (ਸਪੁੱਤਰ ਸ੍ਰ. ਮਹਿੰਦਰ ਸਿੰਘ) ਚੌਂਕ ਰੋਹੀ ਵਾਲਾ ਫਾਜਿਲਕਾ (ਵਾਰਸ ਬੀਬੀ ਰਛਪਾਲ ਕੌਰ, ਸੁਪਤਨੀ ਸ੍ਰ. ਮਹਿੰਦਰ ਸਿੰਘ) ਮ੍ਰਿਤਕ ਦੀ ਮਾਤਾ।

੨.ਗੋਬਿੰਦਾ (ਸਪੁੱਤਰ ਸ੍ਰੀ ਕਾਕੂ) ਸ੍ਰੀ ਮੁਕਤਸਰ ਰੋਡ, ਗੁਰੂ ਹਰਿਸਹਾਏ, ਫਿਰੋਜਪੁਰ (ਵਾਰਸ ਕਾਕੂ) ਮ੍ਰਿਤਕ ਦਾ ਪਿਤਾ।

ਦਾ ਮਾਮਲਾ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਮ੍ਰਿਤਕ ਸੁਖਵਿੰਦਰ ਸਿੰਘ (ਸਪੁੱਤਰ ਸ੍ਰ. ਮਹਿੰਦਰ ਸਿੰਘ) ਦੀ ਵਾਰਸ ਬੀਬੀ ਰਛਪਾਲ ਕੌਰ (ਸੁਪਤਨੀ ਸ. ਮਹਿੰਦਰ ਸਿੰਘ) ਅਤੇ ਮ੍ਰਿਤਕ ਗੋਬਿੰਦਾ (ਸਪੁੱਤਰ ਸ੍ਰੀ ਕਾਕੂ) ਦੇ ਵਾਰਸ ਸ੍ਰੀ ਕਾਕੂ (ਸਪੁੱਤਰ ਸ੍ਰੀ ਸੱਗਾ ਰਾਮ) ਨੂੰ ''ਧਰਮ ਅਰਥ ਫੰਡ'' ਵਿੱਚੋਂ ੨੦,੦੦੦/-, ੨੦,੦੦੦/- ਅੱਖਰੀਂ ਵੀਹ-ਵੀਹ ਹਜ਼ਾਰ ਰੁਪਏ ਸਹਾਇਤਾ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੦੭-੦੩-੨੦੨੫ (੨੪ ਫੱਗਣ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੩੫੦ ਦੀ ਨਕਲ:-**

ਭਾਰਤ ਸਰਕਾਰ ਵੱਲੋਂ ਲਿਆਂਦੀ ਗਈ ਨਵੀਂ ਸਿੱਖਿਆ ਨੀਤੀ ੨੦੨੦ ਦੇ ਮੁਲਾਕਣ ਸਬੰਧੀ ਗਿਆਨੀ ਕੁਲਦੀਪ ਸਿੰਘ ਗੜਗੱਜ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਤੇ ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਕੀਤੇ ਆਦੇਸ਼ ਦਾ ਮਾਮਲਾ, ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਸੀਨੀਅਰ ਮੀਤ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਕੇਂਦਰ ਸਰਕਾਰ ਦੀ ਨਵੀਂ ਸਿੱਖਿਆ ਨੀਤੀ ਦੀ ਪੜਚੋਲ ਕਰਨ ਵਾਸਤੇ ਅਕਾਦਮਿਕ ਵਿਦਵਾਨਾਂ ਦੀ ਇੱਕ ਕਮੇਟੀ ਬਣਾਈ ਜਾਵੇਗੀ। ਇਹ ਕਮੇਟੀ ਪੰਜਾਬ ਦੇ ਸੰਦਰਭ ਵਿੱਚ ਇਸ ਸਿੱਖਿਆ ਨੀਤੀ ਅੰਦਰ ਕੀ-ਕੀ ਸੁਧਾਰ ਲੋੜੀਂਦੇ ਹਨ ਇਸ ਬਾਰੇ ਮੁਲਾਂਕਣ ਕਰੇਗੀ, ਜਿਸ ਦੀ ਰਿਪੋਰਟ ਦੇ ਅਧਾਰ 'ਤੇ ਇਹ ਮਾਮਲਾ ਕੇਂਦਰ ਸਰਕਾਰ ਪਾਸ ਉਠਾਇਆ ਜਾਵੇਗਾ।

ਇਹੀ ਕਮੇਟੀ ਪੰਜਾਬੀ ਗੁਰਮੁਖੀ ਨੂੰ ਮੌਜੂਦਾ ਚੁਣੌਤੀਆਂ 'ਤੇ ਵੀ ਮੰਥਨ ਕਰੇਗੀ ਅਤੇ ਜੋ ਵੀ ਸੁਝਾਅ ਸਾਹਮਣੇ ਆਉਣਗੇ ਉਨ੍ਹਾਂ ਨੂੰ ਲਾਗੂ ਕੀਤਾ ਜਾਵੇਗਾ।

ਕਮੇਟੀ ਗਠਿਤ ਕਰਨ ਦੇ ਅਧਿਕਾਰ ਪ੍ਰਧਾਨ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਦਿੱਤੇ ਜਾਂਦੇ ਹਨ।

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੦੭-੦੩-੨੦੨੫ (੨੪ ਫੱਗਣ ਸੰਮਤ ਨਾਨਕਸ਼ਾਹੀ ੫੫੬) ਦੇ ਮਤਾ ਨੰਬਰ ੩੫੨ ਦੀ ਨਕਲ:-**

ਪੰਜਾਬ ਅੰਦਰ ਵੱਧ ਰਹੇ ਪਤਿਤਪੁਣੇ, ਨਸ਼ਿਆਂ ਅਤੇ ਧਰਮ ਪਰਿਵਰਤਨ ਦੇ ਮਾਮਲਿਆਂ ਨੂੰ ਠੱਲਣ ਲਈ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਹੋਲਾ ਮੁਹੱਲਾ ਮੌਕੇ ਦਿੱਤੇ ਸੰਦੇਸ਼ ਦੇ ਮੱਦੇਨਜ਼ਰ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਸੀਨੀਅਰ ਮੀਤ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਉਕਤ ਸਬੰਧੀ ਇੱਕ ਪ੍ਰਚੰਡ ਧਰਮ ਪ੍ਰਚਾਰ ਲਹਿਰ ਅੱਗੇ ਵਧਾਈ ਜਾਵੇਗੀ ਜੋ ਘਰ-ਘਰ ਤੱਕ ਪਹੁੰਚ ਕਰੇਗੀ। ਇਹ ਲਹਿਰ ਇਸੇ ਸਾਲ ੧੩ ਅਪ੍ਰੈਲ ਨੂੰ ਖਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਸ਼ੁਰੂ ਕੀਤੀ ਜਾਵੇਗੀ। ਇਸ ਦੀ ਆਰੰਭਤਾ ਮੌਕੇ ਤਖਤ ਸਾਹਿਬਾਨਾਂ 'ਤੇ ਵੱਡੇ ਅੰਮ੍ਰਿਤ ਸੰਚਾਰ ਸਮਾਗਮ ਕੀਤੇ ਜਾਣਗੇ। ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਇਤਿਹਾਸਕ ਖੰਡੇ ਨਾਲ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ। ਧਰਮ ਪ੍ਰਚਾਰ ਦੀ ਇਹ ਲਹਿਰ ਇਸ ਸਾਲ ਆ ਰਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ੩੫੦ਵੇਂ ਸ਼ਹੀਦੀ ਦਿਹਾੜੇ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ਵੇਂ ਗੁਰਿਆਈ ਦਿਵਸ ਦੀ ਸ਼ਤਾਬਦੀ ਨੂੰ ਸਮਰਪਿਤ ਹੋਵੇਗੀ।

ਇਹ ਵੀ ਪ੍ਰਵਾਨ ਹੋਇਆ ਕਿ ਧਰਮ ਪ੍ਰਚਾਰ ਲਹਿਰ ਦੌਰਾਨ ਹੋਣ ਵਾਲੇ ਸਾਰੇ ਖਰਚੇ ਧਰਮ ਪ੍ਰਚਾਰ ਕਮੇਟੀ ਦੇ ਫੰਡਾਂ ਵਿੱਚੋਂ ਕੀਤੇ ਜਾਣਗੇ।

## ੴ ਸਤਿਗੁਰ ਪ੍ਰਸਾਦਿ॥
## ਕਾਰਵਾਈ ਜਨਰਲ ਸਮਾਗਮ (ਬਜਟ ਇਜਲਾਸ)
## ੧੫ ਚੇਤ ਸੰਮਤ ਨਾਨਕਸ਼ਾਹੀ ੫੫੭
## ੨੮ ਮਾਰਚ ੨੦੨੫

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਰਜਿਸਟਰਡ ਪੱਤਰ ਨੰਬਰ ੨੩੩੬੩ ਮਿਤੀ ੦੮-੦੩-੨੦੨੫ ਰਾਹੀਂ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਬਜਟ ਸਮਾਗਮ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੭ (ਮੁਤਾਬਿਕ ੨੮ ਮਾਰਚ ੨੦੨੫) ਦਿਨ ਸ਼ੁੱਕਰਵਾਰ ਨੂੰ ਦੁਪਹਿਰ ੧੨.੦੦ ਵਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫਤਰ ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਜੀ, ਪ੍ਰਧਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਪ੍ਰਧਾਨਗੀ ਹੇਠ ਆਰੰਭ ਹੋਈ। ਇਕੱਤਰਤਾ ਵਿੱਚ ਹੇਠ ਲਿਖੇ ਮੈਂਬਰ ਸਾਹਿਬਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਸ਼ਾਮਿਲ ਹੋਏ:-

| ਸੀ.ਨੰ. | ਹਲਕਾ ਨੰ:/ਨਾਮ ਹਲਕਾ | ਨਾਮ ਮੈਂਬਰ ਸਾਹਿਬਾਨ |
|---|---|---|
| **ਹਿਮਾਚਲ** | | |
| ੧. ੧ | ਸ਼ਿਮਲਾ | ਸ੍ਰ. ਦਲਜੀਤ ਸਿੰਘ ਜੀ ਭਿੰਡਰ |
| **ਚੰਡੀਗੜ੍ਹ** | | |
| ੨.੨ | ਚੰਡੀਗੜ੍ਹ | ਬੀਬੀ ਹਰਜਿੰਦਰ ਕੌਰ ਜੀ |
| **ਹਰਿਆਣਾ ਰਾਜ** | | |
| ੩ ੩/੧ | ਅੰਬਾਲਾ | ਸ੍ਰ. ਅਮਰੀਕ ਸਿੰਘ ਜਨੈਤਪੁਰ |
| ੪ ੩/੨ | ਅੰਬਾਲਾ | ਸ੍ਰ. ਹਰਪਾਲ ਸਿੰਘ ਜੀ |
| ੫ ੪/੧ | ਯਮੁਨਾ ਨਗਰ | ਸ੍ਰ: ਬਲਦੇਵ ਸਿੰਘ ਜੀ ਕਾਇਮਪੁਰ |
| ੬ ੮/੨ | ਹਿਸਾਰ | ਬੀਬੀ ਅਮਰਜੀਤ ਕੌਰ ਜੀ |
| ੭ ੯ | ਸਿਰਸਾ | ਸ੍ਰ. ਗੁਰਮੀਤ ਸਿੰਘ ਜੀ ਤਿਲੋਕੇਵਾਲਾ |
| ੮ ੧੦ | ਡੱਬਵਾਲੀ | ਸ੍ਰ. ਜਗਸੀਰ ਸਿੰਘ ਜੀ ਮਾਂਗੇਆਣਾ |
| **ਪੰਜਾਬ ਰਾਜ** | | |
| **ਜ਼ਿਲ੍ਹਾ ਮੁਕਤਸਰ ਸਾਹਿਬ** | | |
| ੯ ੧੨/੧ | ਗਿੱਦੜਬਾਹਾ | ਗੁਰਪਾਲ ਸਿੰਘ ਜੀ ਗੋਰਾ |
| ੧੦ ੧੨/੨. | ਗਿੱਦੜਬਾਹਾ | ਬੀਬੀ ਕਿਰਨਵੀਰ ਕੌਰ ਜੀ |
| **ਜ਼ਿਲ੍ਹਾ ਫਿਰੋਜ਼ਪੁਰ** | | |
| ੧੧ ੧੩ | ਦੋਦਾ | ਸ੍ਰ. ਨਵਤੇਜ ਸਿੰਘ ਜੀ ਕਾਉਣੀ |
| ੧੨ ੧੫/੧ | ਅਬੋਹਰ | ਸ੍ਰ: ਕੌਰ ਸਿੰਘ ਜੀ ਬਹਾਵਵਾਲਾ |
| ੧੩ ੧੫/੨ | ਅਬੋਹਰ | ਬੀਬੀ ਪਰਮਿੰਦਰ ਕੌਰ ਜੀ |
| ੧੪ ੧੬ | ਫਾਜਿਲਕਾ | ਸ੍ਰ ਸੂਬਾ ਸਿੰਘ ਜੀ ਡੱਬਵਾਲਾ |
| ੧੫ ੧੭ | ਜਲਾਲਾਬਾਦ | ਸ੍ਰ. ਦਰਸ਼ਨ ਸਿੰਘ ਜੀ ਬਰਾੜ |

| | | | |
|---|---|---|---|
| ੧੬ | ੧੮ | ਮਮਦੋਟ | ਸ੍ਰ. ਪ੍ਰੀਤਮ ਸਿੰਘ ਜੀ ਮਲਸ਼ੀਆਂ |
| ੧੭ | ੧੯/੧ | ਫਿਰੋਜਪੁਰ | ਸ੍ਰ. ਦਰਸ਼ਨ ਸਿੰਘ ਜੀ ਸ਼ੇਰ ਖਾਂ |
| ੧੮ | ੧੯/੨ | ਫਿਰੋਜ਼ਪੁਰ | ਸ੍ਰ. ਬਲਵਿੰਦਰ ਸਿੰਘ ਜੀ ਭੰਬਾ ਲੰਡਾ |
| ੧੯ | ੨੦/੧ | ਤਲਵੰਡੀ ਭਾਈ | ਸ੍ਰ. ਸਤਪਾਲ ਸਿੰਘ ਜੀ ਤਲਵੰਡੀ |
| ੨੦ | ੨੦/੨ | ਤਲਵੰਡੀ ਭਾਈ | ਬੀਬੀ ਜਸਵਿੰਦਰ ਕੌਰ ਜੀ ਜੀਰਾ |
| ੨੧ | ੨੧ | ਜੀਰਾ | ਸ੍ਰ. ਗੁਰਮੀਤ ਸਿੰਘ ਜੀ ਬੂਹਗੁੱਜਰਾਂ |
| ੨੨ | ੨੪/੨ | ਬੱਧਨੀ ਕਲਾਂ | ਬੀਬੀ ਨਰਿੰਦਰ ਕੌਰ ਜੀ |
| ੨੩ | ੨੫ | ਨਿਹਾਲ ਸਿੰਘ ਵਾਲਾ | ਸ੍ਰ. ਗੁਰਮੇਲ ਸਿੰਘ ਜੀ ਸੰਗਤਪੁਰਾ |
| ੨੪ | ੨੬ | ਬਾਘਾ ਪੁਰਾਣਾ | ਸ੍ਰ. ਸੁਖਹਰਪ੍ਰੀਤ ਸਿੰਘ ਜੀ ਰੋਡੇ |
| ੨੫ | ੨੭/੧ | ਘੱਲਕਲਾਂ | ਸ੍ਰ. ਤਰਸੇਮ ਸਿੰਘ ਜੀ ਰੱਤੀਆ |
| ੨੬ | ੨੭/੨ | ਘੱਲਕਲਾਂ | ਬੀਬੀ ਜਸਵਿੰਦਰ ਕੌਰ ਜੀ ਝੰਡੇਆਣਾ |
| **ਜ਼ਿਲ੍ਹਾ ਫਰੀਦਕੋਟ** | | | |
| ੨੭ | ੨੮/੨ | ਫਰੀਦਕੋਟ | ਬੀਬੀ ਗੁਰਿੰਦਰ ਕੌਰ ਜੀ |
| ੨੮ | ੨੯ | ਕੋਟਕਪੂਰਾ | ਸ੍ਰ. ਸ਼ੇਰ ਸਿੰਘ ਜੀ ਮੰਡਵਾਲਾ |
| **ਜ਼ਿਲ੍ਹਾ ਬਠਿੰਡਾ** | | | |
| ੨੯ | ੩੨/੧ | ਰਾਮਪੁਰਾ ਫੂਲ | ਸ੍ਰ. ਮੇਜਰ ਸਿੰਘ ਜੀ ਢਿੱਲੋਂ |
| ੩੦ | ੩੨/੨ | ਰਾਮਪੁਰਾ ਫੂਲ | ਬੀਬੀ ਜਸਪਾਲ ਕੌਰ ਜੀ |
| ੩੧ | ੩੪/੨ | ਬੱਲੂਆਣਾ | ਬੀਬੀ ਜੋਗਿੰਦਰ ਕੌਰ ਜੀ ਰਾਠੌਰ |
| ੩੨ | ੩੫ | ਤਲਵੰਡੀ ਸਾਬੋ | ਸ੍ਰ. ਮੋਹਨ ਸਿੰਘ ਜੀ ਬੰਗੀ |
| **ਜ਼ਿਲ੍ਹਾ ਮਾਨਸਾ** | | | |
| ੩੩ | ੩੭ | ਸਰਦੂਲਗੜ੍ਹ | ਸ੍ਰ: ਸੁਰਜੀਤ ਸਿੰਘ ਜੀ ਰਾਏਪੁਰ |
| ੩੪ | ੩੮/੧ | ਮਾਨਸਾ | ਸ੍ਰ. ਮਿੱਠੂ ਸਿੰਘ ਜੀ ਕਾਹਨੇ ਕੇ |
| ੩੫ | ੩੮/੨ | ਮਾਨਸਾ | ਸ੍ਰ. ਬੂਟਾ ਸਿੰਘ ਜੀ ਬਾਬਾ |
| ੩੬ | ੩੯ | ਜੋਗਾ | ਸ੍ਰ. ਗੁਰਪ੍ਰੀਤ ਸਿੰਘ ਜੀ ਝੱਬਰ |
| **ਜ਼ਿਲ੍ਹਾ ਸੰਗਰੂਰ** | | | |
| ੩੭ | ੪੧ | ਮੂਨਕ | ਬੀਬੀ ਪਰਮਜੀਤ ਕੌਰ ਜੀ |
| ੩੮ | ੪੨/੧ | ਸੁਨਾਮ | ਸ੍ਰ. ਇੰਦਰਮੋਹਨ ਸਿੰਘ ਜੀ ਲਖਮੀਰਵਾਲਾ |
| ੩੯ | ੪੨/੨ | ਸੁਨਾਮ | ਬੀਬੀ ਜਸਪਾਲ ਕੌਰ ਜੀ |
| ੪੦ | ੪੩/੨ | ਲੌਂਗੋਵਾਲ | ਸ੍ਰ. ਮਲਕੀਤ ਸਿੰਘ ਜੀ ਚੰਗਾਲ |
| **ਜਿਲ੍ਹਾ ਬਰਨਾਲਾ** | | | |
| ੪੧ | ੪੪ | ਬਰਨਾਲਾ | ਸ੍ਰ. ਪਰਮਜੀਤ ਸਿੰਘ ਜੀ ਖਾਲਸਾ |
| ੪੨ | ੪੫ | ਭਦੌੜ | ਸ੍ਰ. ਬਲਦੇਵ ਸਿੰਘ ਜੀ ਚੂੰਘਾ |
| ੪੩ | ੪੬/੨ | ਚੰਨਣਵਾਲ | ਸੰਤ ਬਲਬੀਰ ਸਿੰਘ ਜੀ ਘੁੰਨਸ |
| **ਜ਼ਿਲ੍ਹਾ ਸੰਗਰੂਰ** | | | |
| ੪੪ | ੪੭/੨ | ਧੂਰੀ | ਬੀਬੀ ਸ਼ਰਨਜੀਤ ਕੌਰ ਜੀ |

| | | | |
|---|---|---|---|
| ੪੫ | ੪੯ | ਅਮਰਗੜ੍ਹ | ਸ੍ਰ. ਭੁਪਿੰਦਰ ਸਿੰਘ ਜੀ ਭਲਵਾਨ |
| ੪੬ | ੫੧/੧ | ਦਿੜਬਾ | ਸ੍ਰ. ਹਰਦੇਵ ਸਿੰਘ ਜੀ ਰੋਗਲਾ |
| ੪੭ | ੫੧/੨ | ਦਿੜਬਾ | ਬੀਬੀ ਮਲਕੀਤ ਕੌਰ ਜੀ ਕਮਾਲਪੁਰ |

**ਜ਼ਿਲ੍ਹਾ ਪਟਿਆਲਾ**

| | | | |
|---|---|---|---|
| ੪੮ | ੫੩ | ਨਾਭਾ | ਬੀਬੀ ਹਰਦੀਪ ਕੌਰ ਜੀ ਖੋਖ |
| ੪੯ | ੫੪ | ਭਾਦਸੋਂ | ਸ੍ਰ. ਸਤਵਿੰਦਰ ਸਿੰਘ ਜੀ ਟੌਹੜਾ |
| ੫੦ | ੫੫/੧ | ਡਕਾਲਾ | ਸ੍ਰ. ਜਰਨੈਲ ਸਿੰਘ ਜੀ ਕਰਤਾਰਪੁਰ |
| ੫੧ | ੫੭/੨ | ਸਨੌਰ | ਬੀਬੀ ਕੁਲਦੀਪ ਕੌਰ ਜੀ ਟੌਹੜਾ |
| ੫੨ | ੫੮ | ਡੇਰਾ ਬੱਸੀ | ਸ੍ਰ. ਨਿਰਮੈਲ ਸਿੰਘ ਜੀ ਜੌਲਾਂ |
| ੫੩ | ੫੯ | ਰਾਜਪੁਰਾ | ਸ੍ਰ. ਸੁਰਜੀਤ ਸਿੰਘ ਜੀ ਗੜ੍ਹੀ |

**ਜ਼ਿਲ੍ਹਾ ਫਤਹਿਗੜ੍ਹ ਸਾਹਿਬ**

| | | | |
|---|---|---|---|
| ੫੪ | ੬੦ | ਫਤਹਿਗੜ੍ਹ ਸਾਹਿਬ | ਸ੍ਰ. ਗੁਰਪ੍ਰੀਤ ਸਿੰਘ ਜੀ ਬਾਬਾ ਜੀ |
| ੫੫ | ੬੧/੨ | ਬੱਸੀ ਪਠਾਣਾ | ਸ੍ਰ. ਅਵਤਾਰ ਸਿੰਘ ਜੀ ਰਿਆ |
| ੫੬ | ੬੨ | ਅਮਲੋਹ | ਸ੍ਰ. ਰਵਿੰਦਰ ਸਿੰਘ ਜੀ ਖਾਲਸਾ |

**ਜ਼ਿਲ੍ਹਾ ਲੁਧਿਆਣਾ**

| | | | |
|---|---|---|---|
| ੫੭ | ੬੩ | ਖੰਨਾ | ਸ੍ਰ. ਦਵਿੰਦਰ ਸਿੰਘ ਜੀ ਖੱਟੜਾ |
| ੫੮ | ੬੪ | ਪਾਇਲ | ਸ੍ਰ. ਰਘਬੀਰ ਸਿੰਘ ਜੀ ਸਹਾਰਨ ਮਾਜਰਾ |
| ੫੯ | ੬੫/੧ | ਦੋਰਾਹਾ | ਸ੍ਰ. ਚਰਨ ਸਿੰਘ ਜੀ ਆਲਮਗੀਰ |
| ੬੦ | ੬੫/੨ | ਦੋਰਾਹਾ | ਸ੍ਰ. ਹਰਪਾਲ ਸਿੰਘ ਜੀ ਜੱਲਾ |
| ੬੧ | ੬੬ | ਪੱਖੋਵਾਲ | ਸ੍ਰ. ਹਰਜੀਤ ਸਿੰਘ ਜੀ ਗਰਚਾ ਐਡਵੋਕੇਟ |
| ੬੨ | ੬੭ | ਰਾਏਕੋਟ | ਸ੍ਰ. ਜਗਜੀਤ ਸਿੰਘ ਜੀ ਤਲਵੰਡੀ |
| ੬੩ | ੬੮/੧ | ਜਗਰਾਉਂ | ਸ੍ਰ. ਗੁਰਚਰਨ ਸਿੰਘ ਜੀ ਗਰੇਵਾਲ |
| ੬੪ | ੬੯ | ਸਿਧਵਾਂ ਬੇਟ | ਸ੍ਰ. ਜਸਵੰਤ ਸਿੰਘ ਜੀ ਪੁੜੈਣ |
| ੬੫ | ੭੦/੨ | ਮੁੱਲਾਂਪੁਰ ਦਾਖਾਂ | ਸ੍ਰ. ਕੇਵਲ ਸਿੰਘ ਜੀ ਬਾਦਲ |
| ੬੬ | ੭੧ | ਲੁਧਿਆਣਾ ਸ਼ਹਿਰ (ਦੱਖਣੀ) | ਸ੍ਰ. ਬਲਵਿੰਦਰ ਸਿੰਘ ਜੀ ਬੈਂਸ |
| ੬੭ | ੭੨/੨ | ਲੁਧਿਆਣਾ ਸ਼ਹਿਰ (ਪੱਛਮੀ) | ਬੀਬੀ ਰਜਿੰਦਰ ਕੌਰ ਜੀ |
| ੬੮ | ੭੪ | ਲੁਧਿਆਣਾ ਸ਼ਹਿਰ (ਦਿਹਾਤੀ) | ਸ੍ਰ. ਰਣਜੀਤ ਸਿੰਘ ਜੀ ਮੰਗਲੀ |
| ੬੯ | ੭੫/੧ | ਸਮਰਾਲਾ | ਸ੍ਰ. ਸਰਬੰਸ ਸਿੰਘ ਜੀ ਮਾਣਕੀ |
| ੭੦ | ੭੫/੨ | ਸਮਰਾਲਾ | ਬੀਬੀ ਹਰਜਿੰਦਰ ਕੌਰ ਜੀ |

**ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ**

| | | | |
|---|---|---|---|
| ੭੧ | ੭੬/੨ | ਬਲਾਚੌਰ | ਸ੍ਰ. ਗੁਰਬਖਸ਼ ਸਿੰਘ ਜੀ ਖਾਲਸਾ |
| ੭੨ | ੭੭ | ਨਵਾਂ ਸ਼ਹਿਰ | ਸ੍ਰ. ਸੁਖਦੇਵ ਸਿੰਘ ਜੀ ਭੌਰ |

**ਜ਼ਿਲ੍ਹਾ: ਜਲੰਧਰ**

| | | | |
|---|---|---|---|
| ੭੩ | ੮੦/੨ | ਸ਼ਾਹਕੋਟ | ਸ੍ਰ. ਬਲਦੇਵ ਸਿੰਘ ਜੀ ਕਲਿਆਣ |
| ੭੪ | ੮੧/੧ | ਆਦਮਪੁਰ | ਸ੍ਰ. ਪਰਮਜੀਤ ਸਿੰਘ ਜੀ ਰਾਏਪੁਰ |

| | | | |
|---|---|---|---|
| ੭੫ | ੮੧/੨ | ਆਦਮਪੁਰ | ਬੀਬੀ ਦਵਿੰਦਰ ਕੌਰ ਜੀ ਕਾਲੜਾ |
| ੭੬ | ੮੨ | ਜਲੰਧਰ | ਸ੍ਰ. ਕੁਲਵੰਤ ਸਿੰਘ ਜੀ ਮੰਨਣ |
| ੭੭ | ੮੩/੧ | ਕਰਤਾਰਪੁਰ | ਸ੍ਰ. ਰਣਜੀਤ ਸਿੰਘ ਜੀ ਕਾਹਲੋਂ |
| **ਜ਼ਿਲ੍ਹਾ ਕਪੂਰਥਲਾ** | | | |
| ੭੮ | ੮੪/੨ | ਫਗਵਾੜਾ | ਬੀਬੀ ਗੁਰਪ੍ਰੀਤ ਕੌਰ ਜੀ |
| ੭੯ | ੮੬ | ਭੁੱਲਥ | ਬੀਬੀ ਜਗੀਰ ਕੌਰ ਜੀ ਬੇਗੋਵਾਲ |
| **ਜ਼ਿਲ੍ਹਾ: ਸ੍ਰੀ ਅੰਮ੍ਰਿਤਸਰ** | | | |
| ੮੦ | ੮੭ | ਬਾਬਾ ਬਕਾਲਾ ਸਾਹਿਬ | ਸ੍ਰ. ਬਲਜੀਤ ਸਿੰਘ ਜੀ ਜਲਾਲਉਸਮਾ |
| ੮੧ | ੮੮/੧ | ਖਡੂਰ ਸਾਹਿਬ | ਸ੍ਰ. ਅਮਰਜੀਤ ਸਿੰਘ ਜੀ ਭਲਾਈਪੁਰ |
| ੮੨ | ੮੮/੨ | ਖਡੂਰ ਸਾਹਿਬ | ਸ੍ਰ. ਬਲਵਿੰਦਰ ਸਿੰਘ ਜੀ ਵੇਈਂਪੂਈ |
| ੮੩ | ੮੯ | ਨੌਸ਼ਹਿਰਾ ਪਨੂੰਆਂ | ਸ੍ਰ. ਗੁਰਬਚਨ ਸਿੰਘ ਜੀ ਕਰਮੂਵਾਲਾ |
| ੮੪ | ੯੦/੧ | ਪੱਟੀ | ਸ੍ਰ. ਖੁਸ਼ਵਿੰਦਰ ਸਿੰਘ ਜੀ ਪੱਟੀ |
| ੮੫ | ੯੦/੨ | ਪੱਟੀ | ਬੀਬੀ ਹਰਜਿੰਦਰ ਕੌਰ ਜੀ |
| ੮੬ | ੯੨ | ਭਿੱਖੀਵਿੰਡ | ਸ੍ਰ. ਮਨਜੀਤ ਸਿੰਘ ਜੀ |
| ੮੭ | ੯੩ | ਤਰਨ ਤਾਰਨ | ਸ੍ਰ. ਅਲਵਿੰਦਰਪਾਲ ਸਿੰਘ ਜੀ ਪੱਖੋਕੇ |
| ੮੮ | ੯੫/੧ | ਵੇਰਕਾ | ਸ੍ਰ. ਮੰਗਵਿੰਦਰ ਸਿੰਘ ਜੀ ਖਾਪੜਖੇੜੀ |
| ੮੯ | ੯੫/੨ | ਵੇਰਕਾ | ਸ੍ਰ. ਗੁਰਿੰਦਪਾਲ ਸਿੰਘ ਜੀ ਰਣੀਕੇ |
| ੯੦ | ੯੬ | ਅੰਮ੍ਰਿਤਸਰ ਸ਼ਹਿਰ (ਪੂਰਬੀ) | ਸ੍ਰ. ਹਰਜਾਪ ਸਿੰਘ ਜੀ ਸੁਲਤਾਨਵਿੰਡ |
| ੯੧ | ੯੭ | ਅੰਮ੍ਰਿਤਸਰ ਸ਼ਹਿਰ (ਕੇਂਦਰੀ) | ਸ੍ਰ. ਰਜਿੰਦਰ ਸਿੰਘ ਜੀ ਮਹਿਤਾ |
| ੯੨ | ੯੮/੧ | ਅੰਮ੍ਰਿਤਸਰ ਸ਼ਹਿਰ (ਪੱਛਮੀ) | ਸ੍ਰ. ਬਾਵਾ ਸਿੰਘ ਜੀ ਗੁਮਾਨਪੁਰਾ |
| ੯੩ | ੯੮/੨ | ਅੰਮ੍ਰਿਤਸਰ ਸ਼ਹਿਰ (ਪੱਛਮੀ) | ਬੀਬੀ ਕਿਰਨਜੋਤ ਕੌਰ ਜੀ |
| ੯੪ | ੯੯/੧ | ਚੋਗਾਵਾਂ | ਸ੍ਰ. ਸੁਰਜੀਤ ਸਿੰਘ ਜੀ ਭਿੱਟੇਵੱਡ |
| ੯੫ | ੯੯/੨ | ਚੋਗਾਵਾਂ | ਬੀਬੀ ਬਲਵਿੰਦਰ ਕੌਰ ਜੀ ਲੋਪੋਕੇ |
| ੯੬ | ੧੦੦ | ਅਜਨਾਲਾ | ਸ੍ਰ. ਅਮਰੀਕ ਸਿੰਘ ਜੀ ਵਿਛੋਆ |
| ੯੭ | ੧੦੧/੧ | ਗੁਰੂ ਕਾ ਬਾਗ | ਸ੍ਰ. ਜੋਧ ਸਿੰਘ ਜੀ ਸਮਰਾ |
| ੯੮ | ੧੦੧/੨ | ਗੁਰੂ ਕਾ ਬਾਗ | ਬੀਬੀ ਸਵਰਨ ਕੌਰ ਜੀ ਤੇੜਾ |
| ੯੯ | ੧੦੨/੧ | ਜੰਡਿਆਲਾ ਗੁਰੂ | ਸ੍ਰ. ਅਮਰਜੀਤ ਸਿੰਘ ਜੀ ਬੰਡਾਲਾ |
| ੧੦੦ | ੧੦੩ | ਮੱਤੇਵਾਲ | ਸ੍ਰ. ਭਗਵੰਤ ਸਿੰਘ ਜੀ ਸਿਆਲਕਾ |
| **ਜ਼ਿਲ੍ਹਾ: ਗੁਰਦਾਸਪੁਰ** | | | |
| ੧੦੧ | ੧੦੪ | ਸ੍ਰੀ ਹਰਿਗੋਬਿੰਦਪੁਰ | ਸ੍ਰ. ਸੁਰਜੀਤ ਸਿੰਘ ਜੀ ਤੁਗਲਵਾਲਾ |
| ੧੦੨ | ੧੦੫/੧ | ਬਟਾਲਾ | ਸ੍ਰ. ਗੁਰਿੰਦਰਪਾਲ ਸਿੰਘ ਜੀ ਗੋਰਾ |
| ੧੦੩ | ੧੦੫/੨ | ਬਟਾਲਾ | ਸ੍ਰ. ਗੁਰਨਾਮ ਸਿੰਘ ਜੀ ਜੱਸਲ |
| ੧੦੪ | ੧੦੭/੧ | ਡੇਰਾ ਬਾਬਾ ਨਾਨਕ | ਸ੍ਰ. ਅਮਰੀਕ ਸਿੰਘ ਜੀ ਸ਼ਾਹਪੁਰ |
| ੧੦੫ | ੧੦੭/੨ | ਡੇਰਾ ਬਾਬਾ ਨਾਨਕ | ਬੀਬੀ ਜੋਗਿੰਦਰ ਕੌਰ ਜੀ |
| ੧੦੬ | ੧੦੮/੨ | ਧਾਰੀਵਾਲ | ਬੀਬੀ ਜਸਬੀਰ ਕੌਰ ਜੀ ਜੱਫਰਵਾਲ |

**ਜਿਲ੍ਹਾ: ਹੁਸ਼ਿਆਰਪੁਰ**

| | | | |
|---|---|---|---|
| ੧੦੭ | ੧੧੧ | ਮੁਕੇਰੀਆਂ | ਸ੍ਰ. ਰਵਿੰਦਰ ਸਿੰਘ ਜੀ ਚੱਕ |
| ੧੦੮ | ੧੧੩/੧ | ਸ਼ਾਮਚੁਰਾਸੀ | ਸ੍ਰ. ਹਰਜਿੰਦਰ ਸਿੰਘ ਜੀ ਧਾਮੀ ਐਡਵੋਕੇਟ |
| ੧੦੯ | ੧੧੪ | ਹੁਸ਼ਿਆਰਪੁਰ | ਸ੍ਰ. ਸੁਰਿੰਦਰ ਸਿੰਘ ਜੀ ਠੇਕੇਦਾਰ |
| ੧੧੦ | ੧੧੫/੧ | ਗੜ੍ਹਸ਼ੰਕਰ | ਸ੍ਰ. ਜੰਗਬਹਾਦਰ ਸਿੰਘ ਜੀ ਰਾਏ |

**ਜ਼ਿਲ੍ਹਾ: ਰੋਪੜ**

| | | | |
|---|---|---|---|
| ੧੧੧ | ੧੧੬/੧ | ਸ੍ਰੀ ਅਨੰਦਪੁਰ ਸਾਹਿਬ | ਸ੍ਰ. ਅਮਰਜੀਤ ਸਿੰਘ ਜੀ ਚਾਵਲਾ |

**ਜ਼ਿਲ੍ਹਾ: ਮੋਹਾਲੀ**

| | | | |
|---|---|---|---|
| ੧੧੨ | ੧੧੭ | ਰੂਪ ਨਗਰ | ਸ੍ਰ. ਪਰਮਜੀਤ ਸਿੰਘ ਜੀ ਲੱਖੇਵਾਲ |
| ੧੧੩ | ੧੧੮ | ਮੋਰਿੰਡਾ | ਸ੍ਰ. ਅਜਮੇਰ ਸਿੰਘ ਜੀ ਖੇੜਾ |
| ੧੧੪ | ੧੧੯ | ਖਰੜ | ਸ੍ਰ. ਚਰਨਜੀਤ ਸਿੰਘ ਜੀ ਕਾਲੇਵਾਲ |
| ੧੧੫ | ੧੨੦/੨ | ਮੋਹਾਲੀ | ਬੀਬੀ ਪਰਮਜੀਤ ਕੌਰ ਜੀ ਲਾਂਡਰਾ |

**ਕੋਆਪਟਿਡ ਮੈਂਬਰ ਸਾਹਿਬਾਨ**

| | | | |
|---|---|---|---|
| ੧੧੬ | ੧. | ਪੰਜਾਬ | ਪ੍ਰੋ. ਕਿਰਪਾਲ ਸਿੰਘ ਜੀ ਬਡੂੰਗਰ |
| ੧੧੭ | ੨. | ਪੰਜਾਬ | ਸ੍ਰ. ਰਘੂਜੀਤ ਸਿੰਘ ਜੀ ਵਿਰਕ |
| ੧੧੮ | ੪ | ਪੰਜਾਬ | ਸ੍ਰ. ਰਾਮ ਸਿੰਘ ਜੀ |
| ੧੧੯ | ੫. | ਪੰਜਾਬ | ਸ੍ਰ. ਜਗਤਾਰ ਸਿੰਘ ਜੀ ਰੋਡੇ |
| ੧੨੦ | ੬. | ਰਾਜਸਥਾਨ | ਸ੍ਰ. ਸੁਰਜੀਤ ਸਿੰਘ ਜੀ ਕੰਗ |
| ੧੨੧ | ੭. | ਯੂ.ਪੀ. | ਸ੍ਰ. ਚਰਨਜੀਤ ਸਿੰਘ ਜੀ ਜੱਸੋਵਾਲ |
| ੧੨੨ | ੮. | ਦਿੱਲੀ | ਸ੍ਰ. ਗੁਰਮਿੰਦਰ ਸਿੰਘ ਜੀ ਮਠਾਰੂ |
| ੧੨੩ | ੯. | ਮੱਧ ਪ੍ਰਦੇਸ਼ | ਬੀਬੀ ਸੁਖਮਿੰਦਰ ਕੌਰ ਜੀ |

ਬਜਟ ਇਜਲਾਸ ਦੇ ਆਰੰਭਤਾ ਦੀ ਅਰਦਾਸ ਸਿੰਘ ਸਾਹਿਬ ਗਿਆਨੀ ਪ੍ਰੇਮ ਸਿੰਘ ਜੀ ਅਰਦਾਸੀਆ, ਸੱਚਖੰਡ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਨੇ ਕੀਤੀ ਅਤੇ ਆਰੰਭਤਾ ਦਾ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਐਡੀਸ਼ਨਲ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਨੇ ਲਿਆ। ਮੁੱਖ ਵਾਕ ਆਇਆ:-

*ਸੋਰਠਿ ਮਹਲਾ ੫ ॥*

*ਪ੍ਰਭ ਕੀ ਸਰਣਿ ਸਗਲ ਭੈ ਲਾਥੇ ਦੁਖ ਬਿਨਸੇ ਸੁਖੁ ਪਾਇਆ ॥*

*ਦਇਆਲੁ ਹੋਆ ਪਾਰਬ੍ਰਹਮੁ ਸੁਆਮੀ ਪੂਰਾ ਸਤਿਗੁਰੁ ਧਿਆਇਆ ॥੧॥*

*(ਅੰਗ ੬੧੫-੧੬)*

ਸ੍ਰ. ਕੁਲਵੰਤ ਸਿੰਘ ਮੰਨਣ ਮੁੱਖ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੋਦ ਵਿੱਚ ਮਿਲ ਬੈਠੇ ਸਤਿਕਾਰਯੋਗ ਸਿੰਘ ਸਾਹਿਬਾਨ ਅਤੇ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਗੁਰ ਫ਼ਤਹਿ ਬੁਲਾਉਂਦਿਆਂ ਹਾਊਸ ਦੀ ਕਾਰਵਾਈ ਆਰੰਭ ਕੀਤੀ ਅਤੇ ਸੱਦੇ ਗਏ ਬਜਟ ਇਜਲਾਸ ਸਬੰਧੀ ਜਾਣਕਾਰੀ ਦਿੰਦਿਆਂ ਸਮੂਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਬਜਟ ਇਜਲਾਸ ਸਬੰਧੀ ਦਫਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਜਾਰੀ ਪੱਤਰ ਨੰਬਰ ੨੩੩੬੩ ਮਿਤੀ ੦੮-੦੩-੨੦੨੫ ਪੜ੍ਹ ਕੇ ਸੁਣਾਈ ।

ਮੁੱਖ ਸਕੱਤਰ ਸਾਹਿਬ ਵੱਲੋਂ ਮਾਨਯੋਗ ਪ੍ਰਧਾਨ ਸਾਹਿਬ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਇਜਲਾਸ ਦੀ ਕਾਰਵਾਈ ਸ਼ੁਰੂ ਕਰਨ ਦੀ ਬੇਨਤੀ ਕੀਤੀ।

ਮਾਨਯੋਗ ਪ੍ਰਧਾਨ ਸਾਹਿਬ ਵੱਲੋਂ ਪੰਜ ਵਾਰ ਮੂਲ ਮੰਤਰ ਦੇ ਪਾਠ ਕਰਨ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੋਦ ਵਿੱਚ ਬੈਠੇ ਸਿੰਘ ਸਾਹਿਬਾਨ, ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਗੁਰ ਫ਼ਤਹਿ ਬੁਲਾਕੇ ਹਾਊਸ ਦੀ ਕਾਰਵਾਈ ਅਰੰਭ ਕੀਤੀ। ਪ੍ਰਧਾਨ ਸਾਹਿਬ ਨੇ ਹਾਊਸ ਅੱਗੇ ਹੇਠ ਲਿਖੇ ਸ਼ੋਕ ਮਤੇ ਪੇਸ਼ ਕੀਤੇ:-

## ਸ਼ੋਕ ਮਤਾ ਨੰ: ੦੧

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ (ਬਜਟ) ਪਿਛਲੇ ਸਮੇਂ ਦੌਰਾਨ ਇਨ੍ਹਾਂ ਸ਼ਖ਼ਸੀਅਤਾਂ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਇਜਹਾਰ ਕਰਦਾ ਹੈ:-

੧.ਡਾ. ਮਨਮੋਹਨ ਸਿੰਘ ਜੀ, ਸਾਬਕਾ ਪ੍ਰਧਾਨ, ਮੰਤਰੀ ਭਾਰਤ ਸਰਕਾਰ।
੨.ਬਾਪੂ ਸੂਰਤ ਸਿੰਘ ਜੀ, ਬੰਦੀ ਸਿੰਘਾਂ ਦੀ ਰਿਹਾਈ ਲਈ ਸੰਘਰਸ਼ੀ ਸ਼ਖਸ਼ੀਅਤ।
੩.ਸ. ਹਰਦੇਵ ਸਿੰਘ ਮੱਤੇਵਾਲ ਜੀ, ਸਾਬਕਾ ਐਡਵੋਕੇਟ ਜਨਰਲ, ਪੰਜਾਬ ਸਰਕਾਰ।
੪.ਬੀਬੀ ਮਨਜੀਤ ਕੌਰ ਚੜੇਵਾਨ ਜੀ, ਸਾਬਕਾ ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ।
੫.ਜਥੇਦਾਰ ਜਗੀਰ ਸਿੰਘ ਵਰਪਾਲ ਜੀ, ਸਾਬਕਾ ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ।
੬.ਸ. ਨਿਰਮਲ ਸਿੰਘ ਭੜੋ, ਸਾਬਕਾ ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ।

ਜਨਰਲ ਇਜਲਾਸ ਇਨ੍ਹਾਂ ਸ਼ਖ਼ਸੀਅਤਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਾ ਹੋਇਆ ਅਕਾਲ ਪੁਰਖ ਅੱਗੇ ਅਰਦਾਸ ਕਰਦਾ ਹੈ ਕਿ ਉਹ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਿੱਛੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

## ਸ਼ੋਕ ਮਤਾ ਨੰ: ੦੨

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਬਜਟ ਇਜਲਾਸ ਸ਼ਹੀਦ ਬਾਬਾ ਚਰਨ ਸਿੰਘ ਜੀ ਬੀੜ ਸਾਹਿਬ ਵਾਲਿਆਂ ਦੀ ਸ਼ਹਾਦਤ ਨੂੰ ਸਤਿਕਾਰ ਭੇਟ ਕਰਦਾ ਹੈ। ਬਾਬਾ ਚਰਨ ਸਿੰਘ ਜੀ ਨੇ ਗੁਰਧਾਮਾਂ ਦੀ ਕਾਰ-ਸੇਵਾ ਦੇ ਨਾਲ-ਨਾਲ ਧਰਮ ਯੁੱਧ ਮੋਰਚੇ ਅਤੇ ਜੂਨ ੧੯੮੪ ਦੇ ਘੱਲੂਘਾਰੇ ਪਿੱਛੋਂ ਚੱਲੇ ਸੰਘਰਸ਼ ਦੌਰਾਨ ਸ਼ਹੀਦ ਹੋਏ ਸਿੰਘਾਂ ਦੇ ਪਰਿਵਾਰਾਂ ਦੀ ਸੰਭਾਲ ਕਰਨ, ਨਜ਼ਰਬੰਦ ਜੁਝਾਰੂਆਂ ਦੇ ਕੇਸਾਂ ਦੀ ਪੈਰਵਾਈ ਆਦਿ ਅਹਿਮ ਕਾਰਜ ਕੀਤੇ। ਉਨ੍ਹਾਂ ਨੂੰ ਸਰਕਾਰ ਵੱਲੋਂ ੧੯ ਅਪ੍ਰੈਲ, ੧੯੯੩ ਨੂੰ ਗ੍ਰਿਫ਼ਤਾਰ ਕਰ ਕੇ ਲੰਮਾਂ ਸਮਾਂ ਤਸ਼ੱਦਦ ਕਰਨ ਤੋਂ ਬਾਅਦ ਵਹਿਸ਼ੀਆਨਾ ਤਰੀਕੇ ਨਾਲ ਸ਼ਹੀਦ ਕਰ ਦਿੱਤਾ ਗਿਆ ਸੀ।

ਅੱਜ ਦਾ ਇਜਲਾਸ ਬਾਬਾ ਚਰਨ ਸਿੰਘ ਵੱਲੋਂ ਗੁਰੂ-ਘਰ ਅਤੇ ਕੌਮ ਪ੍ਰਤੀ ਨਿਭਾਈਆਂ ਸੇਵਾਵਾਂ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਅਰਪਣ ਕਰਦਾ ਹੈ।

## ਮਤਾ ਨੰ: ੦੩

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਜਨਰਲ ਇਕੱਤਰਤਾ (ਜਨਰਲ ਹਾਊਸ) ੧੨ ਕੱਤਕ ਸੰਮਤ ਨਾਨਕਸ਼ਾਹੀ ੫੫੬ ਮੁਤਾਬਿਕ ੨੮ ਅਕਤੂਬਰ ੨੦੨੪ ਦੀ ਕਾਰਵਾਈ ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਪ੍ਰਕਾਸ਼ਤ ਕੀਤੇ ਜਾਂਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਦੇ ਅੰਕ ਮਹੀਨਾ ਨਵੰਬਰ ੨੦੨੪ ਵਿੱਚ ਛਾਪ ਕੇ ਸਮੂਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਭੇਜੀ ਜਾ ਚੁੱਕੀ ਹੈ ਦਾ ਮਾਮਲਾ ਪੁਸ਼ਟੀ ਲਈ ਪੇਸ਼ ਹੋਣ 'ਤੇ ਹਵਾਲੇ ਵਾਲੀ ਕਾਰਵਾਈ

ਦੇ ਦਰੁੱਸਤ ਲਿਖਿਆ ਦੀ ਹਾਊਸ ਵਿੱਚ ਹਾਜਰ ਮੈਂਬਰ ਸਾਹਿਬਾਨ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਸਰਬ-ਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ ਉਪਰੰਤ ਕਾਰਵਾਈ ਕੰਨਫਰਮ ਕਰਦਿਆਂ ਪ੍ਰਧਾਨ ਸਾਹਿਬ ਸ਼੍ਰੋਮਣੀ ਗੁ:ਪ੍ਰ:ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਤਸਦੀਕੀ ਦਸਤਖਤ ਕਰਵਾਏ ਗਏ।

ਹਾਊਸ ਵੱਲੋਂ ਵਿੱਛੜੀਆਂ ਸਖਸ਼ੀਅਤਾਂ ਦੇ ਨਮਿਤ ਪੰਜ ਮੂਲ ਮੰਤਰ ਦੇ ਪਾਠ ਕਰ ਕੇ ਸ਼ੋਕ ਮਤੇ ਪ੍ਰਵਾਨ ਕੀਤੇ ਗਏ। ਉਪਰੰਤ ਪ੍ਰਧਾਨ ਸਾਹਿਬ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਜਨਰਲ ਇਕੱਤਰਤਾ (ਜਨਰਲ ਹਾਊਸ) ੧੨ ਕੱਤਕ ਸੰਮਤ ਨਾਨਕਸ਼ਾਹੀ ੫੫੬ ਮੁਤਾਬਿਕ ੨੮ ਅਕਤੂਬਰ ੨੦੨੪ ਦੀ ਕਾਰਵਾਈ ਦੀ ਪੁਸ਼ਟੀ ਕਰਦਿਆਂ ਸਿੱਖ ਕੌਮ ਨਾਲ ਸਬੰਧਤ ਹੇਠ ਲਿਖੇ ਮਤੇ ਹਾਊਸ ਵਿੱਚ ਪੇਸ਼ ਕੀਤੇ:-

## ਮਤਾ ਨੰ: ੦੪

ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਜਿਨ੍ਹਾਂ ਨੂੰ 'ਧਰਮ ਦੀ ਚਾਦਰ' ਦੇ ਰੂਪ ਵਿੱਚ ਸਤਿਕਾਰ ਨਾਲ ਯਾਦ ਕੀਤਾ ਜਾਂਦਾ ਹੈ, ਨੇ ਧਰਮ, ਸੱਚ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਅਦੁੱਤੀ ਸ਼ਹਾਦਤ ਦਿੱਤੀ। ਉਨ੍ਹਾਂ ਦੀ ਇਹ ਮਹਾਨ ਕੁਰਬਾਨੀ ਨਾ ਸਿਰਫ ਸਿੱਖ ਇਤਿਹਾਸ ਦਾ ਸੁਨਹਿਰੀ ਅਧਿਆਇ ਹੈ, ਸਗੋਂ ਸਮੁੱਚੀ ਮਨੁੱਖਤਾ ਲਈ ਇੱਕ ਪ੍ਰੇਰਨਾ-ਸਰੋਤ ਵੀ ਹੈ। ਨਵੰਬਰ ੨੦੨੫ ਵਿੱਚ, ਗੁਰੂ ਸਾਹਿਬ ਦੇ ੩੫੦ ਸਾਲਾ ਸ਼ਹੀਦੀ ਦਿਹਾੜੇ ਦੇ ਮੌਕੇ 'ਤੇ, ਇਹ ਸਮਾਂ ਉਨ੍ਹਾਂ ਦੀ ਵਿਰਾਸਤ ਨੂੰ ਸਤਿਕਾਰ ਦੇਣ ਅਤੇ ਸੰਭਾਲਣ ਦਾ ਸੁਨਹਿਰੀ ਅਵਸਰ ਹੈ।

ਇਸ ਪਵਿੱਤਰ ਮੌਕੇ ਨੂੰ ਯਾਦਗਾਰੀ ਬਣਾਉਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਅਤੇ ਸਿਧਾਂਤਾਂ ਤੋਂ ਜਾਣੂ ਕਰਵਾਉਣ ਦੇ ਮੱਦੇਨਜ਼ਰ ਜਿਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਈ ਸਮਾਗਮ ਕੀਤੇ ਜਾ ਰਹੇ ਹਨ, ਉਥੇ ਹੀ ਅੱਜ ਦਾ ਜਨਰਲ ਇਜਲਾਸ ਭਾਰਤ ਸਰਕਾਰ ਤੋਂ ਮੰਗ ਕਰਦਾ ਹੈ ਕਿ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਨਤਮਸਤਕ ਹੁੰਦਿਆਂ ਸ਼ਰਧਾ ਤੇ ਸਤਿਕਾਰ ਭੇਟ ਕੀਤਾ ਜਾਵੇ।

ਇਸ ਸਬੰਧ ਵਿਚ ਭਾਰਤ ਸਰਕਾਰ ਢੁੱਕਵੀਂ ਯਾਦਗਾਰ ਸਥਾਪਤ ਕਰੇ, ਜੋ ਗੁਰੂ ਸਾਹਿਬ ਦੀ ਸ਼ਹਾਦਤ ਅਤੇ ਮਨੁੱਖੀ ਅਧਿਕਾਰਾਂ ਦੇ ਰਖਵਾਲੇ ਵਜੋਂ ਉਨ੍ਹਾਂ ਦੀ ਭੂਮਿਕਾ ਦੀ ਗਾਥਾ ਨੂੰ ਦਰਸਾਏ। ਸਰਕਾਰ ਵੱਲੋਂ ਗੁਰੂ ਸਾਹਿਬ ਦੇ ਨਾਮ 'ਤੇ ਇੱਕ ਕੌਮੀ ਪੱਧਰ ਦੀ ਸਿੱਖਿਆ ਸੰਸਥਾ ਜਾਂ ਖੋਜ ਕੇਂਦਰ ਵੀ ਸਥਾਪਤ ਕੀਤਾ ਜਾਵੇ। ਇਸੇ ਤਰ੍ਹਾਂ ਵਿਸ਼ੇਸ਼ ਡਾਕ ਟਿਕਟ ਅਤੇ ਯਾਦਗਾਰੀ ਸਿੱਕੇ ਵੀ ਜਾਰੀ ਕੀਤੇ ਜਾਣ।

ਜਨਰਲ ਇਜਲਾਸ ਭਾਰਤ ਸਰਕਾਰ ਨੂੰ ਅਪੀਲ ਕਰਦਾ ਹੈ ਕਿ ਇਸ ਸਬੰਧੀ ਸੰਜੀਦਗੀ ਨਾਲ ਵਿਚਾਰ ਕੀਤਾ ਜਾਵੇ। ਇਹ ਕਦਮ ਨਾ ਸਿਰਫ ਗੁਰੂ ਸਾਹਿਬ ਦੀ ਵਿਰਾਸਤ ਨੂੰ ਅਗਲੀਆਂ ਪੀੜ੍ਹੀਆਂ ਤੱਕ ਲਿਜਾਏਗਾ, ਸਗੋਂ ਭਾਰਤ ਦੀ ਬਹੁ-ਸੱਭਿਆਚਾਰਕ ਏਕਤਾ, ਧਾਰਮਿਕ ਸਹਿਣਸ਼ੀਲਤਾ ਅਤੇ ਮਨੁੱਖੀ ਅਧਿਕਾਰਾਂ ਪ੍ਰਤੀ ਸਮਰਪਣ ਨੂੰ ਵੀ ਮਜ਼ਬੂਤ ਕਰੇਗਾ।

## ਮਤਾ ਨੰ: ੦੫

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਜਨਰਲ ਇਜਲਾਸ ਭਾਰਤ ਦੀ ਸੰਸਦ ਵਿਚ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਵੱਲੋਂ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਸੰਬੰਧੀ ਦਿੱਤੇ ਗਏ ਬਿਆਨ ਦੀ ਸਖ਼ਤ ਨਿਖੇਧੀ ਕਰਦਾ ਹੈ। ਸ੍ਰੀ ਅਮਿਤ ਸ਼ਾਹ ਵੱਲੋਂ ਆਪਣੇ ਬਿਆਨ ਵਿਚ ਇਹ ਕਹਿਣਾ ਕਿ 'ਪੰਜਾਬ ਵਿਚ ਕੁਝ ਲੋਕ ਭਿੰਡਰਾਂਵਾਲਾ ਬਣ ਰਹੇ ਸਨ ਅਤੇ ਅੱਜ ਅਸਾਮ ਦੀ ਜੇਲ੍ਹ ਵਿਚ ਬੈਠੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਾਠ ਕਰ ਰਹੇ ਹਨ' ਉਨ੍ਹਾਂ ਦੀ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਹੈ।

ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਸਿੱਖਾਂ ਦੇ ਕੌਮੀ ਸ਼ਹੀਦ ਅਤੇ ਮਹਾਨ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਸਿੱਖ ਧਰਮ ਦੀ ਸ਼ਾਨ ਅਤੇ ਸਿੱਖ ਪਛਾਣ ਦੀ ਰਾਖੀ ਲਈ ਆਪਣਾ ਜੀਵਨ ਕੁਰਬਾਨ ਕੀਤਾ। ਉਨ੍ਹਾਂ ਵਿਰੁੱਧ ਦੇਸ਼ ਦੇ ਇੱਕ ਜ਼ੁੰਮੇਵਾਰ ਵਿਅਕਤੀ (ਗ੍ਰਹਿ ਮੰਤਰੀ) ਵੱਲੋਂ ਲੋਕਤੰਤਰ ਦੇ ਸਭ ਤੋਂ ਵੱਡੇ ਮੰਚ ਭਾਰਤੀ ਸੰਸਦ ਅੰਦਰ ਨਫ਼ਰਤੀ ਵਿਚਾਰ ਦੇਣਾ ਦੇਸ਼ ਦੀ ਬਹੁ-ਕੌਮੀ ਅਤੇ ਬਹੁ-ਧਰਮੀ ਸੱਭਿਅਤਾ ਦੀ ਤੌਹੀਨ ਹੈ।

ਅੱਜ ਦਾ ਇਜਲਾਸ ਸ੍ਰੀ ਅਮਿਤ ਸ਼ਾਹ ਵੱਲੋਂ ਗੁਰਬਾਣੀ ਪੜ੍ਹਨ ਉੱਤੇ ਤੰਜ ਕੱਸਣ ਦੀ ਵੀ ਘੋਰ ਨਿੰਦਾ ਕਰਦਾ ਹੈ। ਗ੍ਰਹਿ ਮੰਤਰੀ ਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਗੁਰਬਾਣੀ ਦਾ ਪਾਠ ਕਰਨਾ ਸਿੱਖ ਧਰਮ ਦਾ ਅਟੁੱਟ ਅੰਗ ਹੈ। ਇਸ ਨੂੰ ਗਲਤ ਸੰਦਰਭ ਵਿਚ ਪੇਸ਼ ਕਰਕੇ ਉਨ੍ਹਾਂ ਸਿੱਖ ਕੌਮ ਦਾ ਅਪਮਾਨ ਕੀਤਾ ਹੈ। ਇਜਲਾਸ ਗ੍ਰਹਿ ਮੰਤਰੀ ਨੂੰ ਚੇਤੇ ਕਰਵਾਉਂਦਾ ਹੈ ਕਿ ਮਨੁੱਖਤਾ ਨੂੰ ਜੀਵਨ ਦੇਣ ਵਾਲੀ ਪਾਵਨ ਗੁਰਬਾਣੀ ਦੇ ਰਚੇਤਾ ਗੁਰੂ ਸਾਹਿਬਾਨ ਦੀ ਬਦੌਲਤ ਹੀ ਅੱਜ ਦੇਸ਼ ਦਾ ਸੱਭਿਆਚਾਰ ਬਰਕਰਾਰ ਹੈ ਅਤੇ ਗੁਰਬਾਣੀ ਪੜ੍ਹਨ ਵਾਲੇ ਸਿੱਖਾਂ ਨੇ ਹੀ ਦੇਸ਼ ਲਈ ਅਣਗਿਣਤ ਕੁਰਬਾਨੀਆਂ ਕਰਕੇ ਆਜ਼ਾਦੀ ਦਿਵਾਈ ਸੀ।

ਜਨਰਲ ਇਜਲਾਸ ਗ੍ਰਹਿ ਮੰਤਰੀ ਦੇ ਬਿਆਨ ਦੀ ਪੂਰੀ ਤਰ੍ਹਾਂ ਨਿਖੇਧੀ ਕਰਦਿਆਂ ਆਖਦਾ ਹੈ ਕਿ ਭਾਰਤ ਸਰਕਾਰ ਅਤੇ ਖਾਸਕਰ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਸਿੱਖ ਭਾਵਨਾਵਾਂ ਦਾ ਸਤਿਕਾਰ ਕਰਨ ਅਤੇ ਅਜਿਹੀ ਅਪਮਾਨਜਨਕ ਬਿਆਨਬਾਜ਼ੀ ਤੋਂ ਗੁਰੇਜ਼ ਕਰਨ।

## ਮਤਾ ਨੰ: ੦੬

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਬਜਟ ਇਜਲਾਸ ਪੰਜਾਬ ਤੋਂ ਬਾਹਰਲੇ ਸੂਬਿਆਂ ਵਿੱਚ ਸਿੱਖਾਂ ਵਿਰੁੱਧ ਪੈਦਾ ਕੀਤੇ ਜਾ ਰਹੇ ਨਫ਼ਰਤੀ ਮਾਹੌਲ ਦੀ ਨਿਖੇਧੀ ਕਰਦਿਆਂ ਸਰਕਾਰ ਪਾਸੋਂ ਫਿਰਕੂ ਅਨਸਰਾਂ ਵਿਰੁੱਧ ਕਾਰਵਾਈ ਕਰਨ ਦੀ ਮੰਗ ਕਰਦਾ ਹੈ।

ਹਾਲ ਹੀ ਵਿਚ ਹਿਮਾਚਲ ਪ੍ਰਦੇਸ਼ ਅੰਦਰ ਸਥਿਤ ਪਾਵਨ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਂਦੇ ਸਿੱਖ ਸ਼ਰਧਾਲੂਆਂ ਨੂੰ ਕੁਝ ਲੋਕਾਂ ਵੱਲੋਂ ਨਿਸ਼ਾਨਾ ਬਣਾਇਆ ਜਾਣਾ ਅਤੇ ਸਿੱਖ ਯਾਤਰੂਆਂ ਦੇ ਵਾਹਨਾਂ ਉੱਤੇ ਲੱਗੇ ਸਿੱਖ ਨਾਇਕਾਂ ਦੀਆਂ ਤਸਵੀਰਾਂ ਵਾਲੇ ਝੰਡੇ ਜਬਰੀ ਪਾੜਣ ਤੇ ਪੈਰਾਂ ਹੇਠ ਰੋਲਣ ਦਾ ਵਰਤਾਰਾ ਦੇਸ਼ ਹਿੱਤ ਵਿੱਚ ਨਹੀਂ ਹੈ।

ਹਰ ਇੱਕ ਨੂੰ ਆਪਣੇ ਧਰਮ ਦੀਆਂ ਕਦਰਾਂ ਕੀਮਤਾਂ 'ਤੇ ਪਹਿਰਾ ਦੇਣ ਅਤੇ ਆਪਣੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਦਿਦਾਰੇ ਕਰਨ ਦਾ ਪੂਰਾ ਹੱਕ ਹੈ। ਹਿਮਾਚਲ ਪ੍ਰਦੇਸ਼ ਵਿੱਚ ਸਿੱਖ ਸ਼ਰਧਾਲੂਆਂ ਨਾਲ ਵਾਪਰ ਰਹੀਆਂ ਘਟਨਾਵਾਂ ਤੋਂ ਸਪੱਸ਼ਟ ਹੈ ਕਿ ਉੱਥੋਂ ਦੀ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਆਪਣੀ ਜ਼ਿੰਮੇਵਾਰੀ ਨਹੀਂ ਨਿਭਾਅ ਰਿਹਾ। ਪੰਜਾਬ ਸਰਕਾਰ ਵੱਲੋਂ ਇਸ ਗੰਭੀਰ ਮਾਮਲੇ ਉੱਤੇ ਚੁੱਪ ਰਹਿਣਾ ਵੀ ਸੂਬੇ ਦੇ ਲੋਕਾਂ ਵਿਰੋਧੀ ਭੁਗਤਣ ਵਾਲੀ ਗੱਲ ਹੈ।

ਸ਼੍ਰੋਮਣੀ ਕਮੇਟੀ ਦਾ ਅੱਜ ਦਾ ਇਜਲਾਸ ਹਿਮਾਚਲ ਪ੍ਰਦੇਸ਼ ਸਰਕਾਰ ਨੂੰ ਸਪੱਸ਼ਟ ਤੌਰ 'ਤੇ ਆਖਦਾ ਹੈ ਕਿ ਉਹ ਇਸ ਗੰਭੀਰ ਮੁੱਦੇ 'ਤੇ ਸੰਜੀਦਾ ਪਹੁੰਚ ਅਪਣਾਏ ਅਤੇ ਦੋਸ਼ੀਆਂ ਵਿਰੁੱਧ ਕਾਰਵਾਈ ਕਰੇ। ਅੱਜ ਦਾ ਇਜਲਾਸ ਭਾਰਤ ਸਰਕਾਰ ਨੂੰ ਵੀ ਅਪੀਲ ਕਰਦਾ ਹੈ ਕਿ ਉਹ ਅਜਿਹੇ ਫਿਰਕੂ ਲੋਕਾਂ ਖ਼ਿਲਾਫ਼ ਕਾਰਵਾਈ ਕਰਨ ਲਈ ਸੂਬਾ ਸਰਕਾਰਾਂ ਨੂੰ ਆਦੇਸ਼ ਕਰੇ।

## ਮਤਾ ਨੰ: ੦੭

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਬਜਟ ਇਜਲਾਸ ਦਿੱਲੀ ਵਿਖੇ ਨਵੰਬਰ ੧੯੮੪ ਵਿੱਚ ਹੋਈ ਸਿੱਖ ਨਸਲਕੁਸ਼ੀ ਦੇ ਸਰਸਵਤੀ ਵਿਹਾਰ ਦਿੱਲੀ ਨਾਲ ਸਬੰਧਤ ਇੱਕ ਮਾਮਲੇ ਵਿੱਚ ਕਾਂਗਰਸੀ ਆਗੂ ਸੱਜਣ ਕੁਮਾਰ ਨੂੰ ਅਦਾਲਤ ਵੱਲੋਂ ਦਿੱਤੀ ਗਈ ਸਜ਼ਾ ਦਾ ਸਵਾਗਤ ਕਰਦਿਆਂ

ਸਿੱਖ ਕਤਲੇਆਮ ਦੇ ਹੋਰ ਮਾਮਲਿਆਂ ਵਿੱਚ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਤੇ ਪੀੜਤਾਂ ਨੂੰ ਇਨਸਾਫ਼ ਦੀ ਮੰਗ ਕਰਦਾ ਹੈ।

੧੯੮੪ 'ਚ ਦਿੱਲੀ ਸਮੇਤ ਦੇਸ਼ ਦੇ ਕਈ ਹੋਰ ਸ਼ਹਿਰਾਂ ਵਿੱਚ ਹਜ਼ਾਰਾਂ ਸਿੱਖਾਂ ਦਾ ਵਹਿਸ਼ੀਆਨਾ ਤਰੀਕੇ ਨਾਲ ਕਤਲ ਕੀਤਾ ਗਿਆ। ਇਸ ਕਤਲੇਆਮ ਦੀ ਅਗਵਾਈ ਸੱਜਣ ਕੁਮਾਰ ਅਤੇ ਜਗਦੀਸ਼ ਟਾਇਟਲਰ ਜਿਹੇ ਕਾਂਗਰਸੀ ਆਗੂਆਂ ਨੇ ਕੀਤੀ। ਇਸ ਕਤਲੇਆਮ ਦੇ ਇਨਸਾਫ਼ ਲਈ ਪੀੜਤਾਂ ਨੇ ੪੦ ਸਾਲ ਤੋਂ ਵੱਧ ਕਾਨੂੰਨੀ ਲੜਾਈ ਲੜੀ ਹੈ। ਹੁਣ ਅਦਾਲਤ ਦੇ ਇਸ ਫੈਸਲੇ ਨਾਲ ਚਾਰ ਦਹਾਕਿਆਂ ਤੋਂ ਇਨਸਾਫ਼ ਦੀ ਆਸ ਵਿਚ ਬੈਠੇ ਪੀੜਤ ਪਰਿਵਾਰਾਂ ਨੂੰ ਕੁਝ ਹੱਦ ਤੱਕ ਧਰਵਾਸ ਮਿਲੇਗਾ।

ਸ਼੍ਰੋਮਣੀ ਕਮੇਟੀ ਦਾ ਅੱਜ ਦਾ ਬਜਟ ਇਜਲਾਸ ਸੱਜਣ ਕੁਮਾਰ ਸਮੇਤ ਸਿੱਖ ਕਤਲੇਆਮ ਦੇ ਹੋਰ ਸਾਰੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕਰਦਾ ਹੈ ਅਤੇ ਇਸ ਸਿੱਖ ਕਤਲੇਆਮ ਦੀ ਨਿਰਪੱਖ ਜਾਂਚ ਵੀ ਮੰਗਦਾ ਹੈ।

## ਮਤਾ ਨੰ: ੦੮

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਬਜਟ ਇਜਲਾਸ ਮਹਿਸੂਸ ਕਰਦਾ ਹੈ ਕਿ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਨਾਲ ਸਬੰਧਤ ਇਤਿਹਾਸਕ ਥਾਵਾਂ ਅਤੇ ਇਮਾਰਤਾਂ ਦੀ ਹਾਲਤ ਅੱਜ ਬਹੁਤ ਹੀ ਤਰਸਯੋਗ ਹੈ। ਅੰਮ੍ਰਿਤਸਰ ਸਥਿਤ ਰਾਮਬਾਗ ਜੋ ਕਿ ਸਿੱਖ ਵਿਰਾਸਤ ਹੈ, ਵਿਖੇ ਪ੍ਰਾਈਵੇਟ ਕਲੱਬ ਚਲਾਏ ਜਾ ਰਹੇ ਹਨ। ਇਸੇ ਤਰ੍ਹਾਂ ਬਟਾਲਾ ਸਥਿਤ ਬੇਰਿੰਗ ਯੂਨੀਅਨ ਕ੍ਰਿਸ਼ਚਨ ਕਾਲਜ ਅੰਦਰ ਮਹਾਰਾਜਾ ਸ਼ੇਰ ਸਿੰਘ ਦੀ ਹਵੇਲੀ ਹੈ, ਜਿਸ ਨੂੰ ਯਾਦਗਾਰ ਵਜੋਂ ਸੰਭਾਲਣਾ ਬਹੁਤ ਜ਼ਰੂਰੀ ਹੈ। ਰੋਪੜ ਵਾਲੀ ਚੌਂਕੀ, ਫਿਲੌਰ ਦਾ ਕਿਲ੍ਹਾ ਜੋ ਅੱਜ ਪੰਜਾਬ ਪੁਲਿਸ ਦੀ ਅਕੈਡਮੀ ਹੈ ਅਤੇ ਬਹਾਦਰਗੜ੍ਹ ਪਟਿਆਲਾ ਦਾ ਕਿਲ੍ਹਾ ਵੀ ਸਿਖਲਾਈ ਕੇਂਦਰ ਵਜੋਂ ਪੰਜਾਬ ਪੁਲਿਸ ਕੋਲ ਹੈ, ਉਨ੍ਹਾਂ ਦੀ ਵਿਰਾਸਤੀ ਸਾਂਭ ਸੰਭਾਲ ਅਤਿ ਜ਼ਰੂਰੀ ਹੈ।

ਅੱਜ ਦਾ ਇਜਲਾਸ ਪੰਜਾਬ ਸਰਕਾਰ ਤੋਂ ਮੰਗ ਕਰਦਾ ਹੈ ਕਿ ਜਿੱਥੇ-ਜਿੱਥੇ ਵੀ ਸਿੱਖ ਵਿਰਾਸਤ ਮੌਜੂਦ ਹੈ ਅਤੇ ਇਸ ਦੇ ਨਾਲ ਹੀ ਉਹ ਸਿੱਖ ਵਿਰਾਸਤੀ ਇਮਾਰਤਾਂ ਜਿਨ੍ਹਾਂ ਅੰਦਰ ਸਰਕਾਰ ਦੇ ਸੰਸਥਾਨ ਕਾਰਜਸ਼ੀਲ ਹਨ, ਉਨ੍ਹਾਂ ਦੀ ਵਿਰਾਸਤੀ ਆਭਾ ਨੂੰ ਉਭਾਰਨ ਵਾਸਤੇ ਠੋਸ ਨੀਤੀ ਤਿਆਰ ਕੀਤੀ ਜਾਵੇ ਤਾਂ ਜੋ ਇਹ ਆਪਣੇ ਭਾਵ ਅਨੁਸਾਰ ਅਗਲੀ ਪੀੜ੍ਹੀ ਲਈ ਸਾਂਭੀਆਂ ਜਾ ਸਕਣ। ਇਸ ਕਾਰਜ ਵਾਸਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲੋੜੀਂਦੇ ਸਹਿਯੋਗ ਲਈ ਤਿਆਰ ਹੈ।

## ਮਤਾ ਨੰ: ੦੯

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਜਨਰਲ ਇਜਲਾਸ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਸਿੱਖ ਸ਼ਰਧਾਲੂਆਂ ਦੀ ਸਹੂਲਤ ਲਈ ਵੀਜ਼ਾ ਦਫਤਰ ਅੰਮ੍ਰਿਤਸਰ ਵਿਖੇ ਖੋਲ੍ਹਣ ਦੀ ਮੰਗ ਕਰਦਾ ਹੈ।

ਪਾਕਿਸਤਾਨ ਵਿਖੇ ਗੁਰੂ ਸਾਹਿਬਾਨ ਅਤੇ ਸਿੱਖ ਇਤਿਹਾਸ ਨਾਲ ਸਬੰਧਤ ਕਈ ਗੁਰਦੁਆਰੇ ਹਨ, ਜਿਨ੍ਹਾਂ ਦੇ ਦਰਸ਼ਨਾਂ ਲਈ ਹਰ ਸਾਲ ਸਿੱਖ ਸ਼ਰਧਾਲੂ ਜਥਿਆਂ ਦੇ ਰੂਪ ਵਿਚ ਜਾਂਦੇ ਹਨ। ਸੰਗਤਾਂ ਦੀ ਵੱਡੀ ਮੰਗ ਹੈ ਕਿ ਪਹਿਲਾਂ ਜਾਂਦੇ ਜਥਿਆਂ ਤੋਂ ਇਲਾਵਾ ਆਮ ਦਿਨਾਂ ਦੌਰਾਨ ਵੀ ਸ਼ਰਧਾਲੂਆਂ ਨੂੰ ਵੀਜ਼ੇ ਦਿੱਤੇ ਜਾਣ। ਇਸ ਲਈ ਸੰਗਤ ਦੀ ਸਹੂਲਤ ਵਾਸਤੇ ਵੀਜ਼ਾ ਦਫਤਰ ਅੰਮ੍ਰਿਤਸਰ ਵਿਖੇ ਖੋਲ੍ਹਿਆ ਜਾਵੇ।

ਅੱਜ ਦਾ ਇਹ ਬਜਟ ਇਜਲਾਸ ਪਾਕਿਸਤਾਨ 'ਚ ਵੱਸਦੇ ਸਿੱਖਾਂ ਲਈ ਭਾਰਤ ਅੰਦਰ ਸਿੱਖ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨ ਦੀਦਾਰ ਦਾ ਸੁਖਾਲਾ ਪ੍ਰਬੰਧ ਕਰਨ ਦੀ ਵੀ ਭਾਰਤ ਸਰਕਾਰ ਪਾਸੋਂ ਮੰਗ ਕਰਦਾ ਹੈ। ਇਸ ਲਈ ਸ੍ਰੀ ਕਰਤਾਰ ਸਾਹਿਬ ਕੌਰੀਡੋਰ ਦੀ ਤਰਜ 'ਤੇ ਪਾਕਿਸਤਾਨ ਦੇ ਸਿੱਖਾਂ ਨੂੰ ਘੱਟੋ-ਘੱਟ ਅੰਮ੍ਰਿਤਸਰ

ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਲਈ ਇੱਕ ਦਿਨ ਦਾ ਵੀਜ਼ਾ ਪ੍ਰਬੰਧ ਕੀਤਾ ਜਾਵੇ।

ਜਨਰਲ ਇਜਲਾਸ ਭਾਰਤ ਤੇ ਪਾਕਿਸਤਾਨ ਦੀਆਂ ਸਰਕਾਰਾਂ ਤੋਂ ਇਹ ਮੰਗ ਵੀ ਕਰਦਾ ਹੈ ਕਿ ਪਿਛਲੇ ਲੰਮੇ ਸਮੇਂ ਤੋਂ ਦੋਹਾਂ ਦੇਸ਼ਾਂ ਵਿਚਕਾਰ ਬੰਦ ਪਏ ਦੁਵੱਲੇ ਵਪਾਰ ਨੂੰ ਮੁੜ ਸ਼ੁਰੂ ਕੀਤਾ ਜਾਵੇ।

## ਮਤਾ ਨੰ: ੧੦

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਜਨਰਲ ਇਜਲਾਸ ਭਾਰਤੀ ਫੌਜ ਵਿੱਚ ਸਿੱਖਾਂ ਲਈ ਵਿਸ਼ੇਸ਼ ਰਾਖਵਾਂ ਕੋਟਾ ਨਿਰਧਾਰਤ ਕਰਨ ਦੀ ਮੰਗ ਕਰਦਾ ਹੈ।

ਸਿੱਖ ਕੌਮ ਨੇ ਹਰ ਸਮੇਂ ਦੇਸ਼ ਦੀ ਰੱਖਿਆ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ ਅਤੇ ਫੌਜ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਇਆ ਹੈ। ਇਤਿਹਾਸ ਗਵਾਹ ਹੈ ਕਿ ਸਿੱਖ ਸੈਨਿਕ ਪਹਿਲੇ ਅਤੇ ਦੂਜੇ ਵਿਸ਼ਵ ਯੁੱਧ ਤੋਂ ਲੈ ਕੇ, ਕਾਰਗਿਲ ਅਤੇ ਹੋਰ ਮੁਹਿੰਮਾਂ ਵਿੱਚ ਬਹਾਦਰੀ ਨਾਲ ਲੜੇ।

ਅੱਜ ਦਾ ਇਜਲਾਸ ਭਾਰਤੀ ਸਰਕਾਰ ਅਤੇ ਰੱਖਿਆ ਮੰਤਰਾਲੇ ਨੂੰ ਅਪੀਲ ਕਰਦਾ ਹੈ ਕਿ ਫੌਜ ਵਿੱਚ ਸਿੱਖ ਜਵਾਨਾਂ ਲਈ ਇਕ ਵਿਸ਼ੇਸ਼ ਕੋਟਾ ਨਿਰਧਾਰਤ ਕੀਤਾ ਜਾਵੇ, ਤਾਂ ਜੋ ਉਨ੍ਹਾਂ ਦਾ ਯੋਗਦਾਨ ਲਗਾਤਾਰ ਬਰਕਰਾਰ ਰਹੇ ਅਤੇ ਫੌਜ ਵਿੱਚ ਉਨ੍ਹਾਂ ਦੀ ਪ੍ਰੰਪਰਾਗਤ ਭੂਮਿਕਾ ਨੂੰ ਮਜ਼ਬੂਤੀ ਮਿਲੇ। ਇਹ ਨਾ ਸਿਰਫ਼ ਸਿੱਖ ਕੌਮ ਲਈ, ਸਗੋਂ ਭਾਰਤੀ ਫੌਜ ਦੀ ਸ਼ਾਨ ਅਤੇ ਸ਼ਕਤੀ ਵਿੱਚ ਵੀ ਇਜ਼ਾਫ਼ਾ ਕਰੇਗਾ।

## ਮਤਾ ਨੰ: ੧੧

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਬਜਟ ਇਜਲਾਸ ਬੰਦੀ ਸਿੰਘਾਂ ਦੇ ਗੰਭੀਰ ਅਤੇ ਸੰਵੇਦਨਸ਼ੀਲ ਮਸਲੇ 'ਤੇ ਆਪਣੀ ਗਹਿਰੀ ਚਿੰਤਾ ਪ੍ਰਗਟ ਕਰਦਾ ਹੈ। ਇਨਸਾਫ਼, ਸੱਚਾਈ ਅਤੇ ਹੱਕਾਂ ਦੀ ਰਾਖੀ ਲਈ ਆਪਣੀ ਜਾਨ ਤੱਕ ਕੁਰਬਾਨ ਕਰਨ ਵਾਲੀ ਸਿੱਖ ਕੌਮ ਦੇ ਕਈ ਨੌਜਵਾਨ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਬੰਦ ਹਨ, ਹਾਲਾਂਕਿ ਉਹ ਆਪਣੀ ਕਾਨੂੰਨੀ ਸਜ਼ਾ ਪੂਰੀ ਕਰ ਚੁੱਕੇ ਹਨ। ਇਹ ਸਾਡੀ ਨਿਆਂ ਪ੍ਰਣਾਲੀ ਅਤੇ ਲੋਕਤੰਤਰ ਲਈ ਇੱਕ ਵੱਡਾ ਸਵਾਲ ਹੈ।

ਇਹ ਮਸਲਾ ਕੇਵਲ ਕੁਝ ਵਿਅਕਤੀਆਂ ਦੀ ਅਜ਼ਾਦੀ ਤੱਕ ਹੀ ਸੀਮਤ ਨਹੀਂ, ਸਗੋਂ ਇਹ ਪੂਰੀ ਸਿੱਖ ਕੌਮ ਦੇ ਨੈਤਿਕ ਅਧਿਕਾਰ ਅਤੇ ਇਨਸਾਫ਼ ਨਾਲ ਜੁੜਿਆ ਹੋਇਆ ਹੈ।

ਅੱਜ ਦਾ ਇਜਲਾਸ ਭਾਰਤ ਸਰਕਾਰ ਨੂੰ ਅਪੀਲ ਕਰਦਾ ਹੈ ਕਿ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਕਦਰ ਕਰਦੇ ਹੋਏ, ਧਰਮ ਤੇ ਇਨਸਾਫ਼ ਦੇ ਅਸੂਲਾਂ 'ਤੇ ਚੱਲਦਿਆਂ ਸਿੱਖ ਬੰਦੀਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।

## ਮਤਾ ਨੰ: ੧੨

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਬਜਟ ਇਜਲਾਸ ਮੌਜੂਦਾ ਕਿਸਾਨ ਸੰਘਰਸ਼ ਵਿੱਚ ਸਰਕਾਰਾਂ ਵੱਲੋਂ ਅਪਣਾਈ ਗਈ ਨਕਾਰਾਤਮਿਕ ਭੂਮਿਕਾ ਦੀ ਘੋਰ ਨਿੰਦਾ ਕਰਦਾ ਹੈ।

ਕਿਸਾਨ ਭਾਰਤ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹਨ, ਪਰ ਹਾਲੀਆ ਸੰਘਰਸ਼ ਦੌਰਾਨ ਸਰਕਾਰ ਨੇ ਕਿਸਾਨਾਂ ਦੀਆਂ ਜਾਇਜ਼ ਮੰਗਾਂ ਨੂੰ ਲੰਬੇ ਸਮੇਂ ਤੱਕ ਨਜ਼ਰਅੰਦਾਜ਼ ਕੀਤਾ ਹੈ।

ਕਿਸਾਨ ਫ਼ਸਲਾਂ ਦੇ ਘੱਟੋ ਘੱਟ ਸਮਰਥਨ ਮੁੱਲ ਦੀ ਗਾਰੰਟੀ ਅਤੇ ਹੋਰ ਹੱਕੀ ਮੰਗਾਂ ਲਈ ਲੜ ਰਹੇ ਹਨ, ਪਰ ਸਰਕਾਰਾਂ ਨੇ ਉਨ੍ਹਾਂ ਦੇ ਹੱਕ ਵਿੱਚ ਫ਼ੈਸਲੇ ਲੈਣ ਦੀ ਬਜਾਏ ਉਨ੍ਹਾਂ ਨੂੰ ਦਬਾਉਣ ਦੀ ਨੀਤੀ ਅਪਣਾਈ ਹੋਈ ਹੈ। ਗੱਲਬਾਤ ਲਈ ਮੀਟਿੰਗ ਵਿਚ ਸ਼ਾਮਲ ਹੋਣ ਪੁੱਜੇ ਕਿਸਾਨਾਂ ਨੂੰ ਧੋਖੇ ਨਾਲ ਗ੍ਰਿਫ਼ਤਾਰ ਕਰਨਾ ਅਤੇ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਨੂੰ ਜਬਰੀ ਉਠਾਉਣਾ ਸਰਕਾਰ ਦੀ ਕਿਸਾਨ ਵਿਰੋਧੀ ਮਨਸ਼ਾ ਦਾ ਪ੍ਰਗਟਾਵਾ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਉਲੰਘਣਾ ਹੈ।

ਅੱਜ ਦਾ ਇਜਲਾਸ ਸਰਕਾਰ ਨੂੰ ਸੁਚੇਤ ਕਰਦਾ ਹੈ ਕਿ ਜੇਕਰ ਕਿਸਾਨਾਂ ਦੀਆਂ ਮੰਗਾਂ ਪ੍ਰਤੀ ਅਣਗਹਿਲੀ

ਜਾਰੀ ਰੱਖੀ, ਤਾਂ ਇਹ ਨਾ ਕੇਵਲ ਖੇਤੀਬਾੜੀ ਖੇਤਰ ਲਈ ਨੁਕਸਾਨਦਾਇਕ ਹੋਵੇਗਾ, ਸਗੋਂ ਲੋਕਤੰਤਰ ਦੀਆਂ ਜੜ੍ਹਾਂ ਨੂੰ ਵੀ ਕਮਜ਼ੋਰ ਕਰੇਗਾ। ਅੱਜ ਦਾ ਇਜਲਾਸ ਸਰਕਾਰ ਨੂੰ ਅਪੀਲ ਕਰਦਾ ਹੈ ਕਿ ਕਿਸਾਨ ਆਗੂਆਂ ਉੱਤੇ ਦਰਜ ਹੋਏ ਝੂਠੇ ਮੁਕੱਦਮੇ ਵਾਪਸ ਲਏ ਜਾਣ ਅਤੇ ਕਿਸਾਨਾਂ ਦੇ ਹੱਕ ਵਿੱਚ ਤੁਰੰਤ ਅਤੇ ਸਹੀ ਫੈਸਲੇ ਲਏ ਜਾਣ।

## ਮਤਾ ਨੰ: ੧੩

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਬਜਟ ਇਜਲਾਸ ਬੀਤੇ ਸਮੇਂ ਮੁਹਾਲੀ ਸਥਿਤ ਸੀਬੀਆਈ ਅਦਾਲਤ ਵੱਲੋਂ ਕਈ ਸਿੱਖ ਨੌਜਵਾਨਾਂ ਦੇ ਝੂਠੇ ਪੁਲਿਸ ਮੁਕਾਬਲਿਆਂ ਦੇ ਮਾਮਲਿਆਂ ਵਿੱਚ ਦੋਸ਼ੀ ਪੁਲਿਸ ਅਧਿਕਾਰੀਆਂ ਨੂੰ ਸਜ਼ਾਵਾਂ ਦੇਣ ਦਾ ਸਵਾਗਤ ਕਰਦਿਆਂ ਇਸ ਦਾ ਦਾਇਰਾ ਹੋਰ ਵਿਸ਼ਾਲ ਕਰਨ ਦੀ ਮੰਗ ਕਰਦਾ ਹੈ। ਬੀਤੇ ਸਮੇਂ 'ਚ ਕੁਝ ਮਾਮਲਿਆਂ ਵਿੱਚ ਅਦਾਲਤ ਵੱਲੋਂ ਪੁਲਿਸ ਅਧਿਕਾਰੀਆਂ ਨੂੰ ਦਿੱਤੀਆਂ ਸਜ਼ਾਵਾਂ ਨਾਲ ਇਹ ਸਪੱਸ਼ਟ ਹੋ ਗਿਆ ਹੈ ਕਿ ੧੯੮੪ ਤੋਂ ਬਾਅਦ ਦੇ ਦਹਾਕੇ ਵਿੱਚ ਕਿਵੇਂ ਮਿੱਥ ਕੇ ਸਰਕਾਰ ਵੱਲੋਂ ਬੇਕਸੂਰ ਸਿੱਖ ਨੌਜਵਾਨਾਂ ਦਾ ਕਤਲੇਆਮ ਕੀਤਾ ਗਿਆ। ਇਸ ਵਰਤਾਰੇ ਨੇ ਮਾਨਵਤਾ ਦਾ ਵੱਡਾ ਘਾਣ ਕਰਨ ਦੇ ਨਾਲ-ਨਾਲ ਸਿੱਖ ਕੌਮ ਦੀ ਇੱਕ ਪੀੜ੍ਹੀ ਨੂੰ ਤਬਾਹ ਕਰ ਦਿੱਤਾ। ਪੁਲਿਸ ਅਧਿਕਾਰੀਆਂ ਵੱਲੋਂ ਤਰੱਕੀਆਂ ਲੈਣ ਦੀ ਦੌੜ ਵਿੱਚ ਇੱਕ ਦੂਜੇ ਤੋਂ ਮੋਹਰੀ ਹੋ ਕੇ ਸਿੱਖ ਨੌਜਵਾਨਾਂ ਦੇ ਖ਼ੂਨ ਦੀ ਹੋਲੀ ਖੇਡੀ ਗਈ। ਇਸ ਦਾ ਇਨਸਾਫ਼ ਅੱਜ ਤੱਕ ਪੀੜਤ ਸਿੱਖ ਪਰਿਵਾਰ ਉਡੀਕ ਰਹੇ ਹਨ।

ਅੱਜ ਦਾ ਇਜਲਾਸ ਝੂਠੇ ਪੁਲਿਸ ਮੁਕਾਬਲਿਆਂ ਦਾ ਨਿਸ਼ਾਨਾਂ ਬਣੇ ਸਿੱਖ ਨੌਜਵਾਨਾਂ ਦੇ ਮਾਮਲੇ ਉਜਾਗਰ ਕਰਦਿਆਂ ਸ਼ਹੀਦ ਹੋਏ ਭਾਈ ਜਸਵੰਤ ਸਿੰਘ ਖਾਲੜਾ ਅਤੇ ਦੋਸ਼ੀ ਪੁਲਿਸ ਅਧਿਕਾਰੀਆਂ ਨੂੰ ਸਜ਼ਾਵਾਂ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲਿਆਂ ਦੇ ਯਤਨਾਂ ਦੀ ਪ੍ਰਸ਼ੰਸਾ ਕਰਦਾ ਹੈ। ਇਜਲਾਸ ਸਰਕਾਰ ਤੋਂ ਇਹ ਵੀ ਮੰਗ ਕਰਦਾ ਹੈ ਕਿ ਅਜਿਹੇ ਮਾਮਲਿਆਂ ਵਿਚ ਸਾਰੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ।

ਅੱਜ ਦਾ ਇਜਲਾਸ ਮੌਜੂਦਾ ਸਮੇਂ ਵੀ ਪੁਲਿਸ ਵੱਲੋਂ ਝੂਠੇ ਮੁਕਾਬਲਿਆਂ ਦੇ ਵਰਤਾਰੇ ਦੀ ਸਖ਼ਤ ਨਿੰਦਾ ਕਰਦਿਆਂ ਇਹ ਮਹਿਸੂਸ ਕਰਦਾ ਹੈ ਕਿ ਅੱਜ ਵੀ ਪੰਜਾਬ ਦੇ ਨੌਜਵਾਨਾਂ ਨੂੰ ਮਿੱਥ ਕੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ।

## ਮਤਾ ਨੰ:੧੪

ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖਾਂ ਦੇ ਸਰਵਉੱਚ ਅਸਥਾਨ ਹਨ। ਪ੍ਰਭੂਸੱਤਾ ਸੰਪੰਨ, ਸਿੱਖਾਂ ਦੀ ਅਜ਼ਾਦ ਹਸਤੀ ਵਜੋਂ ਇਸ ਅਸਥਾਨ ਦਾ ਮਹੱਤਵ ਦੁਨੀਆਂ ਦੇ ਧਾਰਮਿਕ ਇਤਿਹਾਸ ਅੰਦਰ ਅਸਲੋਂ ਨਿਵੇਕਲਾ ਹੈ। ਸਿੱਖ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਨਤਮਸਤਕ ਹੁੰਦਿਆਂ ਇਥੋਂ ਦੇ ਆਦੇਸ਼ਾਂ, ਸੰਦੇਸ਼ਾਂ ਤੇ ਹੁਕਮਨਾਮਿਆਂ ਨੂੰ ਮੰਨਦੇ ਹਨ। ਇਸ ਪ੍ਰਸੰਗ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦਾ ਅਹੁਦਾ ਬੇਹੱਦ ਸਤਿਕਾਰਤ ਹੈ। ਮੌਜੂਦਾ ਸਮੇਂ ਜਥੇਦਾਰ ਦੀ ਨਿਯੁਕਤੀ ਤੇ ਸੇਵਾ ਮੁਕਤੀ ਨੂੰ ਲੈ ਕੇ ਪੰਥ ਅੰਦਰ ਇਕ ਵੱਡੀ ਚਰਚਾ ਚੱਲ ਰਹੀ ਹੈ। ਇਸ ਪ੍ਰਥਾਏ ਅੱਜ ਦਾ ਜਨਰਲ ਇਜਲਾਸ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ ਖੇਤਰ ਤੇ ਸੇਵਾ ਮੁਕਤੀ ਸਬੰਧੀ ਨਿਯਮ ਨਿਰਧਾਰਤ ਕਰਨ ਦੀ ਪ੍ਰਵਾਨਗੀ ਦਿੰਦਾ ਹੈ। ਜਨਰਲ ਇਜਲਾਸ ਇਸ ਕਾਰਜ ਵਾਸਤੇ ਪੰਥਕ ਨੁਮਾਇੰਦਿਆਂ ਦੀ ਇਕ ਉੱਚ ਪੱਧਰੀ ਕਮੇਟੀ ਗਠਿਤ ਕਰਨ ਨੂੰ ਵੀ ਪ੍ਰਵਾਨਗੀ ਦਿੰਦਾ ਹੈ।ਸਬ-ਕਮੇਟੀ ਗਠਿਤ ਕਰਨ ਦੇ ਅਧਿਕਾਰ ਪ੍ਰਧਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਦਿੱਤੇ ਜਾਂਦੇ ਹਨ।

ਜਨਰਲ ਇਜਲਾਸ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਲਈ ਇਕ ਵਿਅਕਤੀ ਇਕ ਅਹੁਦਾ ਦਾ ਸਿਧਾਂਤ

ਲਾਗੂ ਕਰਨ ਦੀ ਵੀ ਪ੍ਰਵਾਨਗੀ ਦਿੰਦਾ ਹੈ।

ਉਪਰੰਤ ਮੁੱਖ ਸਕੱਤਰ ਜੀ ਵੱਲੋਂ ਬਜਟ ਪੇਸ਼ ਕਰਨ ਲਈ ਜਨਰਲ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਬੇਨਤੀ ਕੀਤੀ ਗਈ:-

ਭਾਈ ਸ਼ੇਰ ਸਿੰਘ ਜੀ ਮੰਡ, ਜਨਰਲ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਸਤਿਕਾਰਯੋਗ ਸਿੰਘ ਸਾਹਿਬਾਨ ਅਤੇ ਮੈਂਬਰ ਸਾਹਿਬਾਨ ਨੂੰ ਗੁਰ ਫਤਹਿ ਬੁਲਾ ਕੇ ਹੇਠ ਲਿਖੇ ਅਨੁਸਾਰ ਹਾਊਸ ਵਿੱਚ ਬਜਟ ਸਪੀਚ ਪੜ੍ਹੀ ਗਈ:-

**ੴ ਸਤਿਗੁਰ ਪ੍ਰਸਾਦਿ॥**

ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਪਵਿੱਤਰ ਹਜ਼ੂਰੀ ਵਿੱਚ ਸੁਸ਼ੋਭਿਤ ਸਿੰਘ ਸਾਹਿਬਾਨ ਜੀ, ਸਿੱਖ ਪੰਥ ਦੀ ਵਾਹਦ ਨੁਮਾਇੰਦਾ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਾਹਿਬ, ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਜੀਓ

**ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਹ॥**

ਸਿੱਖ ਪੰਥ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਬੁਨਿਆਦ ਸਿੱਖਾਂ ਦੀਆਂ ਸ਼ਹਾਦਤਾਂ 'ਤੇ ਰੱਖੀ ਗਈ ਹੈ। ਅੰਗਰੇਜ਼ ਸਾਮਰਾਜ ਦੇ ਵਿਰੁੱਧ ਇਕ ਲੰਮੇ ਸੰਘਰਸ਼ ਤੋਂ ਬਾਅਦ ਇਸ ਇਤਿਹਾਸਕ ਸੰਸਥਾ ਦੀ ਸਥਾਪਨਾ ਹੋਈ ਸੀ। ਇਸ ਮਹਾਨ ਸੰਸਥਾ ਦੀ ਅਗਵਾਈ ਸਿੱਖ ਪੰਥ ਦੀਆਂ ਬਹੁਤ ਹੀ ਉੱਚ ਕੋਟੀ ਦੀਆਂ ਸ਼ਖ਼ਸੀਅਤਾਂ ਨੇ ਕੀਤੀ ਹੈ। ਅੱਜ ਇਸ ਸੰਸਥਾ ਦੇ ਪ੍ਰਧਾਨ ਨੇਕ, ਇਮਾਨਦਾਰ ਅਤੇ ਪੰਥ ਪ੍ਰਸਤ ਐਡਵੋਕੇਟ ਹਰਜਿੰਦਰ ਸਿੰਘ ਜੀ ਧਾਮੀ ਹਨ। ਇਹ ਮਹਾਨ ਸੰਸਥਾ ਇੱਕ ਸੌ ਸਾਲ ਤੋਂ ਵੱਧ ਸਮੇਂ ਦਾ ਪੈਂਡਾ ਤਹਿ ਕਰ ਚੁੱਕੀ ਹੈ। ਇਸ ਲੰਮੇ ਸਮੇਂ ਦੌਰਾਨ ਸੰਸਥਾ ਨੇ ਉਤਰਾਅ ਚੜ੍ਹਾਅ ਵਿਚੋਂ ਲੰਘਦਿਆਂ ੧੯੮੪ ਦਾ ਤਸ਼ੱਦਦ ਵੀ ਆਪਣੇ ਪਿੰਡੇ 'ਤੇ ਹੰਢਾਇਆ ਹੈ।ਸਮੇਂ ਸਮੇਂ ਸਰਕਾਰਾਂ ਨੇ ਕੋਝੀਆਂ ਚਾਲਾਂ ਨਾਲ ਇਸ ਮਹਾਨ ਸੰਸਥਾ ਨੂੰ ਕਮਜ਼ੋਰ ਕਰਨ ਦੀਆਂ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਹਨ ਜੋ ਅੱਜ ਵੀ ਜਾਰੀ ਹਨ। ਸਾਡੇ ਕੁਝ ਭੋਲੇ ਵੀਰ ਪੰਥ ਵਿਰੋਧੀਆਂ ਦੇ ਝਾਂਸੇ ਵਿੱਚ ਆ ਕੇ ਇਸ ਸੰਸਥਾ ਦੇ ਖਿਲਾਫ ਕੋਝੀਆਂ ਅਤੇ ਅਰਥਹੀਣ ਟਿੱਪਣੀਆਂ ਕਰਕੇ ਇਸ ਸੰਸਥਾ ਨੂੰ ਨੀਵਾਂ ਵਿਖਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਪ੍ਰੰਤੂ ਪੰਥ ਦੀ ਇਹ ਸੰਸਥਾ ਅਕਾਲ ਪੁਰਖ ਦੀ ਮੇਹਰ ਸਦਕਾ ਬੁਲੰਦੀਆਂ ਨੂੰ ਛੂਹ ਰਹੀ ਹੈ। ਇਸ ਸੰਸਥਾ ਦੇ ਪ੍ਰਬੰਧ ਵਿੱਚ ਹੋਰ ਨਿਖਾਰ ਲਿਆਉਣ ਲਈ ਧਾਰਮਿਕ, ਸਮਾਜਿਕ ਅਤੇ ਵਿਦਵਾਨ ਸ਼ਖ਼ਸੀਅਤਾਂ ਦੇ ਸਹਿਯੋਗ ਤੋਂ ਇਲਾਵਾ ਸਮੁੱਚੀਆਂ ਜਥੇਬੰਦੀਆਂ, ਸੰਪਰਦਾਵਾਂ, ਨਿਹੰਗ ਸਿੰਘ ਅਤੇ ਸਿੱਖ ਸੰਸਥਾਵਾਂ ਦਾ ਸਹਿਯੋਗ ਵੀ ਲਿਆ ਜਾ ਰਿਹਾ ਹੈ।

ਮੈਂ ਸਭ ਤੋਂ ਪਹਿਲਾਂ ਅਕਾਲ ਪੁਰਖ ਦਾ ਸ਼ੁਕਰਾਨਾ ਕਰਦਾ ਹਾਂ ਜਿਨ੍ਹਾਂ ਨੇ ਦਾਸ ਉੱਤੇ ਅਪਾਰ ਕਿਰਪਾ ਕਰ ਕੇ ਸਿੱਖ ਪੰਥ ਦੀ ਅਜ਼ੀਮ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਾਲ ੨੦੨੫-੨੦੨੬ ਦਾ ਸਾਲਾਨਾ ਬਜਟ ਪੇਸ਼ ਕਰਨ ਦਾ ਸੁਭਾਗ ਬਖ਼ਸ਼ਿਆ ਹੈ।

ਸਿੱਖ ਵਿਰੋਧੀ ਲੋਕ ਸਿੱਖ ਸੰਗਤ ਨੂੰ ਗੁੰਮਰਾਹ ਕਰਨ ਲਈ ਅਕਸਰ ਇਹ ਪ੍ਰਚਾਰ ਕਰਦੇ ਹਨ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਬਜਟ ਪੰਜਾਬ ਸਰਕਾਰ ਦੇ ਬਜਟ ਨਾਲੋਂ ਵੀ ਵੱਡਾ ਹੈ ਪ੍ਰੰਤੂ ਸਚਾਈ ਇਹ ਹੈ ਕਿ ਇਹ ਪੰਜਾਬ ਦੇ ਵੱਡੇ ਸ਼ਹਿਰ ਦੀ ਨਗਰ ਨਿਗਮ ਦੇ ਬਜਟ ਤੋਂ ਵੀ ਘੱਟ ਹੈ। ਪੰਜਾਬ ਸਰਕਾਰ ਦੇ ਬਜਟ ਦੇ ਮੁਕਾਬਲੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਬਜਟ ਇੱਕ (੦੧%) ਫੀਸਦੀ ਤੋਂ ਵੀ ਘੱਟ ਬਣਦਾ ਹੈ।

ਬਜਟ ਦੇ ਅੰਕੜੇ ਪੇਸ਼ ਕਰਨ ਤੋਂ ਪਹਿਲਾਂ ਮੈਂ ਸਮੁੱਚੇ ਹਾਊਸ ਨੂੰ ਇੱਕ ਵਾਰ ਇਹ ਯਾਦ ਕਰਾਉਣਾ ਚਾਹੁੰਦਾ ਹਾਂ ਕਿ ਤੁਸੀਂ ਉਸ ਮਹਾਨ ਸਿੱਖ ਸੰਸਥਾ ਦੇ ਮੈਂਬਰ ਹੋ ਜਿਸ ਦੀ ਸਥਾਪਨਾ ਤਕਰੀਬਨ ਇੱਕ

ਸਦੀ ਪਹਿਲਾਂ 'ਸਿੱਖੀ ਦੇ ਪ੍ਰਚਾਰ-ਪ੍ਰਸਾਰ' ਅਤੇ 'ਸਿੱਖ ਗੁਰਦੁਆਰਾ ਸਾਹਿਬਾਨ ਦੀ ਸੇਵਾ ਸੰਭਾਲ' ਲਈ ਹੋਈ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ 'ਸਿੱਖੀ ਦੇ ਪ੍ਰਚਾਰ-ਪ੍ਰਸਾਰ' ਅਤੇ 'ਸਿੱਖ ਗੁਰਦੁਆਰਾ ਸਾਹਿਬਾਨ ਦੀ ਸੇਵਾ ਸੰਭਾਲ' ਦੀਆਂ ਆਪਣੀਆਂ ਮੁੱਢਲੀਆਂ ਜ਼ਿੰਮੇਵਾਰੀਆਂ ਦੇ ਨਾਲ-ਨਾਲ ਸਿੱਖ ਪੰਥ ਦੇ ਸਿਆਸੀ ਅਤੇ ਸਮਾਜਕ ਸਰੋਕਾਰਾਂ ਉੱਤੇ ਵੀ ਪਹਿਰਾ ਦਿੰਦੀ ਆ ਰਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖਾਂ ਦੀ ਅੱਡਰੀ ਪਛਾਣ ਨੂੰ ਹੋਰ ਗੂੜ੍ਹੀ ਕਰਨ, ਅਜ਼ਾਦ ਹੋਂਦ-ਹਸਤੀ ਨੂੰ ਸੰਸਾਰ ਭਰ ਵਿੱਚ ਪ੍ਰਗਟ ਕਰਨ ਅਤੇ ਬਰਕਰਾਰ ਰੱਖਣ ਲਈ ਪਿਛਲੇ ਸਮੇਂ ਵਿੱਚ ਆਪਣਾ ਰੋਲ ਬਾਖ਼ੂਬੀ ਨਿਭਾਇਆ ਹੈ।

ਮੇਰਾ ਇੱਥੇ ਇਹ ਜ਼ਿਕਰ ਕਰਨ ਦਾ ਮਕਸਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਰ ਮੈਂਬਰ ਨੂੰ ਇਹ ਅਹਿਸਾਸ ਕਰਾਉਣਾ ਹੈ ਕਿ ਉਸ ਦੀ ਪਹਿਲੀ ਜ਼ਿੰਮੇਵਾਰੀ ਇਹ ਬਣਦੀ ਹੈ ਕਿ ਉਹ ਸਿੱਖ ਜਗਤ ਦੀ ਇਸ ਸਿਰਮੌਰ ਸੰਸਥਾ ਦੀ ਅਜ਼ਾਦ ਅਤੇ ਅੱਡਰੀ ਹਸਤੀ ਬਰਕਰਾਰ ਰੱਖਣ ਲਈ ਹਮੇਸ਼ਾ ਤਤਪਰ ਰਹੇ। ਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਖ਼ੁਦ ਸਮਰੱਥ ਅਤੇ ਅਜ਼ਾਦ ਹੋਵੇਗੀ ਤਾਂ ਹੀ ਸਿੱਖਾਂ ਦੀ ਅੱਡਰੀ ਪਛਾਣ ਅਤੇ ਅਜ਼ਾਦ ਹੋਂਦ ਉੱਤੇ ਪਹਿਰਾ ਦੇ ਸਕੇਗੀ।

ਸਤਿਕਾਰਯੋਗ ਮੈਂਬਰ ਸਾਹਿਬਾਨ ਜੀਓ, ਬਜਟ ਕੇਵਲ ਅੰਕੜਿਆਂ ਦੀ ਪੇਸ਼ਕਾਰੀ ਹੀ ਨਹੀਂ ਹੁੰਦਾ ਬਲਕਿ ਇਹ ਸੰਸਥਾ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਦਾ ਮਹੱਤਵਪੂਰਨ ਦਸਤਾਵੇਜ਼ ਹੁੰਦਾ ਹੈ। ਇਸ ਦਸਤਾਵੇਜ਼ ਤੋਂ ਇਹ ਤਾਂ ਪਤਾ ਲੱਗਦਾ ਹੀ ਹੈ ਕਿ ਸੰਸਥਾ ਦੀ ਮਾਇਕ ਹਾਲਤ ਕਿਹੋ ਜਿਹੀ ਹੈ, ਭਵਿੱਖਮੁਖੀ ਦ੍ਰਿਸ਼ਟੀ (Futuristic Vision) ਕੀ ਹੋਵੇਗੀ, ਅਤੇ ਸੰਸਥਾ ਦੇ ਪ੍ਰਬੰਧਕ ਉਸ ਨੂੰ ਆਉਣ ਵਾਲੇ ਸਮੇਂ ਵਿੱਚ ਕਿਸ ਦਿਸ਼ਾ ਵੱਲ ਤੋਰਨਾ ਚਾਹੁੰਦੇ ਹਨ। ਬਜਟ ਇਹ ਵੀ ਦਰਸਾਉਂਦਾ ਹੈ ਕਿ ਸੰਸਥਾ ਅਗਲੇ ਵਰ੍ਹੇ ਵਿੱਚ ਕਿਹੜੇ-ਕਿਹੜੇ ਕਾਰਜਾਂ ਉੱਤੇ ਜ਼ੋਰ ਦੇਣਾ ਚਾਹੁੰਦੀ ਹੈ।

ਸਾਲ ੨੦੨੫-੨੦੨੬ ਦੇ ਬਜਟ ਵਿੱਚ ਵੱਧ ਤੋਂ ਵੱਧ ਪੈਸਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਢਲੇ ਕਾਰਜਾਂ, ਧਰਮ ਪ੍ਰਚਾਰ ਅਤੇ ਗੁਰਦੁਆਰਾ ਸਾਹਿਬਾਨ ਦੀ ਸੁਚੱਜੀ ਸੇਵਾ ਸੰਭਾਲ ਲਈ ਰੱਖਣ ਦੀ ਕੋਸ਼ਿਸ਼ ਕੀਤੀ ਗਈ ਹੈ। ਬਜਟ ਵਿੱਚ ਆਪਣੀ ਸਹੂਲਤ ਲਈ ਵਰਤਿਆ ਜਾਣ ਵਾਲਾ ਸ਼ਬਦ "ਆਮਦਨ" ਦਾ ਮੁੱਖ ਸ੍ਰੋਤ ਸੰਗਤ ਵੱਲੋਂ ਗੁਰੂ ਕੀ ਗੋਲਕ ਵਿੱਚ ਪਾਈ ਜਾਣ ਵਾਲੀ ਮਾਇਆ ਹੈ। ਜੋ ਅਸਲ ਵਿੱਚ ਸਾਡੇ ਕੋਲ ਗੁਰੂ ਦੀ ਅਮਾਨਤ ਹੈ ਜਿਸ ਨੂੰ ਗੁਰੂ ਆਸ਼ਿਆਂ ਉੱਤੇ ਹੀ ਖ਼ਰਚਿਆ ਜਾਣਾ ਚਾਹੀਦਾ ਹੈ। ਇਸ ਲਈ ਕੋਸ਼ਿਸ਼ ਕੀਤੀ ਗਈ ਹੈ ਕਿ ਪ੍ਰਬੰਧਕੀ ਅਤੇ ਬੇਲੋੜੇ ਖ਼ਰਚਿਆਂ ਨੂੰ ਘਟਾਇਆ ਜਾਵੇ।ਸਾਨੂੰ ਸਾਰੇ ਅਹੁਦੇਦਾਰਾਂ ਅਤੇ ਮੁਲਾਜ਼ਮਾਂ ਨੂੰ ਇਹ ਅਹਿਸਾਸ ਹੋਣਾ ਚਾਹੀਦਾ ਹੈ ਕਿ ਸਿੱਖ ਪੰਥ ਨੇ ਸਾਨੂੰ ਆਪਣੇ ਜਾਨ ਤੋਂ ਵੀ ਪਿਆਰੇ ਗੁਰਧਾਮਾਂ ਦੀ ਸੇਵਾ ਸੌਂਪੀ ਹੈ, ਨਾ ਕਿ ਚੌਧਰ। ਇਸ ਸੇਵਾ ਨਾਲ ਸਾਡੇ ਅੰਦਰ ਹੱਥੀਂ ਸੇਵਾ ਕਰਨ ਦਾ ਠੰਡਾ ਪਿਆ ਹੋਇਆ ਜਜ਼ਬਾ ਪ੍ਰਚੰਡ ਹੋਵੇਗਾ। ਜੇ ਸੇਵਾ ਦਾ ਜਜ਼ਬਾ ਪ੍ਰਚੰਡ ਹੋ ਗਿਆ ਤਾਂ ਪ੍ਰਬੰਧਕੀ ਖ਼ਰਚੇ ਵੀ ਘਟਣਗੇ ਅਤੇ ਸੇਵਾ-ਸੰਭਾਲ ਦਾ ਪੱਧਰ ਵੀ ਉੱਚਾ ਹੋਵੇਗਾ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਜਿਥੇ ਇਤਿਹਾਸਕ ਗੁਰਧਾਮਾਂ, ਤਖ਼ਤ ਸਾਹਿਬਾਨਾਂ ਦੀ ਸੇਵਾ ਸੰਭਾਲ ਦਾ ਪ੍ਰਬੰਧ ਦੇਖਦੀ ਹੈ, ਉਥੇ ਹੀ ਧਰਮ ਪ੍ਰਚਾਰ, ਸਿੱਖਿਆ ਅਤੇ ਸਮਾਜ ਭਲਾਈ ਦੇ ਕੰਮਾਂ ਵਿਚ ਵੀ ਅਹਿਮ ਯੋਗਦਾਨ ਪਾ ਰਹੀ ਹੈ। ਇਹ ਸੰਸਥਾ ਸਿੱਖ ਪੰਥ ਦੀਆਂ ਉਮੀਦਾਂ ਅਨੁਸਾਰ ਸਦਾ ਕਾਰਜਸ਼ੀਲ ਰਹਿੰਦੀ ਹੈ।

ਸਮਾਜ ਨੂੰ ਵਿਦਿਆ ਦੇਣ ਦੀ ਜ਼ਿੰਮੇਵਾਰੀ ਭਾਵੇਂ ਸਰਕਾਰ ਦੀ ਹੁੰਦੀ ਹੈ। ਅਜੋਕੇ ਸਮੇਂ ਸਰਕਾਰਾਂ ਇਸ ਜਿੰਮੇਵਾਰੀ ਨੂੰ ਨਿਭਾਉਣ ਵਿੱਚ ਅਸਫਲ ਹੋਈਆਂ ਹਨ। ਸਮਾਜ 'ਚ ਵਿਦਿਆ ਦੀ ਕਮੀ ਨੂੰ ਪੂਰਾ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਸੀਮਤ ਸਾਧਨਾਂ ਨਾਲ ਇਸ ਘਾਟ ਨੂੰ ਪੂਰਾ

ਕਰਨ ਲਈ ਯੋਗਦਾਨ ਪਾ ਰਹੀ ਹੈ। ਇਸ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਗੁਰੂ ਰਾਮਦਾਸ ਮੈਡੀਕਲ ਸਾਇੰਸ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਸਾਹਿਬ, ਮੀਰੀ ਪੀਰੀ ਮੈਡੀਕਲ ਸਾਇੰਸ ਐਂਡ ਰੀਸਰਚ ਸ਼ਾਹਬਾਦ ਮਾਰਕੰਡਾ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ, ਇਹਨਾਂ ਤੋਂ ਇਲਾਵਾ ਆਰਟਸ, ਸਾਇੰਸ, ਕਾਮਰਸ, ਇੰਜੀਨੀਅਰਿੰਗ ਅਤੇ ਪੋਲੀਟੈਕਨਿਕ ਉਚੇਰੀ ਸਿਖਿਆ ਦੀਆਂ ੩੧ ਵਿਦਿਅਕ ਸੰਸਥਾਵਾਂ ਅਤੇ ਪ੍ਰਾਇਮਰੀ ਤੇ ਸੈਕੰਡਰੀ ਵਿਦਿਆ ਦੀਆਂ ੪੭ ਸੰਸਥਾਵਾਂ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਮਹਾਂਰਾਸ਼ਟਰ ਪ੍ਰਾਂਤਾਂ ਵਿਚ ਚਲ ਰਹੀਆਂ ਹਨ। ਵਿੱਦਿਅਕ ਅਦਾਰਿਆਂ ਵਿੱਚ ਸਹਾਇਤਾ ਪ੍ਰਾਪਤ ਪੋਸਟਾਂ ਤੋਂ ਰਿਟਾਇਰ ਹੋ ਗਏ ਅਧਿਆਪਕਾਂ ਦੀਆਂ ਅਸਾਮੀਆਂ ਸਰਕਾਰ ਵਲੋਂ ਭਰੀਆਂ ਨਹੀਂ ਜਾ ਰਹੀਆਂ। ਏਡਿਡ ਪੋਸਟਾਂ ਪੁਰ ਰੱਖੇ ਗਏ ਅਧਿਆਪਕਾਂ ਦੀ ਸਰਕਾਰ ਵਲੋਂ ਮਨਜ਼ੂਰੀ ਨਾ ਮਿਲਣ ਕਰਕੇ ਏਡਿਡ ਪੋਸਟਾਂ ਵਾਲੇ ਅਧਿਆਪਕਾਂ ਨੂੰ ਵੀ ਸ਼੍ਰੋਮਣੀ ਕਮੇਟੀ ਵੱਲੋਂ ਆਪ ਤਨਖਾਹਾਂ ਦਿੱਤੀਆਂ ਜਾ ਰਹੀਆਂ ਹਨ।

ਮੈਨੂੰ ਇਹ ਦੱਸਦਿਆਂ ਖੁਸ਼ੀ ਅਤੇ ਮਾਨ ਮਹਿਸੂਸ ਹੋ ਰਿਹਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਦਿਅਕ ਅਦਾਰੇ ਜੋ ਬੀਤੇ ਸਮੇਂ ਘਾਟੇ ਅੰਦਰ ਚੱਲ ਰਹੇ ਸਨ, ਉਹ ਹੁਣ ਆਤਮ ਨਿਰਭਰਤਾ ਵੱਲ ਵੱਧ ਰਹੇ ਹਨ। ਹਰ ਸਾਲ ਵਿਦਿਆਰਥੀਆਂ ਦੇ ਦਾਖਲਿਆਂ ਵਿੱਚ ਵਾਧਾ ਹੋ ਰਿਹਾ ਹੈ। ਅੱਜ ਸਾਰੇ ਵਿਦਿਅਕ ਅਦਾਰਿਆਂ ਦੀਆਂ ਤਨਖਾਹਾਂ ਨਾਲ ਦੀ ਨਾਲ ਅਦਾ ਕੀਤੀਆਂ ਜਾ ਰਹੀਆਂ ਹਨ। ਹਰ ਪ੍ਰਕਾਰ ਦੀਆਂ ਪੈਡਿੰਗ ਪਈਆਂ ਦੇਣਦਾਰੀਆਂ ਖਤਮ ਕੀਤੀਆਂ ਜਾ ਚੁੱਕੀਆਂ ਹਨ। ਸਾਰੀਆਂ ਦੇਣਦਾਰੀਆਂ ਅਦਾ ਕਰਨ ਤੋਂ ਬਾਅਦ ਵਿਦਿਅਕ ਅਦਾਰਿਆਂ ਦੀਆਂ ਇਮਾਰਤਾਂ ਨੂੰ ਰੰਗ ਰੋਗਨ ਵੀ ਕਰਵਾਇਆਂ ਜਾ ਰਿਹਾ ਹੈ ਅਤੇ ਨਵਾਂ ਇਨਫਰਾਸਟ੍ਰਕਚਰ ਵੀ ਬਣਵਾਇਆ ਜਾ ਰਿਹਾ ਹੈ। ਪ੍ਰਾਇਮਰੀ ਅਤੇ ਪਬਲਿਕ ਸਕੂਲਾਂ ਦੇ ਛੋਟੇ ਬੱਚਿਆਂ ਲਈ ਨਵੇਂ ਪਲੇਅ ਸਟੇਸ਼ਨ ਵੀ ਲਗਵਾਏ ਗਏ ਹਨ। ਸਾਲ ੨੦੨੫-੨੦੨੬ ਵਿੱਚ ਵਿਦਿਅਕ ਅਦਾਰਿਆਂ ਦੀਆਂ ਇਮਾਰਤਾਂ ਨੂੰ ਖੂਬਸੂਰਤ ਬਨਾਉਣ ਅਤੇ ਨਵਾਂ ਇਨਫਰਾਸਟ੍ਰਕਚਰ ਤਿਆਰ ਕੀਤਾ ਜਾ ਰਿਹਾ ਹੈ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵਿਦਿਅਕ ਸੰਸਥਾਵਾਂ ਨੂੰ ਬੁਲੰਦੀਆਂ ਵੱਲ ਲਿਜਾਣ ਲਈ ਸਮਾਜ ਸੇਵੀ ਸੰਸਥਾਵਾਂ ਪਾਸੋਂ ਸਹਿਯੋਗ ਲੈਣ ਲਈ ਸੰਪਰਕ ਕੀਤਾ ਜਾ ਰਿਹਾ ਹੈ।

ਬੀਤੇ ਵਰ੍ਹੇ ਵਿਦਿਅਕ ਅਦਾਰਿਆਂ ਦੇ ਇੰਨਫਰਾਸਟ੍ਰਕਚਰ ਲਈ ਐਚ. ਡੀ. ਐਫ. ਸੀ. ਬੈਂਕ ਦੀ ਮਦਦ ਨਾਲ ਸਕੂਲਾਂ, ਕਾਲਜਾਂ ਅੰਦਰ ਸੈਂਕੜੇ ਕੰਪਿਊਟਰ, ੨੧ ਹਾਈਟੈਕ ਸਾਊਂਡਪਰੂਫ ਆਈ. ਸੀ. ਟੀ. ਲੈਬ, ੮੦ ਹਾਈਟੈਕ ਸਮਾਰਟ ਕਲਾਸ ਰੂਮ ਤਿਆਰ ਕਰਵਾਏ ਗਏ ਹਨ। ਵਿਦਿਆਰਥੀਆਂ ਦੀ ਸਹੂਲਤ ਲਈ ੪੬ ਸੀਟਾਂ ਵਾਲੀਆਂ ੦੩ ਏ. ਸੀ. ਬੱਸਾਂ, ੪੨ ਸੀਟਾਂ ਵਾਲੀਆਂ ੦੨ ਏ. ਸੀ. ਬੱਸਾਂ, ਅਤੇ ੦੩ ਮੈਜਿਕ ਸਕੂਲ ਵੈਨ ਦਿੱਤੀਆਂ ਜਾ ਚੁੱਕੀਆਂ ਹਨ ਅਤੇ ੦੬ ਹੋਰ ਜਲਦੀ ਹੀ ਦਿੱਤੀਆਂ ਜਾਣਗੀਆਂ। ਇਸ ਤੋਂ ਵਿਲਾਵਾ ੧੦ ਕਿਲੋ ਵਾਟ ਦੇ ੦੪ ਸੋਲਰ ਪੈਨਲ ਵੀ ਬੈਂਕ ਵਲੋਂ ਲਗਵਾਕੇ ਦਿੱਤੇ ਗਏ ਹਨ।ਇਸ ਤੋਂ ਇਲਾਵਾ ਪੰਜਾਬ ਐਂਡ ਸਿੰਧ ਬੈਂਕ, ਫੈਡਰਲ ਬੈਂਕ, ਵੱਲੋਂ ਵੀ ਨਵੇਂ ਸਮਾਰਟ ਕਲਾਸ ਰੂਮ ਬਣਵਾ ਕੇ ਦਿੱਤੇ ਗਏ ਹਨ। ਯੈਸ ਬੈਂਕ ਵੱਲੋਂ ਵੀ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਲਈ ਸਮਾਰਟ ਐਲ.ਈ.ਡੀ. ਅਤੇ ਇੰਡੀਅਨ ਬੈਂਕ ਵੱਲੋਂ ਪੰਜ ਕੰਪਿਊਟਰ ਸੈਟ ਵੀ ਦਿੱਤੇ ਗਏ ਹਨ ਅਤੇ ਪੰਦਰਾਂ ਹੋਰ ਜਲਦੀ ਦਿੱਤੇ ਜਾ ਰਹੇ ਹਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵਿਦਿਅਕ ਸੰਸਥਾਵਾਂ ਵਿੱਚੋਂ ਵਿਦਿਆ ਪ੍ਰਾਪਤ ਕਰਕੇ ਡਿਗਰੀਆਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਮਲਟੀ ਨੈਸ਼ਨਲ ਕੰਪਨੀਆਂ ਵਿੱਚ ਨੌਕਰੀਆਂ ਦਿਵਾਉਣ ਲਈ ਮਾਹਿਰ ਸਖਸ਼ੀਅਤਾਂ ਰਾਹੀਂ ਵਿਦਿਆਰਥੀਆਂ ਨੂੰ ਇੰਟਰਵਿਊ ਦੀ ਤਿਆਰੀ ਕਰਵਾਈ ਗਈ ਅਤੇ ਤਿੰਨ ਸੌ ਤੋਂ ਵੱਧ ਵਿਦਿਆਂਰਥੀਆਂ ਨੂੰ ਰੋਜਗਾਰ ਦਿਵਾਉਣ ਵਿੱਚ ਸਫਲਤਾ ਹਾਸਲ ਕੀਤੀ।ਅਧਿਆਪਕਾਂ ਦੇ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਕਰਵਾਏ ਗਏ ਹਨ ਇਸ ਵਿੱਚ ਵਿਦਿਆਰਥੀਆਂ ਨੂੰ ਸਵੈ-ਰੁਜਗਾਰ

ਲਈ ਤਿਆਰ ਕਰਵਾਉਣ ਦੀ ਟਰੇਨਿੰਗ ਦਵਾਈ ਗਈ ਹੈ।

ਵਿਦਿਆਰਥੀਆਂ ਦੇ ਸੰਚਾਰ ਹੁਨਰ ਵਿਕਾਸ (Communication Skill Development) ਲਈ ਸਪੈਸ਼ਲ ਕੰਪਨੀਆਂ ਦੇ ਮਾਹਿਰਾਂ ਤੋਂ ਫਰੀ ਕਲਾਸਾਂ ਲਗਵਾਈਆਂ ਗਈਆਂ ਹਨ।

ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਦੀ ਖੇਡ ਰੁਚੀ ਨੂੰ ਵਧਾਉਣ ਲਈ ਸਪੋਰਟਸ ਪਾਲਸੀ ਦਾ ਵਿਸਥਾਰ ਕੀਤਾ ਗਿਆ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵਿਦਿਅਕ ਸੰਸਥਾਵਾਂ ਵਿੱਚ ਦਾਖਲਾ ਵਧਾਉਣ ਲਈ ਅਤੇ ਇਲਾਕੇ ਨਾਲ ਜੁੜਨ ਲਈ ਦਾਖਲਾ ਨੀਤੀ ਬਣਾਈ ਗਈ ਹੈ।ਇਸ ਵਿੱਚ ਸਰਪੰਚ ਸਾਹਿਬਾਨ, ਗੁਰਦੁਆਰਾ ਸਾਹਿਬਾਨ ਦੇ ਮੈਨੇਜਰ ਸਾਹਿਬ, ਪ੍ਰਚਾਰਕ ਸਾਹਿਬਾਨ ਅਤੇ ਮੋਹਤਬਰ ਪਤਵੰਤੇ ਸੱਜਣਾਂ ਨੂੰ ਇਸ ਨੀਤੀ ਅਧੀਨ ਸੰਸਥਾ ਨਾਲ ਜੋੜਿਆ ਗਿਆ ਹੈ।ਇਸ ਨੀਤੀ ਨਾਲ ਵਿਦਿਆਰਥੀਆਂ ਦੇ ਦਾਖਲੇ ਕਰਵਾਉਣ ਸਮੇਂ ਕੀਤੀ ਸ਼ਿਫਾਰਸ਼ ਦੇ ਅਧਾਰਪੁਰ ਫੀਸ ਵਿੱਚ ਵਿਸ਼ੇਸ਼ ਛੋਟ ਦਿੱਤੀ ਜਾਂਦੀ ਹੈ ਇਸ ਤਰਾਂ ਵਿਦਿਆਰਥੀਆਂ ਦੇ ਦਾਖਲਿਆਂ ਵਿੱਚ ਵਾਧਾ ਹੋਇਆ ਹੈ। ਇਸ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖੀ ਦੇ ਪ੍ਰਚਾਰ ਵਿੱਚ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ।

ਕੁਝ ਕੁ ਵਿਦਿਅਕ ਅਦਾਰੇ ਜੋ ਅਜੇ ਤੱਕ ਆਤਮ ਨਿਰਭਰ ਨਹੀਂ ਹੋ ਸਕੇ ਉਨ੍ਹਾਂ ਨੂੰ ਭਵਿਖ ਵਿੱਚ ਆਤਮ ਨਿਰਭਰ ਬਣਾਉਣ ਲਈ ਸਤਿਕਾਰਯੋਗ ਮੈਂਬਰ ਸਹਿਬਾਨ ਦੇ ਭਰਪੂਰ ਸਹਿਯੋਗ ਦੀ ਜਰੂਰਤ ਹੈ। ਜੇ ਸਾਰੇ ਵਿੱਦਿਅਕ ਅਦਾਰੇ ਆਤਮ ਨਿਰਭਰ ਹੋ ਜਾਂਦੇ ਹਨ ਤਾਂ ਧਰਮ ਪ੍ਰਚਾਰ ਦੇ ਕਾਰਜਾਂ ਨੂੰ ਹੋਰ ਕੁਸ਼ਲਤਾ ਨਾਲ ਚਲਾਇਆ ਜਾ ਸਕਦਾ ਹੈ।

ਗੁਰੂ ਸਾਹਿਬਾਨ ਦੇ ਪ੍ਰਕਾਸ਼ ਗੁਰਪੁਰਬਾਂ ਨੂੰ ਸਮਰਪਿਤ ਧਰਮ ਪ੍ਰਚਾਰ ਲਹਿਰ, ਗੁਰਮਤਿ ਕੈਂਪ, ਸਿਕਲੀਗਰ ਤੇ ਵਣਜਾਰੇ ਸਿੱਖਾਂ ਦੀ ਮਦਦ, ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਵਜੀਫੇ, ਗੁਰਸਿੱਖ ਖਿਡਾਰੀਆਂ ਦੇ ਮੁਕਾਬਲਿਆਂ ਦੀਆਂ ਪ੍ਰਤੀਯੋਗਤਾਵਾਂ ਤੇ ਵੱਖ-ਵੱਖ ਵਿੱਦਿਅਕ ਬੋਰਡਾਂ ਦੇ ਇਮਤਿਹਾਨਾਂ ਵਿੱਚੋਂ ਵਿਸ਼ੇਸ਼ ਸਥਾਨ ਗ੍ਰਹਿਣ ਕਰਨ ਵਾਲੇ ਗੁਰਸਿੱਖ ਨੌਜਵਾਨਾਂ ਅਤੇ ਬੀਬੀਆਂ ਨੂੰ ਵਿਸ਼ੇਸ਼ ਸਨਮਾਨ ਦਿੱਤੇ ਜਾਂਦੇ ਹਨ। ਇਹ ਸਾਰੇ ਕਾਰਜ ਧਰਮ ਪ੍ਰਚਾਰ ਕਮੇਟੀ ਰਾਹੀਂ ਕੀਤੇ ਜਾਂਦੇ ਹਨ।

ਗੁਰੂ ਸਾਹਿਬਾਨ ਦੇ ਮਹਾਨ ਗੁਰਪੁਰਬਾਂ ਦੇ ਨਾਲ-ਨਾਲ ਮਹਾਨ ਗੁਰਸਿੱਖਾਂ, ਸ਼ਹੀਦ ਸਿੰਘਾਂ ਅਤੇ ਸ਼੍ਰੋਮਣੀ ਭਗਤ ਸਾਹਿਬਾਨ ਦੇ ਦਿਹਾੜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾ ਅਤੇ ਸਤਿਕਾਰ ਨਾਲ ਮਨਾਏ ਜਾਂਦੇ ਹਨ।ਇਸ ਸਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ੩੫੦ ਸਾਲਾ ਸ਼ਹੀਦੀ ਦਿਹਾੜਾ ੨੫ ਨਵੰਬਰ, ੨੦੨੫ ਨੂੰ ਆ ਰਿਹਾ ਹੈ। ਇਹ ਸ਼ਹੀਦੀ ਦਿਵਸ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਉਣ ਦਾ ਪ੍ਰੋਗਰਾਮ ਹੈ। ਇਸ ਦੇ ਨਾਲ ਸ਼ਹੀਦ ਭਾਈ ਮਤੀ ਦਾਸ ਜੀ, ਸ਼ਹੀਦ ਭਾਈ ਸਤੀ ਦਾਸ ਜੀ, ਸ਼ਹੀਦ ਭਾਈ ਦਿਆਲਾ ਜੀ ਦਾ ਸ਼ਹੀਦੀ ਦਿਹਾੜਾ ਅਤੇ ਪੰਥ ਦੇ ਬਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਗੁਰਿਆਈ ਦਿਵਸ ਵੀ ਮਨਾਉਣ ਦਾ ਪ੍ਰੋਗਰਾਮ ਹੈ। ਇਹ ਦਿਹਾੜੇ ਵੱਡੇ ਪੱਧਰ 'ਤੇ ਮਨਾਉਣ ਲਈ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਜਾਣਗੇ। ਇਨ੍ਹਾਂ ਦਿਹਾੜਿਆਂ ਨੂੰ ਸ਼ਤਾਬਦੀ ਦੇ ਰੂਪ ਵਿੱਚ ਮਨਾਉਣ ਦੀ ਤਜਵੀਜ਼ ਹੈ। ਇਸ ਸਬੰਧੀ ਰੂਪ-ਰੇਖਾ ਤਿਆਰ ਕੀਤੀ ਜਾ ਰਹੀ ਹੈ।ਇਸ ਕਾਰਜ ਲਈ ਇਸ ਸਾਲ ਦੇ ਬਜਟ ਵਿੱਚ ਪੰਜ ਕਰੋੜ ਰੁਪਏ ਰੱਖੇ ਗਏ ਹਨ।

ਇੱਥੇ ਮੈਂ ਇਹ ਜਾਣਕਾਰੀ ਸਾਂਝੀ ਕਰਦਿਆਂ ਮਾਨ ਅਤੇ ਖੁਸ਼ੀ ਮਹਿਸੂਸ ਕਰ ਰਿਹਾ ਹਾਂ ਕਿ ਮਾਣਯੋਗ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਜੀ ਧਾਮੀ ਦੀ ਯੋਗ ਅਗਵਾਈ ਵਿੱਚ ਸਿੱਖ ਸਿਧਾਂਤਾਂ ਅਨੁਸਾਰ ਪੰਥ ਅਤੇ ਪੰਜਾਬ ਪ੍ਰਸਤ ਵਿਦਵਾਨ ਬਨਾਉਣ ਦੇ ਮੱਕਸਦ ਨੂੰ ਪੂਰਾ ਕਰਨ ਵਾਸਤੇ ਗੁਰਸਿੱਖ ਬੱਚਿਆਂ ਨੂੰ ਪ੍ਰਸ਼ਾਸਨਿਕ ਖੇਤਰ ਵਿੱਚ ਅੱਗੇ ਲਿਆਉਣ ਲਈ ਧਰਮ ਪ੍ਰਚਾਰ ਕਮੇਟੀ ਰਾਹੀਂ ਯਤਨ ਕਰਦਿਆਂ 'ਨਿਸਚੈ ਪ੍ਰਸ਼ਾਸਕੀ

ਸੇਵਾਵਾਂ ਸਿਖਲਾਈ ਕੇਂਦਰ' ਪਿਛਲੇ ਸਾਲ ਸ਼ੁਰੂ ਕੀਤਾ ਗਿਆ ਸੀ। ਇਸ ਕੇਂਦਰ ਵਿੱਚ ਆਈ. ਏ. ਐਸ., ਆਈ. ਪੀ. ਐਸ., ਆਈ. ਐਫ. ਐਸ. ਅਤੇ ਪੀ. ਸੀ. ਐਸ. ਦੀ ਕੋਚਿੰਗ ਦਿੱਤੀ ਜਾ ਰਹੀ ਹੈ। ਇਸ ਦੇ ਪਹਿਲੇ ਬੈਚ ਦੀ ਅਰੰਭਤਾ ਪਿਛਲੇ ਸਾਲ ਹੀ ਹੋ ਗਈ ਸੀ। ਚੱਲ ਰਹੇ ਵਰ੍ਹੇ ੨੦੨੪-੨੦੨੫ ਵਿੱਚ ਪੀ. ਸੀ. ਐਸ., ਅਗਜ਼ੈਕਟਿਵ ਅਤੇ ਜੁਡੀਸ਼ੀਅਲ ਦੀ ਕੋਚਿੰਗ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਬਹਾਦਰਗੜ੍ਹ ਵਿਖੇ ਵੀ ਸ਼ੁਰੂ ਹੋ ਗਈ ਹੈ। ਕੋਚਿੰਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀਆਂ ਫੀਸਾਂ, ਰਿਹਾਇਸ਼ ਅਤੇ ਲੰਗਰ ਆਦਿ ਪੂਰ ਹੋਣ ਵਾਲਾ ਸਾਰਾ ਖਰਚ ਧਰਮ ਪ੍ਰਚਾਰ ਕਮੇਟੀ ਵੱਲੋਂ ਸਹਾਇਤਾ ਦੇ ਕੇ ਵਿਦਿਆ ਫੰਡ ਰਾਹੀਂ ਕੀਤਾ ਜਾ ਰਿਹਾ ਹੈ। ਇਸ ਸਾਲ ਦੇ ਬਜਟ ਵਿੱਚ ਇਸ ਕਾਰਜ ਲਈ ਦੋ ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ।

ਸਿੱਖ ਬੱਚੀਆਂ ਨੂੰ ਸਿੱਖ ਧਰਮ ਵੱਲ ਪ੍ਰੇਰਿਤ ਕਰਨ ਲਈ ਮਾਣਯੋਗ ਪ੍ਰਧਾਨ ਸਾਹਿਬ ਦੀ ਵਿਸ਼ੇਸ਼ ਦਿਲਚਸਪੀ ਰਹਿੰਦੀ ਹੈ। ਇਸੇ ਲਈ ਉਨ੍ਹਾਂ ਨੇ ਧਰਮ ਪ੍ਰਚਾਰ ਕਮੇਟੀ ਰਾਹੀਂ ਲੜਕੀਆਂ ਨੂੰ ਮੁਫਤ ਵਿੱਦਿਆ ਦੇਣ ਦੀ ਸ਼ੁਰੂਆਤ ਕੀਤੀ ਹੈ। ਇਸ ਕਾਰਜ ਲਈ ਮਾਤਾ ਸਾਹਿਬ ਕੌਰ ਗਰਲਜ਼ ਕਾਲਜ, ਤਲਵੰਡੀ ਸਾਬੋ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ, ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਚੋਣ ਕਰ ਕੇ ਲੜਕੀਆਂ ਨੂੰ ਮੁਫਤ ਵਿੱਦਿਆ ਦੇਣ ਦੀ ਅਰੰਭਤਾ ਕੀਤੀ ਜਾ ਚੁੱਕੀ ਹੈ। ਹੁਣ ਤੱਕ ਇਨ੍ਹਾਂ ਦੋਵਾਂ ਅਦਾਰਿਆਂ ਵਿੱਚ ੩੬੦ ਲੜਕੀਆਂ ਨੇ ਦਾਖਲਾ ਲੈ ਲਿਆ ਹੈ। ਇਨ੍ਹਾਂ ਦੀਆਂ ਫੀਸਾਂ, ਖੁਰਾਕ ਅਤੇ ਰਿਹਾਇਸ਼ ਆਦਿ ਦਾ ਸਾਰਾ ਖ਼ਰਚ ਧਰਮ ਪ੍ਰਚਾਰ ਕਮੇਟੀ ਵੱਲੋਂ ਕੀਤਾ ਜਾ ਰਿਹਾ ਹੈ।

ਕੌਮ ਦੀਆਂ ਧੀਆਂ ਨੂੰ ਮਾਈ ਭਾਗੋ ਦੀਆਂ ਵਾਰਿਸ ਬਨਾਉਣ ਦੀ ਦਿਸ਼ਾ ਵੱਲ ਕਦਮ ਵਧਾਉਦਿਆਂ ਹੋਇਆਂ ਨਿਵੇਕਲੀ ਪਹਿਲ ਕਰਦਿਆਂ ਵਿਦਿਆਰਥਣਾਂ ਦਾ "ਕੌਰ ਕੈਂਪ" ਲਗਾਇਆ ਗਿਆ ਹੈ।

ਗੂੰਗੇ ਅਤੇ ਬੋਲੇ ਬੱਚਿਆਂ ਨੂੰ ਗੁਰਮਤਿ ਦੀ ਵਿੱਦਿਆ ਦੇਣ ਲਈ ਧਰਮ ਪ੍ਰਚਾਰ ਕਮੇਟੀ ਰਾਹੀਂ ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ਵਿਖੇ ਭਾਈ ਨਗਾਹੀਆ ਸਿੰਘ ਜੀ ਖਾਲਸਾ ਪਬਲਿਕ ਸਕੂਲ ਫਾਰ ਡੈਫ ਖੋਲਿਆ ਹੋਇਆ ਹੈ। ਗੂੰਗੇ ਅਤੇ ਬੋਲੇ ਬੱਚਿਆਂ ਨੂੰ ਗੁਰਮਤਿ ਅਤੇ ਸਮਾਜਿਕ ਸਿਖਿਆ ਦੇਣ ਲਈ ਮਾਹਿਰ ਟੀਚਰ ਰੱਖੇ ਹੋਏ ਹਨ। ਇਸ ਸਕੂਲ ਵਿੱਚ ਗੂੰਗੇ ਤੇ ਬੋਲੇ ਬੱਚਿਆਂ ਨੂੰ ਗੁਰਮਤਿ ਗਿਆਨ ਦੇ ਨਾਲ-ਨਾਲ ਸਮਾਜ ਦੇ ਹਾਣੀ ਬਣਾਇਆ ਜਾ ਰਿਹਾ ਹੈ। ਇਸ ਸਮੇਂ ਇਸ ਸਕੂਲ ਵਿਖੇ ੧੧੦ ਗੂੰਗੇ ਤੇ ਬੋਲੇ ਬੱਚੇ ਸਿੱਖਿਆ ਪ੍ਰਾਪਤ ਕਰ ਰਹੇ ਹਨ। ਇਨ੍ਹਾਂ ਦੀ ਰਿਹਾਇਸ਼ ਅਤੇ ਲੰਗਰ ਆਦਿ ਦਾ ਸਾਰਾ ਖਰਚ ਧਰਮ ਪ੍ਰਚਾਰ ਕਮੇਟੀ ਵੱਲੋਂ ਕੀਤਾ ਜਾ ਹਿਰਾ ਹੈ।

ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਅਤੇ ਗੁਰਮਤਿ ਦਾ ਗਿਆਨ ਦੇਣ ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ਪੰਜਾਬ ਅਤੇ ਪੰਜਾਬ ਤੋਂ ਬਾਹਰ ਹੋਰ ਸੂਬਿਆਂ ਵਿੱਚ ਗੁਰਮਤਿ ਕਾਲਜ, ਮਿਸ਼ਨਰੀ ਕਾਲਜ ਅਤੇ ਗੁਰਮਤਿ ਸੰਗੀਤ ਵਿਦਿਆਲੇ ਖੋਲੇ ਗਏ ਹਨ।ਇੰਨ੍ਹਾਂ ਵਿਦਿਆਲਿਆਂ ਵਿੱਚ ਬੱਚਿਆਂ ਨੂੰ ਗੁਰਮਤਿ ਗਿਆਨ, ਗੁਰਬਾਣੀ ਦੀ ਸੰਥਿਆ, ਸੰਗੀਤ ਦੀ ਵਿਦਿਆ, ਗੁਰਬਾਣੀ ਦੀ ਕਥਾ, ਕਵੀਸ਼ਰੀ ਅਤੇ ਢਾਡੀ ਕਲਾ ਆਦਿ ਦੀ ਸਿਖਲਾਈ ਦੇਣ ਲਈ ਮਾਹਿਰ ਅਧਿਆਪਕ ਰੱਖੇ ਗਏ ਹਨ। ਇਨ੍ਹਾਂ ਵਿਦਿਆਲਿਆਂ ਵਿੱਚ ਇਸ ਸਮੇਂ ਪ੍ਰਚਾਰਕ, ਸੰਗੀਤ ਦੇ ਵਿਦਿਆਰਥੀ, ਤਬਲਾ ਵਾਦਕ, ਗ੍ਰੰਥੀ, ਢਾਡੀ ਕਵੀਸ਼ਰ ਕੁਲ ੩੪੫ ਵਿਦਿਆਰਥੀ ਗੁਰਮਤਿ ਦੀ ਮੁਫਤ ਵਿੱਦਿਆ ਪ੍ਰਾਪਤ ਕਰ ਰਹੇ ਹਨ। ਇਸ ਤੋਂ ਇਲਾਵਾ ਜਥੇਦਾਰ ਗੁਰਚਰਨ ਸਿੰਘ ਜੀ ਟੌਹੜਾ ਇੰਸਟੀਚਿਊਟ ਆਫ ਐਡਵਾਂਸ ਸਟੱਡੀਜ਼ ਇੰਨ ਸਿੱਖਇਜ਼ਮ ਬਹਾਦਰਗੜ੍ਹ (ਪਟਿਆਲਾ) ਵਿਖੇ ਬੈਚੂਲਰ ਆਫ ਮੈਨਜਮੈਂਟ ਸਟੱਡੀਜ਼ (ਗੁਰਦੁਆਰਾ ਮੈਨਜਮੈਂਟ) ਅਤੇ ਬੈਚੂਲਰ ਆਫ ਆਰਟਸ ਇੰਨ ਗੁਰਮੁੱਖੀ ਐਜੂਕੇਸ਼ਨ ਦੇ ਕੋਰਸ ਕਰਵਾਏ ਜਾਂਦੇ ਹਨ। ਇੰਨ੍ਹਾਂ ਦੋਵਾਂ ਕੋਰਸਾਂ ਵਿੱਚ ਇਸ ਸਮੇਂ ਕੁੱਲ ੭੬ ਵਿਦਿਆਰਥੀ ਸਿੱਖਿਆ ਗ੍ਰਹਿਣ ਕਰ ਰਹੇ ਹਨ। ਇਨ੍ਹਾਂ ਸਾਰੇ ਵਿਦਿਆਰਥੀਆਂ ਦੀ ਪੜ੍ਹਾਈ, ਰਿਹਾਇਸ਼ ਅਤੇ ਲੰਗਰ

ਆਦਿ ਪੁਰ ਹੋਣ ਵਾਲਾ ਖਰਚ ਵੀ ਧਰਮ ਪ੍ਰਚਾਰ ਕਮੇਟੀ ਵੱਲੋਂ ਕੀਤਾ ਜਾਂਦਾ ਹੈ।

ਸਿੱਖ ਧਰਮ ਦੇ ਪ੍ਰਚਾਰ ਨੂੰ ਸਿਖਰ ਤੱਕ ਪਹੁੰਚਾਉਣ ਲਈ ਭਾਰਤ ਦੇ ਵੱਖ-ਵੱਖ ਸੂਬਿਆਂ ਵਿੱਚ ਪ੍ਰਚਾਰ ਕੇਂਦਰ ਸਥਾਪਿਤ ਕੀਤੇ ਗਏ ਹਨ। ਇੰਨ੍ਹਾਂ ਪ੍ਰਚਾਰ ਕੇਦਰਾਂ ਨੂੰ ਸਿੱਖ ਮਿਸ਼ਨਾਂ ਦਾ ਨਾਮ ਦਿੱਤਾ ਗਿਆ ਹੈ। ਇੰਨ੍ਹਾਂ ਸਿੱਖ ਮਿਸ਼ਨਾਂ ਵਿੱਚ ਸੂਬੇ ਦੀ ਬੋਲੀ ਦੇ ਆਧਾਰਪੁਰ ਪ੍ਰਚਾਰਕ ਭਰਤੀ ਕੀਤੇ ਗਏ ਹਨ। ਇਹ ਪ੍ਰਚਾਰਕ ਆਪਣੇ-ਆਪਣੇ ਸੂਬੇ ਦੇ ਵੱਖ-ਵੱਖ ਇਲਾਕਿਆਂ ਵਿੱਚ ਜਾ ਕੇ ਸਿੱਖੀ ਦਾ ਪ੍ਰਚਾਰ ਕਰ ਰਹੇ ਹਨ, ਜਿਸ ਤੋਂ ਪ੍ਰਭਾਵਿਤ ਹੋ ਕੇ ਹੋਰ ਧਰਮਾਂ ਦੇ ਲੋਕ ਵੀ ਸਿੱਖੀ ਵਿੱਚ ਸ਼ਾਮਲ ਹੋ ਰਹੇ ਹਨ ਅਤੇ ਇਸ ਦੇ ਚੰਗੇ ਸਿੱਟੇ ਸਾਹਮਣੇ ਆ ਰਹੇ ਹਨ। ਇੰਨ੍ਹਾਂ ਸਾਰੀਆਂ ਉਪਰੋਕਤ ਮੱਦਾਂ ਲਈ ਧਰਮ ਪ੍ਰਚਾਰ ਕਮੇਟੀ ਦੇ ਬਜਟ ਵਿੱਚ ਰਕਮਾਂ ਰਾਖਵੀਆਂ ਰੱਖੀਆਂ ਗਈਆਂ ਹਨ।

ਅੱਜ ਜਿਹੜੇ ਨੌਜਵਾਨ ਸਿੱਖੀ ਤੋਂ ਦੂਰ ਹੋ ਕੇ ਪਤਿਤਪੁਣੇ ਵੱਲ ਜਾ ਰਹੇ ਹਨ ਉਨ੍ਹਾਂ ਨੂੰ ਪ੍ਰੇਰਿਤ ਕਰਕੇ ਵਾਪਸ ਸਿੱਖੀ ਵੱਲ ਮੋੜਨ ਲਈ ਯੋਗ ਉਪਰਾਲੇ ਕੀਤੇ ਜਾ ਰਹੇ ਹਨ। ਸਿੱਖ ਨੌਜਵਾਨ ਬੱਚੇ ਬੱਚੀਆਂ ਨੂੰ ਪਤਿਤਪੁਣੇ ਤੋਂ ਬਚਾਉਣ ਲਈ ਗਤਕਾ, ਕਬੱਡੀ, ਅਤੇ ਹਾਕੀ ਦੀਆਂ ਅਕੈਡਮੀਆਂ ਤਿਆਰ ਕੀਤੀ ਗਈਆਂ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਖੇਡ ਅਕੈਡਮੀਆਂ ਵਿੱਚੋਂ ਤਿਆਰ ਸਿੱਖ ਖਿਡਾਰੀਆਂ ਨੇ ਆਪਣੇ-ਆਪਣੇ ਖੇਤਰ ਵਿੱਚ ਚੰਗਾ ਨਾਮਣਾ ਖੱਟਿਆ ਹੈ। ਇੰਨ੍ਹਾਂ ਸਾਬਤ ਸੂਰਤ ਸਿੱਖ ਖਿਡਾਰੀਆਂ ਦੀ ਚੰਗੀ ਕਾਰਜਗੁਜ਼ਾਰੀ ਨਾਲ ਜਿਥੇ ਇਸ ਸੰਸਥਾ ਦਾ ਨਾਮ ਰੋਸ਼ਨ ਹੋਇਆ ਹੈ, ਉੱਥੇ ਸਿੱਖੀ ਤੋਂ ਪਤਿਤ ਨੌਜਵਾਨਾਂ ਵਿੱਚ ਸਿੱਖੀ ਪ੍ਰਤੀ ਭਾਵਨਾ ਅਤੇ ਲਗਨ ਵੀ ਪੈਦਾ ਹੋਈ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਇਹ ਮਾਣ ਵਾਲੀ ਗੱਲ ਹੈ ਕਿ ਹਾਕੀ ਅਕੈਡਮੀ ਨੂੰ ਨੈਸ਼ਨਲ ਪੱਧਰ ਤੇ ਐਂਟਰੀ ਮਿਲ ਚੁੱਕੀ ਹੈ ਅਤੇ ੦੭ ਖਿਡਾਰੀਆਂ ਦੀ ਭਾਰਤੀ ਹਾਕੀ ਕੈਂਪ ਵਿੱਚ ਚੋਣ ਵੀ ਹੋ ਚੁੱਕੀ ਹੈ।

ਇਸੇ ਤਰ੍ਹਾਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਕਬੱਡੀ ਅਕੈਡਮੀ ਸਫਲਤਾਪੂਰਵਕ ਚੱਲ ਰਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਇੰਨ੍ਹਾਂ ਅਕੈਡਮੀਆਂ ਦੀਆਂ ਟੀਮਾਂ ਵੱਲੋਂ ਆਪਣੇ-ਆਪਣੇ ਖੇਤਰਾਂ ਵਿੱਚ ਵੱਡੀਆਂ ਮੱਲ੍ਹਾਂ ਮਾਰੀਆਂ ਹਨ ਅਤੇ ਸੰਸਥਾ ਦਾ ਨਾਮ ਉੱਚਾ ਕੀਤਾ ਹੈ। ਮੈਂ ਆਪ ਜੀ ਨੂੰ ਸੰਖੇਪ ਜਾਣਕਾਰੀ ਦੇ ਕੇ ਬਜਟ ਦੀ ਕਾਰਵਾਈ ਨੂੰ ਅੱਗੇ ਤੋਰਦਿਆਂ ਦੱਸਣਾ ਚਾਹੁੰਦਾ ਹਾਂ ਕਿ ਸਿੱਖ ਬੱਚੇ ਅਤੇ ਬੱਚੀਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸਪੋਰਟਸ ਦਾ ਵੱਖਰਾ ਬਜਟ ਤਿਆਰ ਕੀਤਾ ਜਾਂਦਾ ਹੈ।

ਬੀਮਾਰੀਆਂ ਤੋਂ ਪੀੜਤ ਲੋਕਾਂ ਨੂੰ ਲੋੜੀਂਦੀਆਂ ਦਵਾਈਆਂ ਸਸਤੇ ਮੁੱਲ ਤੇ ਦੇਣ ਅਤੇ ਸੱਸਤੇ ਮੁੱਲ ਵਿੱਚ ਟੈਸਟ ਕਰਨ ਲਈ ਭਾਈਚਾਰਕ ਸੁਧਾਰ ਫੰਡ ਵਿੱਚੋਂ ਸੱਠ ਲੱਖ ਰੁਪਏ ਖਰਚ ਕਰਕੇ ਇੱਕ ਲੈਬ (ਲੈਬੋਰਟੀ) ਅਤੇ ਇੱਕ ਦਵਾਖਾਨਾ ਖੋਲਣ ਦੀ ਤਜਵੀਜ਼ ਹੈ। ਇਸ ਨਾਲ ਲੋੜਵੰਦਾਂ ਨੂੰ ਸਸਤੇ ਮੁੱਲ ਤੇ ਟੈਸਟ ਅਤੇ ਦਵਾਈਆਂ ਦੀ ਸਹੂਲਤ ਮਿਲੇਗੀ।

ਸਿੱਖਾਂ ਦੀ ਇਹ ਸੰਸਥਾ ਧਰਮ, ਕੌਮ ਅਤੇ ਦੇਸ਼ ਖਾਤਿਰ ਕੁਰਬਾਨੀ ਕਰਨ ਵਾਲੇ ਸਿੰਘਾਂ ਦਾ ਹਮੇਸ਼ਾ ਸਨਮਾਣ ਕਰਦੀ ਰਹੀ ਹੈ। ਧਰਮ ਯੁਧ ਮੋਰਚੇ ਤੋਂ ਅਰੰਭ ਹੋਏ ਸਿੱਖ ਸੰਘਰਸ਼ ਵਿੱਚ ਸ਼ਹੀਦ ਹੋਏ ਅਤੇ ਸਰਕਾਰੀ ਤਸੱਦਦ ਝੱਲਣ ਵਾਲੇ ਪ੍ਰੀਵਾਰਾਂ ਦੀ ਹਰ ਪ੍ਰਕਾਰ ਦੀ ਮੱਦਦ ਕਰ ਰਹੀ ਹੈ। ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਨਜਰਬੰਦ ਸਿੰਘਾਂ ਨੂੰ ਵੀਹ ਹਜਾਰ ਰੁਪਏ ਮਾਸਿਕ ਸਨਮਾਨ ਭੱਤਾ ਦਿੱਤਾ ਜਾਂਦਾ ਸੀ, ਮਾਣਯੋਗ ਪ੍ਰਧਾਨ ਸਾਹਿਬ ਸ੍ਰ. ਹਰਜਿੰਦਰ ਸਿੰਘ ਜੀ ਧਾਮੀ ਦੇ ਵਿਸ਼ੇਸ਼ ਉਦਮ ਸਦਕਾ ਇਸ ਨੂੰ ਵਧਾਕੇ ਚਾਲੀ ਹਜਾਰ ਰੁਪਏ ਮਾਸਿਕ ਕਰ ਦਿੱਤਾ ਗਿਆ ਹੈ। ਇਸ ਸਬੰਧੀ ਸ਼ਹੀਦੀ ਫੰਡ ਵਿੱਚ ਪੰਜਾਹ ਲੱਖ ਰੁਪਏ ਦੀ ਰਕਮ ਰਾਖਵੀਂ ਰੱਖ ਲਈ ਗਈ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੇਵਲ ਗੁਰਦੁਆਰਾ ਸਹਿਬਾਨ ਦੀ ਸੇਵਾ ਸੰਭਾਲ ਦਾ ਪ੍ਰਬੰਧ ਹੀ ਨਹੀਂ ਵੇਖਦੀ ਸਗੋਂ ਬਹੁਤ ਸਾਰੀਆਂ ਵਿਦਿਅਕ ਸੰਸਥਾਵਾਂ ਵੀ ਚਲਾਉਂਦੀ ਹੈ। ਇੰਨ੍ਹਾਂ ਸੰਸਥਾਵਾਂ ਦਾ ਪ੍ਰਬੰਧ ਚਲਾਉਣ ਲਈ ਸਟਾਫ ਦੀ ਲੋੜ ਹੁੰਦੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਧਰਮ ਯੁਧ ਮੋਰਚੇ ਸਮੇਂ ਸ਼ਹਾਦਤ ਦੇਣ ਵਾਲੇ, ਜੇਲ੍ਹਾਂ ਕੱਟਣ ਵਾਲੇ, ਸ੍ਰੀ ਹਰਿਮੰਦਰ ਸਾਹਿਬ ਉੱਪਰ ਭਾਰਤ ਸਰਕਾਰ ਵੱਲੋ ਕੀਤੇ ਫੌਜੀ ਹਮਲੇ ਸਮੇਂ ਬੈਰਕਾਂ ਛੱਡਣ ਵਾਲੇ ਧਰਮੀ ਫੌਜੀਆਂ, ਜੋਧਪੁਰ ਜੇਲ ਵਿੱਚ ਨਜ਼ਰਬੰਦ ਰਹੇ ਸਿੰਘਾਂ ਅਤੇ ਉਨ੍ਹਾਂ ਦੇ ਬੱਚੇ ਬੱਚੀਆਂ ਨੂੰ ਇੰਨ੍ਹਾਂ ਸੰਸਥਾਵਾਂ ਵਿੱਚ ਭਰਤੀ ਕਰਕੇ ਰੁਜ਼ਗਾਰ ਦਿੱਤਾ ਗਿਆ ਹੈ। ਮੌਜੂਦਾ ਸਮੇਂ ਲੱਗਭੱਗ ਪੰਦਰਾਂ ਹਜ਼ਾਰ ਮੁਲਾਜ਼ਮ ਇੰਨ੍ਹਾਂ ਸੰਸਥਾਵਾਂ ਵਿੱਚ ਸੇਵਾ ਨਿਭਾਅ ਰਹੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੁਲਾਜ਼ਮਤ ਵਿੱਚ ਸੇਵਾ ਨਿਭਾ ਰਹੇ ਇੰਨ੍ਹਾਂ ਮੁਲਾਜਮਾਂ ਦੇ ਪ੍ਰੀਵਾਰਾਂ ਦੀ ਰੋਜ਼ੀ ਰੋਟੀ ਦਾ ਵਸੀਲਾ ਵੀ ਇਹ ਸੰਸਥਾ ਬਣੀ ਹੋਈ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬਜਟ ਦਾ ਵੱਡਾ ਹਿੱਸਾ ਮੁਲਾਜ਼ਮਾਂ ਦੀਆਂ ਤਨਖਾਹਾਂ ਉਪਰ ਖਰਚ ਹੁੰਦਾ ਹੈ। ਇਸ ਸਾਲ ਦੇ ਬਜਟ ਵਿੱਚ ਮੁਲਾਜ਼ਮਾਂ ਦੀਆਂ ਤਨਖਾਹਾਂ ਦਾ ਅੰਦਾਜਨ ਕੁੱਲ ਖਰਚ ਪੰਜ ਅਰਬ ਉਨਹੱਤਰ ਕਰੋੜ ਇਕਾਨਵੇਂ ਲੱਖ ਸਤੱਤਰ ਹਜਾਰ ਚਾਰ ਸੌ ਰੁਪਏ ਹੈ। ਜੋ ਕੁੱਲ ਖਰਚ ਦੇ ਬਜਟ ਦਾ ੪੧% ਤੋਂ ਵੱਧ ਬਣਦਾ ਹੈ।

ਵਾਤਾਵਰਨ ਦੀ ਸ਼ੁੱਧਤਾ ਲਈ ਉਪਰਾਲੇ, ਵਿੱਦਿਅਕ ਅਦਾਰਿਆਂ ਲਈ ਨਵੀਆਂ ਸੋਧਾਂ ਅਤੇ ਸੇਧਾਂ, ਕੁਦਰਤੀ ਖੇਤੀ ਨੂੰ ਉਤਸ਼ਾਹਤ ਕਰਨਾ ਆਦਿ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਮੁੱਖ ਏਜੰਡਾ ਹੈ। ਕੁਦਰਤੀ ਆਫਤਾਂ (ਹੜ੍ਹ, ਭੂਚਾਲ, ਤੂਫਾਨ, ਆਦਿ) ਸਮੇਂ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬਿਨਾਂ ਭੇਦ-ਭਾਵ ਤੋਂ ਹਮੇਸ਼ਾ ਮਨੁੱਖਤਾ ਦੀ ਭਲਾਈ ਲਈ ਵੱਡਮੁੱਲੀਆਂ ਸੇਵਾਵਾਂ ਕਰਨ ਵਿਚ ਮੋਹਰੀ ਰੋਲ ਅਦਾ ਕੀਤਾ ਹੈ ਅਤੇ ਕਰਦੀ ਰਹੇਗੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਿਰੰਤਰ ਚੱਲ ਰਹੇ ਸਾਰੇ ਕਾਰਜਾਂ ਅਤੇ ਪ੍ਰਾਪਤੀਆਂ ਦੀ ਸੂਚੀ ਬਹੁਤ ਲੰਮੇਰੀ ਹੈ ਜੋ ਇਥੇ ਵਿਸਥਾਰ ਨਾਲ ਦੱਸਣੀ ਅਸੰਭਵ ਹੈ। ਇੰਨ੍ਹਾਂ ਸਾਰੇ ਕਾਰਜ ਅਤੇ ਪ੍ਰਾਪਤੀਆਂ ਦੀ ਜਾਣਕਾਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਧਰਮ ਪ੍ਰਚਾਰ ਕਮੇਟੀ ਦੇ ਮਾਸਿਕ ਪੱਤਰਾਂ ਗੁਰਦੁਆਰਾ ਗਜਟ, ਗੁਰਮਤਿ ਪ੍ਰਕਾਸ਼, ਗੁਰਮਤਿ ਗਿਆਨ ਤੇ ਸੇਵਾ ਸਰਗਰਮੀਆਂ ਰਾਹੀਂ ਸੰਗਤ ਤੱਕ ਪੁੱਜਦੀ ਕੀਤੀ ਜਾ ਰਹੀ ਹੈ।

ਮੈਂ ਬਜਟ ਇਜਲਾਸ ਵਿਚ ਸ਼ਾਮਲ ਹੋਏ ਸਤਿਕਾਰਯੋਗ ਸਿੰਘ ਸਾਹਿਬਾਨ, ਮਾਨਯੋਗ ਪ੍ਰਧਾਨ ਸਾਹਿਬ, ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਦਾ ਸਵਾਗਤ ਕਰਦਾ ਹੋਇਆ ਅੱਜ ਦੇ ਬਜਟ ਲਈ ਸਾਰਿਆਂ ਤੋਂ ਪੂਰਨ ਸਹਿਯੋਗ ਦੀ ਆਸ ਕਰਦਾ ਹਾਂ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਆਪਣੀ ਆਮਦਨ ਕੇਵਲ ਬੈਂਕਾਂ ਦਾ ਵਿਆਜ, ਜਮੀਨਾਂ ਦੇ ਠੇਕੇ, ਮੁਲਾਜ਼ਮਾਂ ਅਤੇ ਸੰਗਤਾਂ ਵੱਲੋਂ ਜਮ੍ਹਾਂ ਕਰਾਈ ਜਾਂਦੀ ਮਾਇਆ ਹੀ ਹੈ। ਜਨਰਲ ਬੋਰਡ ਫੰਡ, ਟਰੱਸਟ ਫੰਡਜ, ਵਿੱਦਿਆ ਫੰਡ ਅਤੇ ਧਰਮ ਪ੍ਰਚਾਰ ਕਮੇਟੀ ਦੀ ਆਮਦਨ ਦਾ ਵੱਡਾ ਹਿੱਸਾ ਗੁਰਦੁਆਰਾ ਸਾਹਿਬਾਨ ਪਾਸੋਂ ਨਿਯਮਾਂ ਅਨੁਸਾਰ ਇੱਕਤਰ ਕੀਤੇ ਜਾਂਦੇ ਫੰਡਾਂ ਤੇ ਹੀ ਨਿਰਭਰ ਕਰਦਾ ਹੈ।

ਬਜਟ ਸਬ-ਕਮੇਟੀ ਵੱਲੋਂ ਸਾਲ ੨੦੨੫-੨੦੨੬ ਦੇ ਬਜਟ ਦੀ ਕੀਤੀ ਘੋਖ-ਪੜਤਾਲ ਦੇ ਅਧਾਰ 'ਤੇ ਅੰਤ੍ਰਿੰਗ ਕਮੇਟੀ ਵੱਲੋਂ ਕੀਤੀ ਸਿਫਾਰਸ਼ ਅਨੁਸਾਰ ਤਰਤੀਬਵਾਰ ਬਜਟ ਤਿਆਰ ਕੀਤਾ ਗਿਆ ਹੈ। ਸਾਲ ੨੦੨੫-੨੦੨੬ ਵਿੱਚ ਕੁੱਲ ਆਮਦਨ ਤੇਰਾਂ ਅਰਬ ਛਿਆਸੀ ਕਰੋੜ ਸੰਤਾਲੀ ਲੱਖ ਅੱਸੀ ਹਜਾਰ ਰੁਪਏ ਅਤੇ ਖਰਚ ਤੇਰਾਂ ਅਰਬ ਛਿਹਤਰ ਕਰੋੜ ਸੰਤਾਲੀ ਲੱਖ ਅੱਸੀ ਹਜਾਰ ਰੁਪਏ ਹੈ।ਇਸ ਤਰਾਂ ਇਸ ਸਾਲ ਦਸ ਕਰੋੜ ਰੁਪਏ ਆਮਦਨ ਨਾਲੋਂ ਘੱਟ ਖਰਚ ਹੋਣ ਦਾ ਅੰਦਾਜਾ ਹੈ। ਬਜਟ ਦਾ ਵੇਰਵਾ ਸੰਖੇਪ ਤੌਰ 'ਤੇ ਹੇਠ ਲਿਖੇ ਅਨੁਸਾਰ ਹੈ। ਬਜਟ ਦਾ ਵਿਸਥਾਰ ਚਾਰ ਭਾਗਾਂ ''ੳ'', ''ਅ'', ''ੲ'', ਅਤੇ ''ਸ''

ਵਿੱਚ ਕੀਤਾ ਗਿਆ ਹੈ :-

**ਭਾਗ ਆਮਦਨ (ਆਪਣੇ ਸਾਧਨਾਂ ਤੋਂ):-**

**ਬਜਟ ਭਾਗ "ੳ"**

**ਬਜਟ ਭਾਗ "ੳ" ਦੇ ਛੇ ਭਾਗ ਹਨ।**

**(ਭਾਗ "ੳ-੧") ਜਨਰਲ ਬੋਰਡ ਫੰਡ:-**

ਜਨਰਲ ਬੋਰਡ ਫੰਡ ਦੀ ਆਪਣੇ ਸਾਧਨਾਂ ਤੋਂ ਆਮਦਨ:- ਗਿਆਰਾਂ ਕਰੋੜ ਸੱਤਰ ਲੱਖ ਰੁਪਏ।

**(ਭਾਗ "ੳ-੨") ਟਰੱਸਟ ਫੰਡਜ:-**

ਟਰੱਸਟ ਫੰਡਜ ਦੀ ਆਪਣੇ ਸਾਧਨਾਂ ਤੋਂ ਆਮਦਨ:- ਪੰਦਰਾਂ ਕਰੋੜ ਛਪਿੰਜਾ ਲੱਖ ਅੱਸੀ ਹਜ਼ਾਰ ਰੁਪਏ।

**(ਭਾਗ "ੳ-੩") ਵਿਦਿਆ ਫੰਡ:-**

ਵਿਦਿਆ ਫੰਡ ਦੀ ਆਪਣੇ ਸਾਧਨਾਂ ਤੋਂ ਆਮਦਨ:- ਸੱਤਰ ਲੱਖ ਰੁਪਏ।

**(ਭਾਗ "ੳ-੪") ਸਪੋਰਸਟ ਫੰਡ:-**

ਸਪੋਰਟਸ ਫੰਡ ਦੀ ਆਪਣੇ ਸਾਧਨਾਂ ਤੋਂ ਆਮਦਨ:- ਚਾਰ ਲੱਖ ਰੁਪਏ।

**(ਭਾਗ "ੳ-੫") ਪ੍ਰਿੰਟਿੰਗ ਪ੍ਰੈਸਾਂ:-**

ਪ੍ਰਿੰਟਿੰਗ ਪ੍ਰੈਸਾਂ ਦੀ ਆਪਣੇ ਸਾਧਨਾਂ ਤੋਂ ਆਮਦਨ:- ਅੱਠ ਕਰੋੜ ਬਾਰ੍ਹਾਂ ਲੱਖ ਰੁਪਏ।

**(ਭਾਗ "ੳ-੬") ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ, ਠੱਠਾ :-**

ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ, ਠੱਠਾ, ਦੀ ਆਪਣੇ ਸਾਧਨਾਂ ਤੋਂ ਆਮਦਨ:- ਇੱਕ ਕਰੋੜ ਰੁਪਏ।

**ਬਜਟ ਭਾਗ "ਅ" ਧਰਮ ਪ੍ਰਚਾਰ ਕਮੇਟੀ:-**

ਧਰਮ ਪ੍ਰਚਾਰ ਕਮੇਟੀ ਦੀ ਆਪਣੇ ਸਾਧਨਾਂ ਤੋਂ ਆਮਦਨ:- ਸਤਾਰ੍ਹਾਂ ਕਰੋੜ ਰੁਪਏ।

**ਬਜਟ ਭਾਗ "ੲ" ਗੁਰਦੁਆਰਾ ਸਹਿਬਾਨ ਦਫਾ-੮੫:-**

ਗੁਰਦੁਆਰਾ ਸਹਿਬਾਨ ਦਫਾ-੮੫ ਦੀ ਆਪਣੇ ਸਾਧਨਾਂ ਤੋਂ ਆਮਦਨ :- ਦਸ ਅਰਬ ਬਾਹਠ ਕਰੋੜ ਚਾਰ ਲੱਖ ਰੁਪਏ।

**ਬਜਟ ਭਾਗ "ਸ" ਵਿਦਿਅਕ ਅਦਾਰੇ:-**

ਵਿਦਿਅਕ ਅਦਾਰਿਆਂ ਦੀ ਆਪਣੇ ਸਾਧਨਾਂ ਤੋਂ ਆਮਦਨ :- ਦੋ ਅਰਬ ਸੱਤਰ ਕਰੋੜ ਇਕੱਤੀ ਲੱਖ ਰੁਪਏ।

ਆਮਦਨ ਦਾ ਕੁੱਲ ਜੋੜ:- ਤੇਰਾਂ ਅਰਬ ਛਿਆਸੀ ਕਰੋੜ ਸੰਤਾਲੀ ਲੱਖ ਅੱਸੀ ਹਜਾਰ ਰੁਪਏ।

**ਭਾਗ ਖਰਚ (ਆਪਣੇ ਸਾਧਨਾਂ ਦੀ ਆਮਦਨ ਵਿੱਚੋਂ):-**

ਭਜਟ ਭਾਗ "ੳ"

ਬਜਟ ਭਾਗ "ੳ" ਦੇ ਛੇ ਭਾਗ ਹਨ।

**(ਭਾਗ "ੳ-੧") ਜਨਰਲ ਬੋਰਡ ਫੰਡ:-**

ਆਪਣੀ ਆਮਦਨ ਵਿੱਚੋਂ ਖਰਚ:- ਗਿਆਰਾਂ ਕਰੋੜ ਸੱਤਰ ਲੱਖ ਰੁਪਏ।

ਕੁੱਲ ਖਰਚ:- ਛਿਆਸੀ ਕਰੋੜ ਰੁਪਏ।

(ਬਾਕੀ ਖਰਚ ਗੁਰਦੁਆਰਾ ਸਾਹਿਬਾਨ ਦਫਾ-੮੫ ਦੇ ਫੰਡਾਂ ਵਿੱਚੋਂ ਆਮਦਨ ਲੈਕੇ ਪੂਰੇ ਕੀਤੇ ਗਏ)

**(ਭਾਗ "ੳ-੨") ਟਰੱਸਟ ਫੰਡਜ:-**

ਆਪਣੀ ਆਮਦਨ ਵਿੱਚੋਂ ਖਰਚ:- ਪੰਦਰਾਂ ਕਰੋੜ ਛਪਿੰਜਾ ਲੱਖ ਅੱਸੀ ਹਜਾਰ ਰੁਪਏ।

ਕੁੱਲ ਖਰਚ:- ਪੈਂਹਠ ਕਰੋੜ ਛੱਤੀ ਲੱਖ ਰੁਪਏ।

(ਬਾਕੀ ਖਰਚ ਗੁਰਦੁਆਰਾ ਸਾਹਿਬਾਨ ਦਫਾ-੮੫ ਦੇ ਫੰਡਾਂ ਅਤੇ ਦੂਸਰੇ ਫੰਡਾਂ ਵਿੱਚੋਂ ਆਮਦਨ ਲੈਕੇ ਪੂਰੇ ਕੀਤੇ ਗਏ)

**(ਭਾਗ "ੳ-੩") ਵਿਦਿਆ ਫੰਡ:-**

ਆਪਣੀ ਆਮਦਨ ਵਿੱਚੋਂ ਖਰਚ:- ਸੱਤਰ ਲੱਖ ਰੁਪਏ।

ਕੁਲ ਖਰਚ:- ਪਚਵਿੰਜਾ ਕਰੋੜ ਅੱਸੀ ਲੱਖ ਰੁਪਏ।

(ਬਾਕੀ ਖਰਚ ਗੁਰਦੁਆਰਾ ਸਾਹਿਬਾਨ ਦਫਾ-੮੫ ਦੇ ਫੰਡਾਂ ਵਿੱਚੋਂ ਆਮਦਨ ਲੈਕੇ ਪੂਰੇ ਕੀਤੇ ਗਏ)

**("ੳ-੪") ਸਪੋਰਸਟ ਫੰਡ:-**

ਆਪਣੀ ਆਮਦਨ ਵਿੱਚੋਂ ਖਰਚ:- ਚਾਰ ਲੱਖ ਰੁਪਏ।

ਕੁੱਲ ਖਰਚ :- ਤਿੰਨ ਕਰੋੜ ਨੌ ਲੱਖ ਰੁਪਏ।

(ਬਾਕੀ ਖਰਚ ਧਰਮ ਪ੍ਰਚਾਰ ਕਮੇਟੀ ਅਤੇ ਗੁਰਦੁਆਰਾ ਸਹਿਬਾਨ ਦਫਾ-੮੫ ਦੇ ਫੰਡਾਂ ਵਿੱਚੋਂ ਸਹਾਇਤਾ ਲੈਕੇ ਪੂਰੇ ਕੀਤੇ ਗਏ)

**(ਭਾਗ "ੳ-੫") ਪ੍ਰਿੰਟਿੰਗ ਪ੍ਰੈਸਾਂ:-**

ਆਪਣੀ ਆਮਦਨ ਵਿੱਚੋਂ ਖਰਚ:- ਅੱਠ ਕਰੋੜ ਬਾਰਾਂ ਲੱਖ ਰੁਪਏ।

**(ਭਾਗ "ੳ-੬") ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ, ਠੱਠਾ :-**

ਆਪਣੀ ਆਮਦਨ ਵਿੱਚੋਂ ਖਰਚ:- ਇੱਕ ਕਰੋੜ ਰੁਪਏ।

ਕੁੱਲ ਖਰਚ:- ਪੰਜ ਕਰੋੜ ਪੰਜਾਹ ਲੱਖ ਰੁਪਏ।

(ਬਾਕੀ ਖਰਚ ਗੁਰਦੁਆਰਾ ਬੀੜ ਬਾਬਾ ਬੁਢਾ ਜੀ ਠੱਠਾ ਦੇ ਫੰਡਾਂ ਵਿੱਚੋਂ ਸਹਾਇਤਾ ਲੈਕੇ ਪੂਰੇ ਕੀਤੇ ਗਏ)

**ਭਾਗ "ਅ" ਧਰਮ ਪ੍ਰਚਾਰ ਕਮੇਟੀ:-**

ਆਪਣੀ ਆਮਦਨ ਵਿੱਚੋਂ ਖਰਚ:- ਸਤਾਰਾਂ ਕਰੋੜ ਰੁਪਏ।

ਕੁੱਲ ਖਰਚ:- ਇੱਕ ਅਰਬ ਦਸ ਕਰੋੜ ਰੁਪਏ।

(ਬਾਕੀ ਖਰਚ ਗੁਰਦੁਆਰਾ ਸਾਹਿਬਾਨ ਦਫਾ-੮੫ ਦੇ ਫੰਡਾਂ ਵਿੱਚੋਂ ਆਮਦਨ ਲੈਕੇ ਪੂਰੇ ਕੀਤੇ ਗਏ)

**ਭਾਗ "ੲ" ਗੁਰਦੁਆਰਾ ਸਹਿਬਾਨ ਦਫਾ- ੮੫:-**

ਗੁਰਦੁਆਰਾ ਸਹਿਬਾਨ ਦਾ ਰੁਟੀਨ ਖਰਚ :- ਸੱਤ ਅਰਬ ਇਕੱਤੀ ਕਰੋੜ ਪਚਵਿੰਜਾ ਲੱਖ ਸੰਤਾਲੀ ਹਜਾਰ ਦੋ ਸੌ ਦਸ ਰੁਪਏ।

ਮੁੱਖ ਦਫਤਰ ਨੂੰ ਦਿੱਤੇ ਜਾਣ ਵਾਲੇ ਫੰਡਾਂ ਦਾ ਖਰਚ :- ਤਿੰਨ ਅਰਬ ਵੀਹ ਕਰੋੜ ਅਠਤਾਲੀ ਲੱਖ ਬਵਿੰਜਾ ਹਜਾਰ ਸੱਤ ਸੌ ਨੱਬੇ ਰੁਪਏ।

ਗੁਰਦੁਆਰਾ ਸਹਿਬਾਨ ਦੇ ਖਰਚ ਦਾ ਕੁੱਲ ਜੋੜ :- ਦਸ ਅਰਬ ਬਵਿੰਜਾ ਕਰੋੜ ਚਾਰ ਲੱਖ ਰੁਪਏ।

**ਭਾਗ "ਸ" ਵਿਦਿਅਕ ਅਦਾਰੇ:-**

ਕੁੱਲ ਖਰਚ :- ਦੋ ਅਰਬ ਪਚਾਨਵੇਂ ਕਰੋੜ ਤਰਵਿੰਜਾ ਲੱਖ ਰੁਪਏ।

ਖਰਚ ਦਾ ਕੁੱਲ ਜੋੜ:- ਤੇਰਾਂ ਅਰਬ ਛਿਅੱਤਰ ਕਰੋੜ ਸੰਤਾਲੀ ਲੱਖ ਅੱਸੀ ਹਜਾਰ ਰੁਪਏ।

**ਮੁੱਖ ਬਜਟ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਖਰਚਿਆਂ ਦੀ**

**ਸੰਖੇਪ ਵੰਡ ਹੇਠ ਲਿਖੇ ਅਨੁਸਾਰ ਹੈ:-**

**(੧) ਬਜਟ ਭਾਗ "ੳ-੧"(ਜਨਰਲ ਬੋਰਡ ਫੰਡ)**

**ਭਾਗ ਆਮਦਨ**

| | |
|---|---|
| ਆਪਣੇ ਸਾਧਨਾਂ ਤੋਂ ਆਮਦਨ | = ਗਿਆਰਾਂ ਕਰੋੜ ਸੱਤਰ ਲੱਖ ਰੁਪਏ। |
| ਗੁਰਦੁਆਰਾ ਸਹਿਬਾਨ ਦਫਾ-੮੫ ਤੋਂ ਦਸਵੰਧ | = ਅਠਵਿੰਜਾ ਕਰੋੜ ਤੀਹ ਲੱਖ ਰੁਪਏ। |
| ਗੁਰਦੁਆਰਾ ਸਹਿਬਾਨ ਦਫਾ-੮੫ ਤੋਂ ਵਿਸ਼ੇਸ਼ ਸਹਾਇਤਾ | = ਸੋਲਾਂ ਕਰੋੜ ਰੁਪਏ। |
| ਕੁੱਲ ਆਮਦਨ | = ਛਿਆਸੀ ਕਰੋੜ ਰੁਪਏ। |

**ਇਸ ਦੇ ਖਰਚਿਆਂ ਦੀਆਂ ਖਾਸ-ਖਾਸ ਮੱਦਾਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ :-**

ਜਨਰਲ ਬੋਰਡ ਫੰਡ ਦੀ ਬਣਤਰ ਸਿੱਖ ਗੁਰਦੁਆਰਾ ਐਕਟ ੧੯੨੫ ਦੀ ਧਾਰਾ ੧੦੮ ਅਨੁਸਾਰ ਹੈ। ਇਸ ਫੰਡ ਦੀ ਸਿੱਧੇ ਤੌਰ ਤੇ ਆਮਦਨ ਦਾ ਮੁੱਖ ਸਰੋਤ ਦਸਵੰਧ ਹੈ, ਜੋ ਕਿ ਗੁਰਦੁਆਰਾ ਸਾਹਿਬਾਨ ਸੈਕਸ਼ਨ ੮੫ ਅਤੇ ੮੭ ਪਾਸੋਂ ਨਿਯਮਾਂ ਅਨੁਸਾਰ ਲਿਆ ਜਾਂਦਾ ਹੈ। ਇਹ ਉਨ੍ਹਾਂ ਦੀ ਅਸਲ ਆਮਦਨ ਦਾ ੧੦% ਹਿੱਸਾ ਹੀ ਹੁੰਦਾ ਹੈ। ਇਸ ਤੋਂ ਇਲਾਵਾ ਬੈਂਕ ਖਾਤਿਆਂ ਦਾ ਵਿਆਜ ਅਤੇ ਜਮੀਨਾਂ ਦੇ ਠੇਕੇ ਦੀ ਆਮਦਨ ਵੀ ਇਸ ਬਜਟ ਦਾ ਸਰੋਤ ਬਣਦੀ ਹੈ। ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਲਈ ਮੁਲਾਜ਼ਮਾਂ ਦੀਆਂ ਤਨਖਾਹਾਂ, ਸਫਰ ਖਰਚ, ਮੁਕੱਦਮਿਆਂ ਦੇ ਖਰਚ, ਆਡਿਟ ਫੀਸ, ਡਾਕ ਖਰਚ, ਗੱਡੀਆਂ ਦੇ ਖਰਚ, ਇਮਾਰਤਾਂ ਦੇ ਖਰਚ, ਅਤੇ ਸਹਾਇਤਾ ਆਦਿ ਇਸ ਫੰਡ ਦੇ ਮੁੱਖ ਖਰਚੇ ਹਨ। ਇਨਾਂ ਕਾਰਜਾਂ ਲਈ ਵਿਸ਼ੇਸ਼ ਫੰਡ ਰਾਖਵੇਂ ਕੀਤੇ ਗਏ ਹਨ।ਸਾਲ ੨੦੨੫-੨੦੨੬ ਲਈ ਜਨਰਲ ਬੋਰਡ ਫੰਡ ਦਾ ਕੁੱਲ ਬਜਟ ਛਿਆਸੀ ਕਰੋੜ ਰੁਪਏ ਦਾ ਹੈ।

**ਇਸਦੇ ਖਰਚਿਆਂ ਦੀ ਵੰਡ ਹੇਠ ਲਿਖੇ ਅਨੁਸਾਰ ਹੈ :-**

* ਸ਼੍ਰੋਮਣੀ ਗੁਰਦੁਆਰਾ ਸਹਿਬਾਨ ਨਾਲ ਸਬੰਧਤ ਅਦਾਰਿਆਂ ਦੇ ਪ੍ਰਬੰਧ ਦੀ ਦੇਖ-ਰੇਖ ਕਰਨ ਵਾਲੇ ਸਟਾਫ ਦੀ ਤਨਖਾਹ ਦਾ ਖਰਚ ਜਨਰਲ ਬੋਰਡ ਫੰਡ ਵਿੱਚੋਂ ਕੀਤਾ ਜਾਂਦਾ ਹੈ। ਇਸ ਸਾਲ ਦੇ ਬਜਟ ਵਿੱਚ ਮੁਲਾਜਮਾਂ ਦੀਆ ਤਨਖਾਹਾਂ ਲਈ ਤੀਹ ਕਰੋੜ ਸੱਤਰ ਲੱਖ ਰੁਪਏ ਰੱਖੇ ਗਏ ਹਨ।
* ਗੁਰਦੁਆਰਾ ਸਾਹਿਬਾਨ ਨਾਲ ਸਬੰਧਤ ਅਤੇ ਪੰਥਕ ਮੁਕੱਦਮਿਆਂ ਦੀ ਪੈਰਵੀ ਵਾਸਤੇ ਇੱਕ ਕਰੋੜ ਅੱਸੀ ਲੱਖ ਰੁਪਏ ਅਤੇ ਜੇਲ੍ਹਾਂ ਵਿੱਚ ਬੰਦ ਸਿੰਘਾਂ ਦੀ ਪੈਰਵਾਈ ਲਈ ਤੀਹ ਲੱਖ ਰੁਪਏ ਵੱਖਰੇ ਸ਼ਹੀਦੀ ਫੰਡ ਵਿੱਚ ਵੀ ਰੱਖੇ ਗਏ ਹਨ।
* ਗਰੀਬਾਂ, ਲੋੜਵੰਦਾਂ, ਗਰੀਬ ਸਿੱਖ ਵਿਦਿਆਰਥੀਆਂ, ਮੀਰੀ ਪੀਰੀ ਮੈਡੀਕਲ ਕਾਲਜ, ਸ਼ਾਹਬਾਦ ਮਾਰਕੰਡਾ ਲਈ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ ਲਈ, ਅਤੇ ਵਿਦਿਅਕ ਅਦਾਰਿਆਂ ਦੀਆਂ ਇਮਾਰਤਾਂ ਦੀ ਸੰਭਾਲ, ਮੁਰੰਮਤਾਂ, ਰੰਗ ਰੋਗਨ ਆਦਿ ਨੂੰ ਸਹਾਇਤਾ ਦੇਣ ਲਈ ਇੱਕੀ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਪ੍ਰਧਾਨ ਸਾਹਿਬ ਅਤੇ ਮੈਂਬਰ ਸਾਹਿਬਾਨਾਂ ਦੇ ਸਫਰ ਖਰਚ ਲਈ ਇਸ ਸਾਲ ਵੀ ਨੱਬੇ ਲੱਖ ਰੁਪਏ ਹੀ ਰੱਖੇ ਗਏ ਹਨ।
* ਮੁਲਾਜ਼ਮਾਂ ਦੇ ਸਫਰ ਖਰਚ ਲਈ ਪੈਂਹਠ ਲੱਖ ਰੁਪਏ ਰੱਖੇ ਗਏ ਹਨ।
* ਗੁਰਦੁਆਰਾ ਸ੍ਰੀ ਕਲਗੀਧਰ ਨਿਵਾਸ ਚੰਡੀਗੜ੍ਹ ਦੇ ਖਰਚ ਲਈ ਸਮੇਤ ਸਟਾਫ ਦੀਆਂ ਤਨਖਾਹਾਂ ਸਤਾਸੀ ਲੱਖ ਪੰਜਾਹ ਹਜਾਰ ਰੁਪਏ ਰੱਖੇ ਗਏ ਹਨ।
* ਸਬ-ਆਫਿਸਾਂ ਦੇ ਖਰਚ ਸਮੇਤ ਤਨਖਾਹ ਸਟਾਫ (ਸਬ ਆਫਿਸ ਚੰਡੀਗੜ੍ਹ, ਸਬ ਆਫਿਸ ਮਾਲਵਾ

ਜੋਨ (ਤਲਵੰਡੀ ਸਾਬ੍ਹੋ ਕੀ), ਅਤੇ ਸਬ ਆਫਿਸ ਦੁਆਬਾ ਜੋਨ (ਸ੍ਰੀ ਅਨੰਦਪੁਰ ਸਾਹਿਬ) ਲਈ ਤਿੰਨ ਕਰੋੜ ਬਤਾਲੀ ਲੱਖ ਪੰਜਾਹ ਹਜ਼ਾਰ ਰੁਪਏ ਰੱਖੇ ਗਏ ਹਨ।

* ਸੇਵਾਮੁੱਕਤ ਹੋਣ ਵਾਲੇ ਮੁਲਾਜ਼ਮਾਂ ਨੂੰ ਰਿਟਾਇਰਮੈਂਟ ਉਪ੍ਰੰਤ ਦੇਣ ਵਾਲੇ ਸੇਵਾਫਲ (ਗ੍ਰੈਚੂਇਟੀ) ਲਈ ਤਿੰਨ ਕਰੋੜ ਪੰਤਾਲੀ ਲੱਖ ਰੁਪਏ ਰੱਖੇ ਗਏ ਹਨ।
* ਮੈਂਬਰ ਸਾਹਿਬਾਨ ਅਤੇ ਮੁਲਾਜ਼ਮਾਂ ਦਾ ਮੈਡੀਕਲ ਅਤੇ ਐਕਸੀਡੈਂਟਲ ਬੀਮਾ ਕਰਵਾਉਣ ਲਈ ਇੱਕ ਕਰੋੜ ਬੱਤੀ ਲੱਖ ਰੁਪਏ ਰੱਖੇ ਗਏ ਹਨ।
* ਰਿਟਾਇਰ ਹੋ ਚੁੱਕੇ ਸਾਬਕਾ ਮੁਲਾਜ਼ਮਾਂ ਦੇ ਮੈਡੀਕਲੇਮ ਬੀਮੇਂ ਲਈ ਵੀਹ ਲੱਖ ਰੁਪਏ ਰੱਖੇ ਗਏ ਹਨ।
* ਗੱਡੀਆਂ ਦੀ ਮੁਰੰਮਤ ਅਤੇ ਤੇਲ ਖਰਚ ਲਈ ਇਸ ਸਾਲ ਵੀ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਇਸ਼ਤਿਹਾਰਬਾਜੀ ਲਈ ਚਾਲੀ ਲੱਖ ਰੁਪਏ ਰੱਖੇ ਹਨ।
* ਨਿਸਚੈ ਅਕੈਡਮੀ ਦੀ ਨਵੀਂ ਇਮਾਰਤ ਬਣਾਉਣ ਅਤੇ ਧਰਮਸ਼ਾਲਾ ਚਾਨਣਾ ਸਿੰਘ ਖਜਾਨਾ ਗੇਟ ਵਿਖੇ ਨਵੇਂ ਸਟਾਫ ਕੁਆਰਟਰ ਬਨਾਉਣ ਲਈ ਦਸ ਕਰੋੜ ਰੁਪਏ ਰੱਖੇ ਗਏ ਹਨ।
* ਨਵੀਆਂ ਗੱਡੀਆਂ ਖਰੀਦ ਕਰਨ ਲਈ ਸੱਤਰ ਲੱਖ ਰੁਪਏ ਰੱਖੇ ਗਏ ਹਨ।
* ਗੁਰਦੁਆਰਾ ਕਲਗੀਧਰ ਨਿਵਾਸ, ਚੰਡੀਗੜ੍ਹ ਵਿਖੇ ਸੋਲਰ ਸਿਸਟਮ ਲਗਵਾਉਣ ਲਈ ਤੀਹ ਲੱਖ ਰੁਪਏ ਰੱਖੇ ਗਏ ਹਨ।
* ਸਬ-ਆਫਿਸ ਚੰਡੀਗੜ੍ਹ ਵਿਖੇ ਗੱਡੀਆਂ ਆਦਿ ਖੜੀਆਂ ਕਰਨ ਵਾਸਤੇ ਨਵਾਂ ਸੈਡ ਬਨਾਉਣ ਲਈ ਤੀਹ ਲੱਖ ਰੁਪਏ ਰੱਖੇ ਗਏ ਹਨ।
* ਜੇ ਇੰਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖਰਚ ਕਰਨ ਦੀ ਜਰੂਰਤ ਪੈਂਦੀ ਹੈ ਤਾਂ ਛੇ ਕਰੋੜ ਵੀਹ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਵੀ ਰੱਖਿਆ ਗਿਆ ਹੈ।

## (੨) ਬਜਟ ਭਾਗ "ੳ-੨" (ਟਰੱਸਟ ਫੰਡਜ਼)

### ਭਾਗ ਆਮਦਨ

| | |
|---|---|
| ਆਪਣੀ ਨਿਰੋਲ ਆਮਦਨ | = ਪੰਦਰਾਂ ਕਰੋੜ ਛਪਿੰਜਾ ਲੱਖ ਅੱਸੀ ਹਜਾਰ ਰੁਪਏ। |
| ਗੁਰਦੁਆਰਾ ਸਹਿਬਾਨ ਦਫਾ-੮੫ ਤੋਂ ਫੰਡਾਂ ਦੀ ਵਸੂਲੀ | = ਚਾਲੀ ਕਰੋੜ ਸਤਵਿੰਜਾ ਲੱਖ ਰੁਪਏ। |
| ਜਨਰਲ ਬੋਰਡ ਫੰਡ ਤੋਂ ਗ੍ਰੈਚੂਇਟੀ ਫੰਡ | = ਤਿੰਨ ਕਰੋੜ ਪੰਜਤਾਲੀ ਲੱਖ ਰੁਪਏ। |
| ਧਰਮ ਪ੍ਰਚਾਰ ਕਮੇਟੀ ਤੋਂ ਗ੍ਰੈਚੂਇਟੀ ਫੰਡ | = ਚਾਰ ਕਰੋੜ ਚਾਲੀ ਲੱਖ ਰੁਪਏ। |
| ਸਿੱਖ ਇਤਿਹਾਸ ਖੋਜ ਫੰਡ ਤੋਂ ਗ੍ਰੈਚੁਇਟੀ ਫੰਡ | = ਤੇਰਾਂ ਲੱਖ ਸੱਤਰ ਹਜ਼ਾਰ ਰੁਪਏ। |
| ਗੁਰਬਾਣੀ ਤੇ ਗੁਰਮਤਿ ਲਿਟਰੇਚਰ ਫੰਡ ਤੋਂ ਗ੍ਰੈਚੂਇਟੀ ਫੰਡ | = ਚੌਦਾਂ ਲੱਖ ਅੱਸੀ ਹਜ਼ਾਰ ਰੁਪਏ। |
| ਹਿੱਸਾ ਖਰਚ ਦਫਤਰ ਤੋਂ ਗ੍ਰੈਚੂਇਟੀ ਫੰਡ | = ਸੋਲਾਂ ਲੱਖ ਰੁਪਏ। |
| ਵਿਦਿਆ ਫੰਡ ਤੋਂ ਗ੍ਰੈਚੁਇਟੀ ਫੰਡ | = ਇੱਕੀ ਲੱਖ ਰੁਪਏ। |
| ਸਪੋਰਟਸ ਫੰਡ ਤੋਂ ਗ੍ਰੈਚੁਇਟੀ ਫੰਡ | = ਨੌ ਲੱਖ ਰੁਪਏ। |
| ਪ੍ਰਿੰਟਿੰਗ ਪ੍ਰੈਸਾਂ ਤੋਂ ਗ੍ਰੈਚੂਇਟੀ ਫੰਡ | = ਬਾਰਾਂ ਲੱਖ ਸੱਤਰ ਹਜ਼ਾਰ ਰੁਪਏ। |
| ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ, ਠੱਠਾ ਤੋਂ ਗ੍ਰੈਚੂਇਟੀ ਫੰਡ | = ਪੰਜਾਹ ਲੱਖ ਰੁਪਏ ਕੇਵਲ। |

ਕੁੱਲ ਆਮਦਨ = ਪੈਂਹਠ ਕਰੋੜ ਛੱਤੀ ਲੱਖ ਰੁਪਏ।

ਸਿੱਖ ਗੁਰਦੁਆਰਾ ਐਕਟ, ੧੯੨੫ ਦੀਆਂ ਵੱਖ-ਵੱਖ ਧਾਰਾਵਾਂ ਦੇ ਅਧਾਰ ਅਤੇ ਪ੍ਰਬੰਧ ਸਕੀਮ ਅਨੁਸਾਰ ਟਰੱਸਟ ਫੰਡਜ਼ ਵਾਸਤੇ ਗੁਰਦੁਆਰਾ ਸਾਹਿਬਾਨ ਸੈਕਸ਼ਨ (੮੫) ਦੀ ਅਸਲ ਆਮਦਨ ਦਾ ੮.੫੦% ਤੱਕ ਇਕੱਤਰ ਕੀਤਾ ਜਾ ਸਕਦਾ ਹੈ। ਇਸ ਸਾਲ ਦੇ ਬਜਟ ਵਿਚ 'ਏ' ਕੈਟਾਗਰੀ ਦੇ ਗੁਰਦੁਆਰਾ ਸਹਿਬਾਨ ਪਾਸੋਂ ੨.੧੦%, 'ਬੀ' ਕੈਟਾਗਰੀ ਦੇ ਗੁਰਦੁਆਰਾ ਸਹਿਬਾਨ ਪਾਸੋਂ ੧.੪੫% ਅਤੇ 'ਸੀ' ਕੈਟਾਗਰੀ ਦੇ ਗੁਰਦੁਆਰਾ ਸਹਿਬਾਨ ਪਾਸੋਂ ੦.੮੦% ਫੰਡ ਹੀ ਲਿਆ ਗਿਆ ਹੈ। ਇਸ ਸਮੇਂ ਸਿੱਖ ਇਤਿਹਾਸ ਬੋਰਡ ਫੰਡ, ਗੁਰਬਾਣੀ ਤੇ ਗੁਰਮਤਿ ਲਿਟਰੇਚਰ ਫੰਡ, ਧਰਮ ਅਰਥ ਫੰਡ, ਭਾਈਚਾਰਕ ਸੁਧਾਰ ਫੰਡ, ਸ਼ਹੀਦੀ ਫੰਡ, ਕੁਦਰਤੀ ਆਫਤਾਂ ਫੰਡ ਸਮੇਤ ਕੁੱਲ ੨੦ ਟਰੱਸਟ ਹਨ। ਇਹਨਾਂ ਦਾ ਖਰਚ ਟਰੱਸਟਾਂ ਦੀ ਬਣਤਰ 'ਚ ਤੈਅ ਕੀਤੀਆਂ ਮੱਦਾਂ ਤੇ ਹੀ ਕੀਤਾ ਜਾਂਦਾ ਹੈ। ਸਾਲ ੨੦੨੫-੨੦੨੬ ਲਈ ਟਰੱਸਟ ਫੰਡਜ ਦਾ ਕੁੱਲ ਬਜਟ ਪੈਂਹਠ ਕਰੋੜ ਛੱਤੀ ਲੱਖ ਰੁਪਏ ਹੈ, ਇਸ ਦੇ ਖਰਚਿਆਂ ਦੀ ਵੰਡ ਹੇਠ ਲਿਖੇ ਅਨੁਸਾਰ ਹੈ।

* ਸਿੱਖ ਇਤਿਹਾਸ ਖੋਜ ਫੰਡ ਦੇ ਸਟਾਫ ਦੀ ਤਨਖਾਹ ਲਈ ਖਰਚ ਇੱਕ ਕਰੋੜ ਸਤਾਈ ਲੱਖ ਰੁਪਏ ਰੱਖੇ ਗਏ ਹਨ।
* ਸਿੱਖ ਇਤਿਹਾਸ ਖੋਜ ਫੰਡ ਦੇ ਸਟਾਫ ਦੀ ਗ੍ਰੈਚੂਇਟੀ ਲਈ ਤੇਰਾਂ ਲੱਖ ਸੱਤਰ ਹਜ਼ਾਰ ਰੁਪਏ ਰੱਖੇ ਗਏ ਹਨ।
* ਸਿੱਖ ਇਤਿਹਾਸ ਦੀ ਖੋਜ, ਲਿਖਾਈ, ਛਪਾਈ, ਨਵੀਆਂ ਪੁਸਤਕਾਂ, ਪੁਰਾਤਨ ਗ੍ਰੰਥਾਂ ਦੀ ਛਪਾਈ ਅਤੇ ਹੱਥ ਲ਼ਿਖਤ ਖਰੜਿਆਂ ਲਈ ਦੋ ਲੱਖ ਰੁਪਏ।
* ਜੇ ਇੰਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਸਿੱਖ ਇਤਿਹਾਸ ਖੋਜ ਫੰਡ ਵਿੱਚ ਇੱਕ ਕਰੋੜ ਸੱਤਰ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਰੱਖਿਆ ਗਿਆ ਹੈ।
* ਗੁਰਬਾਣੀ ਅਤੇ ਗੁਰਮਤਿ ਲਿਟਰੇਚਰ ਫੰਡ ਵਿਖੇ ਡਿਊਟੀ ਕਰਨ ਵਾਲੇ ਸਟਾਫ ਦੀ ਤਨਖਾਹ ਲਈ ਇੱਕ ਕਰੋੜ ਸੱਠ ਲੱਖ ਰੁਪਏ ਰੱਖੇ ਗਏ ਹਨ।
* ਗੁਰਬਾਣੀ ਅਤੇ ਗੁਰਮਤਿ ਲਿਟਰੇਚਰ ਫੰਡ ਵਿਖੇ ਡਿਊਟੀ ਕਰਨ ਵਾਲੇ ਸਟਾਫ ਦੀ ਗ੍ਰੈਚੂਇਟੀ ਲਈ ਚੌਦਾਂ ਲੱਖ ਅੱਸੀ ਹਜਾਰ ਰੁਪਏ ਰੱਖੇ ਗਏ ਹਨ।
* ਗੁਰਬਾਣੀ ਅਤੇ ਗੁਰਮਤਿ ਲਿਟਰੇਚਰ ਫੰਡ ਵਿਚੋਂ ਸ੍ਰੀ ਗੁਰੁ ਗ੍ਰੰਥ ਸਾਹਿਬ ਦੇ ਪਾਵਨ ਸਰੂਪਾਂ ਦੀ ਛਪਾਈ ਤੇ ਕਾਗਜ਼, ਜਿਲਦਬੰਦੀ ਪੋਥੀਆਂ ਅਤੇ ਗੁਰਬਾਣੀ ਦੇ ਗੁਟਕਿਆਂ ਦੀ ਛਪਾਈ ਲਈ ਇੱਕ ਕਰੋੜ ਸੱਤਰ ਲੱਖ ਰੁਪਏ ਰੱਖੇ ਗਏ ਹਨ।
* ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਵੱਖ-ਵੱਖ ਸ਼ਹਿਰਾਂ ਅਤੇ ਇਲਾਕਿਆਂ ਵਿੱਚ ਲੈਕੇ ਜਾਣ ਵਾਲੀ ਗੱਡੀ ਦੇ ਡੀਜ਼ਲ, ਮੁਰੰਮਤ ਆਦਿ ਖਰਚ ਲਈ ਪੰਦਰ੍ਹਾਂ ਲੱਖ ਰੁਪਏ ਰੱਖੇ ਗਏ ਹਨ।
* ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਵੱਖ-ਵੱਖ ਸ਼ਹਿਰਾਂ ਅਤੇ ਇਲਾਕਿਆਂ ਵਿੱਚ ਲੈਕੇ ਜਾਣ ਵਾਸਤੇ ਨਵੀਂ ਬੱਸ ਖਰੀਦ ਕਰਨ ਲਈ ਪੰਜਾਹ ਲੱਖ ਰੁਪਏ ਰੱਖੇ ਗਏ ਹਨ ।
* ਸਫਰ ਖਰਚ ਲਈ ਦਸ ਲੱਖ ਰੁਪਏ ਰੱਖੇ ਗਏ ਹਨ।
* ਜੇ ਇੰਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਗੁਰਬਾਣੀ ਅਤੇ ਗੁਰਮਤਿ ਲਿਟਰੇਚਰ ਫੰਡ ਵਿੱਚ ਦੋ ਕਰੋੜ ਸੋਲਾਂ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਰੱਖਿਆ ਗਿਆ ਹੈ।

* ਬੀਮਾਰੀਆਂ ਤੋਂ ਪੀੜਤ ਮਰੀਜ਼ਾਂ, ਗਰੀਬ ਬੱਚਿਆਂ ਦੀ ਪੜਾਈ ਲਿਖਾਈ, ਅਤੇ ਆਰਥਿਕ ਪੱਖੋਂ ਕੰਮਜ਼ੋਰ ਵਿਅਕਤੀਆਂ ਦੀ ਸਹਾਇਤਾ ਲਈ ਧਰਮ ਅਰਥ ਫੰਡ ਵਿਚ ਤਿੰਨ ਕਰੋੜ ਵੀਹ ਲੱਖ ਰੁਪਏ ਰੱਖੇ ਗਏ ਹਨ।
* ਪੰਥਕ ਭਲਾਈ ਫੰਡ ਵਿਚੋਂ ਸਹਾਇਤਾ ਲਈ ਛਿਅੱਤਰ ਲੱਖ ਰੁਪਏ ਰੱਖੇ ਗਏ ਹਨ।
* ਸਿੱਖ ਪੰਥ ਲਈ ਕੁਰਬਾਨੀ ਕਰਨ ਵਾਲੇ ਅਤੇ ਸਰਕਾਰੀ ਤਸ਼ੱਦਦ ਤੋਂ ਪੀੜਤ ਪ੍ਰੀਵਾਰਾਂ ਦੇ ਵਾਰਿਸਾਂ ਨੂੰ ਹਰ ਮਹੀਨੇ ਪੈਨਸ਼ਨਾਂ ਦਿੱਤੀਆਂ ਜਾਂਦੀਆਂ ਹਨ। ਇਸ ਕਾਰਜ ਲਈ ਧਰਮ ਅਰਥ ਫੰਡ ਵਿਚੋਂ ਇਸ ਸਾਲ ਪੰਜ ਲੱਖ ਰੁਪਏ ਰੱਖੇ ਗਏ ਹਨ।
* ਭਾਈਚਾਰਕ ਸੁਧਾਰ ਫੰਡ ਵਿੱਚੋਂ ਭਾਈਚਾਰਕ ਭਲਾਈ ਲੈਬ (ਲੈਬੋਰਟਰੀ) ਸਥਾਪਤ ਕਰਨ ਲਈ ਤੀਹ ਲੱਖ ਰੁਪਏ ਰੱਖੇ ਗਏ ਹਨ।
* ਭਾਈਚਾਰਕ ਸੁਧਾਰ ਫੰਡ ਵਿੱਚੋਂ ਭਾਈਚਾਰਕ ਭਲਾਈ ਦਵਾਖਾਨਾ ਸਥਾਪਤ ਕਰਨ ਲਈ ਤੀਹ ਲੱਖ ਰੁਪਏ ਰੱਖੇ ਗਏ ਹਨ।
* ਭਾਈਚਾਰਕ ਸੁਧਾਰ ਫੰਡ ਵਿੱਚੋਂ ਆਰਥਿਕ ਪੱਖੋ ਕਮਜ਼ੋਰ ਵਿਅਕਤੀਆਂ ਦੀ ਸਹਾਇਤਾ ਲਈ ਇਕੱਤਰ ਲੱਖ ਰੁਪਏ ਰੱਖੇ ਗਏ ਹਨ।
* ਜੇ ਇੰਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਭਾਈਚਾਰਕ ਸੁਧਾਰ ਫੰਡ ਵਿੱਚ ਇੱਕ ਕਰੋੜ ਚੁਤਾਲੀ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਰੱਖਿਆ ਗਿਆ ਹੈ।
* ਵਾਹਿਗੁਰੂ ਮਿਹਰ ਰੱਖਣ ਕਿ ਕਦੇ ਵੀ ਕੋਈ ਆਫਤ ਨਾਂ ਆਵੇ, ਪਰ ਫਿਰ ਵੀ ਜੇ ਕੋਈ ਕੁਦਰਤੀ ਆਫਤ ਤੂਫਾਨ, ਭੁਚਾਲ ਤੇ ਸੁਨਾਮੀ ਆਦਿ ਆਉਦੀ ਹੈ ਤਾਂ ਇੰਨ੍ਹਾਂ ਤੋਂ ਪੀੜਤ ਲੋਕਾਂ ਦੀ ਮਦਦ ਲਈ ਕੁਦਰਤੀ ਆਫਤਾਂ ਫੰਡ ਵਿਚ ਇੱਕ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਜੇਲ੍ਹਾਂ ਵਿੱਚ ਬੰਦ ਸਿੱਖਾਂ ਦੇ ਕੇਸਾਂ ਦੀ ਪੈਰਵਾਈ ਲਈ ਤੀਹ ਲੱਖ ਰੁਪਏ ਅਤੇ ੧੯੮੪ ਦੇ ਫੌਜੀ ਹਮਲੇ ਸਮੇਂ ਗਿਰਫਤਾਰ ਸਿੰਘਾਂ ਦੇ ਮੁਆਵਜ਼ੇ, ਦਿੱਲੀ ਅਤੇ ਕਾਨਪੁਰ ਵਿਖੇ ਹੋਏ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਜਾਵਾਂ ਦੇਣ ਅਤੇ ਸਪੈਸ਼ਲ ਅਦਾਲਤਾਂ ਦੇ ਕੇਸਾਂ ਵਿੱਚ ਵਕੀਲਾਂ ਦੀ ਫੀਸ ਆਦਿ ਲਈ ਹੋਰ ਵੱਖਰੇ ਤੀਹ ਲੱਖ ਰੁਪਏ ਕੁੱਲ ਸੱਠ ਲੱਖ ਰੁਪਏ ਸ਼ਹੀਦੀ ਫੰਡ ਵਿੱਚ ਰੱਖੇ ਗਏ ਹਨ। ਇਸ ਤੋਂ ਇਲਾਵਾ ਜਨਰਲ ਬੋਰਡ ਫੰਡ ਵਿੱਚ ਇੱਕ ਕਰੋੜ ਅੱਸੀ ਲੱਖ ਰੁਪਏ ਵੀ ਵੱਖਰੇ ਰੱਖੇ ਗਏ ਹਨ।
* ਲੰਮੇਂ ਸਮੇਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਸਿੰਘਾਂ ਨੂੰ ਹਰ ਮਹੀਨੇ ਚਾਲੀ ਹਜਾਰ ਰੁਪਏ ਸਨਮਾਨ ਭੱਤਾ ਦਿਤਾ ਜਾਂਦਾ ਹੈ। ਇਸ ਕਾਰਜ ਲਈ ਸ਼ਹੀਦੀ ਫੰਡ ਵਿੱਚ ਪੰਜਤਾਲੀ ਲੱਖ ਰੁਪਏ ਰੱਖੇ ਗਏ ਹਨ।
* ਸ਼ਹੀਦ ਅਤੇ ਜਖਮੀ ਸਿੰਘਾਂ ਦੇ ਪ੍ਰੀਵਾਰਾਂ ਨੂੰ ਸਹਾਇਤਾ ਦੇਣ ਲਈ ਸ਼ਹੀਦੀ ਫੰਡ ਵਿੱਚ ਦਸ ਲੱਖ ਰੁਪਏ ਰੱਖੇ ਗਏ ਹਨ।
* ਰਲੀਫ ਫੰਡ ਲਈ ਸੱਤ ਲੱਖ ਰੁਪਏ ਰੱਖੇ ਗਏ ਹਨ।
* ੧੯੮੪ ਦੇ ਫੌਜੀ ਹਮਲੇ ਸਮੇਂ ਬੈਰਕਾਂ ਛੱਡਣ ਵਾਲੇ ਧਰਮੀ ਫੌਜੀਆਂ ਦੀ ਇਹ ਸੰਸਥਾ ਹਮੇਸ਼ਾ ਮੱਦਦ ਕਰਦੀ ਆਈ ਹੈ। ਇਸ ਸਬੰਧ ਵਿੱਚ ਜਨਰਲ ਕੋਰਟ ਮਾਰਸ਼ਲ ਕੀਤੇ ਹਏ ਧਰਮੀ ਫੌਜੀਆਂ ਨੂੰ ਅਤੇ ਜਿਹੜੇ ਸਵਰਗਵਾਸ ਹੋ ਗਏ ਹਨ ਉਨ੍ਹਾਂ ਦੇ ਵਾਰਸਾਂ ਨੂੰ ਸਾਲ ੨੦੨੪-੨੦੨੫ ਦੌਰਾਨ ਹੁਣ ਤੱਕ ਚੁਰਾਸੀ ਲੱਖ ਚਾਲੀ ਹਜਾਰ ਰੁਪਏ ਸਹਾਇਤਾ ਦਿੱਤੀ ਜਾ ਚੁਕੀ ਹੈ। ਅੱਗੋਂ ਵੀ ਸਾਲ ੨੦੨੫-੨੦੨੬ ਲਈ ਸ਼ਹੀਦੀ ਫੰਡ ਵਿੱਚ ਇੱਕ ਕਰੋੜ ਰੁਪਏ ਹੋਰ ਰੱਖੇ ਗਏ ਹਨ।
* ਲੰਮੀ ਸੇਵਾ ਕਰਨ ਉਪ੍ਰੰਤ ਸੇਵਾ ਮੁਕਤ ਹੋਏ ਮੁਲਾਜਮਾਂ ਨੂੰ ਗ੍ਰੈਚੂਇਟੀ ਅਤੇ ਜਮ੍ਹਾਂ ਰਿਆਇਤੀ ਛੁੱਟੀਆਂ

ਦਾ ਸੇਵਾਫਲ ਦੇਣ ਲਈ ਅਠੱਤੀ ਕਰੋੜ ਸੋਲਾਂ ਲੱਖ ਰੁਪਏ ਰੱਖੇ ਗਏ ਹਨ।

* ਟਰੱਸਟ ਬ੍ਰਾਂਚ ਅਤੇ ਅਕਾਊਂਟ ਬ੍ਰਾਂਚ ਵਿਖੇ ਡਿਊਟੀ ਕਰਨ ਵਾਲੇ ਸਟਾਫ ਦੀ ਤਨਖਾਹ, ਗ੍ਰੈਚੂਇਟੀ ਫੰਡ, ਖਰਚ ਮੁਕਦਮੇਂ, ਬੀਮਾਂ ਮੁਲਾਜਮਾਂ, ਸਟੇਸ਼ਨਰੀ ਅਤੇ ਫੁੱਟਕਲ ਆਦਿ ਲਈ ਹਿੱਸਾ ਖਰਚ ਦਫਤਰ ਵਿਚ ਦੋ ਕਰੋੜ ਸੱਠ ਲੱਖ ਰੁਪਏ ਰੱਖੇ ਗਏ ਹਨ ।

## (ੲ) ਬਜਟ ਭਾਗ "ੳ-੩" (ਵਿਦਿਆ ਫੰਡ)

### ਭਾਗ ਆਮਦਨ

| | |
|---|---|
| ਆਪਣੀ ਨਿਰੋਲ ਆਮਦਨ | = ਸੱਤਰ ਲੱਖ ਰੁਪਏ। |
| ਗੁਰਦੁਆਰਾ ਸਹਿਬਾਨ ਦਫਾ-੮੫ ਤੋਂ ਵਿਦਿਆ ਫੰਡ | = ਚੌਤੀ ਕਰੋੜ ਬਵਿੰਜਾ ਲੱਖ ਰੁਪਏ। |
| ਗੁਰਦੁਆਰਾ ਸਹਿਬਾਨ ਦਫਾ-੮੫ ਤੋਂ ਸਹਾਇਤਾ | = ਸਤਾਰ੍ਹਾਂ ਕਰੋੜ ਅੱਠਵਿੰਜਾ ਲੱਖ ਰੁਪਏ। |
| ਧਰਮ ਪ੍ਰਚਾਰ ਕਮੇਟੀ ਤੋਂ ਨਿਸਚੈ ਅਕੈਡਮੀ ਲਈ ਸਹਾਇਤਾ | = ਦੋ ਕਰੋੜ ਰੁਪਏ। |
| ਵਿਦਿਅਕ ਅਦਾਰਿਆਂ ਤੋਂ ਗ੍ਰੈਚੂਇਟੀ ਫੰਡ | = ਇੱਕ ਕਰੋੜ ਰੁਪਏ। |
| ਕੁੱਲ ਆਮਦਨ | = ਪਚਵਿੰਜਾ ਕਰੋੜ ਅੱਸੀ ਲੱਖ ਰੁਪਏ। |

ਮੈਂ ਪਹਿਲਾਂ ਹੀ ਆਪ ਜੀ ਨੂੰ ਦੱਸ ਚੁੱਕਾ ਹਾਂ ਕਿ ਸਮਾਜ ਨੂੰ ਵਿੱਦਿਆ ਦੇਣ ਦੀ ਜ਼ਿੰਮੇਵਾਰੀ ਸਰਕਾਰਾਂ ਦੀ ਹੁੰਦੀ ਹੈ। ਅਜੋਕੇ ਸਮੇਂ ਅੰਦਰ ਸਰਕਾਰਾਂ ਇਸ ਜ਼ਿੰਮੇਵਾਰੀ ਨੂੰ ਪੂਰਨ ਰੂਪ 'ਚ ਨਿਭਾਉਣ ਵਿੱਚ ਅਸਫਲ ਹੋ ਰਹੀਆਂ ਹਨ। ਸਮਾਜ 'ਚ ਵਿੱਦਿਆ ਦੀ ਕਮੀ ਨੂੰ ਪੂਰਾ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੀ ਆਪਣੇ ਸੀਮਤ ਸਾਧਨਾਂ ਨਾਲ ਯੋਗਦਾਨ ਪਾ ਰਹੀ ਹੈ। ਵਿਦਿਆ ਦੇ ਪ੍ਰਸਾਰ ਲਈ ਪ੍ਰਬੰਧ ਸਕੀਮ ਅਨੁਸਾਰ ਗੁਰਦੁਆਰਾ ਸਾਹਿਬਾਨ ਦਫਾ-੮੫ ਦੀ ਅਸਲ ਆਮਦਨ ਦਾ ੫% ਵਿੱਦਿਆ ਫੰਡ ਵਜੋਂ ਇਕੱਤਰ ਕੀਤਾ ਜਾਂਦਾ ਹੈ। ਇਹ ਰਕਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ 'ਚ ਚਲਦੇ ਸਕੂਲਾਂ/ਕਾਲਜਾਂ ਦੇ ਅਨ-ਏਡਿਡ ਸਟਾਫ ਦੀਆਂ ਤਨਖਾਹਾਂ, ਏਡਿਡ ਸਕੂਲਾਂ/ਕਾਲਜਾਂ ਦੇ ਗਵਰਨਨਿੰਗ ਬਾਡੀ ਦਾ ਬਣਦਾ ੫% ਹਿੱਸਾ, ਸਕੂਲਾਂ/ਕਾਲਜਾਂ ਦੀਆਂ ਇਮਾਰਤਾਂ, ਇਹਨਾਂ ਲਈ ਲੋੜੀਂਦੇ ਸਾਜੋ ਸਮਾਨ, ਖੇਡ ਵਿਭਾਗ ਆਦਿ ਲਈ ਖਰਚ ਕੀਤਾ ਜਾਂਦਾ ਹੈ।

ਸਾਲ ੨੦੨੫-੨੦੨੬ ਦਾ ਵਿਦਿਆ ਫੰਡ ਦਾ ਕੁੱਲ ਬਜਟ ਪਚਵਿੰਜਾ ਕਰੋੜ ਅੱਸੀ ਲੱਖ ਰੁਪਏ ਦਾ ਹੈ, ਇਸ ਦੇ ਖਰਚਿਆਂ ਦੀ ਵੰਡ ਹੇਠ ਲਿਖੇ ਅਨੁਸਾਰ ਹੈ:-

* ਏਡਿਡ ਪੋਸਟਾਂ ਪੁਰ ਰੱਖੇ ਗਏ ਅਧਿਆਪਕਾਂ ਦੀ ਸਰਕਾਰ ਪਾਸੋਂ ਮਨਜੂਰੀ (ਅਪਰੂਵਲ) ਨਾ ਮਿਲਣ ਕਰਕੇ ਪ੍ਰਬੰਧਕ ਕਮੇਟੀ ਵਲੋਂ ਆਪ ਤਨਖਾਹਾਂ ਦਿੱਤੀਆਂ ਜਾ ਰਹੀਆਂ ਹਨ। ਏਡਿਡ ਪੋਸਟਾਂ ਵਾਲੇ ਸਟਾਫ ਨੂੰ ਤਨਖਾਹਾਂ ਦੇਣ ਕਰਕੇ ਇਸ ਸੰਸਥਾ ਤੇ ਵਾਧੂ ਵਿੱਤੀ ਬੋਝ ਪੈ ਰਿਹਾ ਹੈ। ਸਾਲ ੨੦੨੫-੨੦੨੬ ਵਿੱਚ ਵਿਦਿਅਕ ਅਦਾਰਿਆਂ ਨੂੰ ਵਿਦਿਆ ਫੰਡ ਵਿਚ ਚੌਤੀ ਕਰੋੜ ਰੁਪਏ ਵਿੱਤੀ ਸਹਾਇਤਾ ਲਈ ਰੱਖੇ ਗਏ ਹਨ।
* ਵਿਦਿਆ ਵਿਭਾਗ ਦੇ ਸਟਾਫ ਦੀ ਤਨਖਾਹ ਲਈ ਦੋ ਕਰੋੜ ਤੀਹ ਲੱਖ ਰੁਪਏ ਰੱਖੇ ਗਏ ਹਨ।
* ਵਿਦਿਆ ਵਿਭਾਗ ਦੇ ਸਟਾਫ ਨੂੰ ਗਰੈਚੂਇਟੀ ਦੇਣ ਲਈ ਇੱਕੀ ਲੱਖ ਰੁਪਏ ਰੱਖੇ ਗਏ ਹਨ।
* ਵਿਦਿਅਕ ਅਦਾਰਿਆਂ (ਸਕੂਲਾਂ/ਕਾਲਜਾਂ) ਦੇ ਸੇਵਾਮੁਕਤ ਹੋਏ ਸਟਾਫ ਨੂੰ ਗ੍ਰੈਚੂਇਟੀ ਆਦਿ ਦੇ ਭੁਗਤਾਨ ਲਈ ਤਿੰਨ ਕਰੋੜ ਰੁਪਏ ਰੱਖੇ ਗਏ ਹਨ।
* ਇਸ਼ਤਿਹਾਰਬਾਜੀ (ਪਬਲੀਸਿਟੀ) ਲਈ ਵੀਹ ਲੱਖ ਰੁਪਏ ਰੱਖੇ ਗਏ ਹਨ।
* ਵਿੱਦਿਅਕ ਅਦਾਰਿਆਂ ਵਿੱਚ ਖਾਲਸਾਈ ਖੇਡਾਂ, ਗਿਆਨ ਪ੍ਰਚੰਡ ਪ੍ਰਸ਼ਨੋਤਰੀ ਮੁਕਾਬਲੇ ਅਤੇ ਗੁਰਮਤਿ

ਸਭਿਆਚਾਰਕ ਮੁਕਾਬਲਿਆਂ ਲਈ ਉਨੱਤੀ ਲੱਖ ਰੁਪਏ ਰੱਖੇ ਗਏ ਹਨ।

* ਵਿੱਦਿਅਕ ਅਦਾਰਿਆਂ ਦੇ ਇਨਫਰਾਸਟ੍ਰਕਚਰ, ਨਵੀਆਂ ਬੱਸਾਂ, ਨਵੇਂ ਫਰਨੀਚਰ, ਆਦਿ ਲਈ ਤਿੰਨ ਕਰੋੜ ਰੁਪਏ ਰੱਖੇ ਗਏ ਹਨ।
* ਵਿੱਦਿਅਕ ਅਦਾਰੇ ਦੀਆਂ ਇਮਾਰਤਾਂ ਦੀ ਸਾਂਭ ਸੰਭਾਲ, ਰੰਗ ਰੋਗਨ ਅਤੇ ਮੁਰੰਮਤਾਂ ਆਦਿ ਲਈ ਪੰਜ ਕਰੋੜ ਰੁਪਏ ਰੱਖੇ ਗਏ ਹਨ।
* ਵਿੱਦਿਅਕ ਅਦਾਰੇ ਦੀਆਂ ਇਮਾਰਤਾਂ ਦੇ ਵਿਸਥਾਰ ਅਤੇ ਪੁਰਾਣੀਆਂ ਇਮਾਰਤਾਂ ਦੇ ਸੁੰਦਰੀਕਰਨ ਲਈ ਦੋ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਸਾਬਤ ਸੂਰਤ ਸਿੱਖ ਬੱਚਿਆਂ ਨੂੰ ਸਿਵਲ ਪ੍ਰਸ਼ਾਸ਼ਨ ਵਿੱਚ ਅੱਗੇ ਲਿਆਉਣ ਲਈ 'ਨਿਸਚੈ ਸਿਵਲ ਸੇਵਾਵਾਂ ਸਿਖਲਾਈ ਕੇਂਦਰ' ਰਾਹੀਂ ਕੋਚਿੰਗ ਦਿੱਤੀ ਜਾਂਦੀ ਹੈ। ਕੋਚਿੰਗ ਲੈਣ ਵਾਲੇ ਬੱਚਿਆਂ ਦੀ ਰਿਹਾਇਸ਼, ਲੰਗਰ, ਕਿਤਾਬਾਂ, ਕੰਪਿਊਟਰ ਆਦਿ ਦੇ ਸਮੂਹ ਖਰਚ ਧਰਮ ਪ੍ਰਚਾਰ ਕਮੇਟੀ ਪਾਸੋਂ ਸਹਾਇਤਾ ਲੈ ਕੇ ਦੇ ਵਿਦਿਆ ਫੰਡ ਰਾਹੀਂ ਕੀਤੇ ਜਾਂਦੇ ਹਨ। ਇਸ ਸਬੰਧੀ ਸਮੁੱਚੇ ਖਰਚਿਆਂ ਲਈ ਇੱਕ ਕਰੋੜ ਬਤਾਲੀ ਲੱਖ ਰੁਪਏ ਰੱਖੇ ਗਏ ਹਨ।
* ਜੇ 'ਨਿਸਚੈ ਸਿਵਲ ਸੇਵਾਵਾਂ ਸਿਖਲਾਈ ਕੇਂਦਰ' ਦੀਆਂ ਇੰਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਸੱਠ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਰੱਖਿਆ ਗਿਆ ਹੈ।
* ਜੇ ਵਿੱਦਿਆਂ ਫੰਡ ਦੀਆਂ ਇੰਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਦੋ ਕਰੋੜ ਅੱਸੀ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਰੱਖਿਆ ਗਿਆ ਹੈ।

## (੪) ਬਜਟ ਭਾਗ "ੳ-੪" (ਸਪੋਰਟਸ ਫੰਡ)

### ਭਾਗ ਆਮਦਨ

| | |
|---|---|
| ਆਪਣੀ ਨਿਰੋਲ ਆਮਦਨ | = ਚਾਰ ਲੱਖ ਰੁਪਏ। |
| ਗੁਰਦੁਆਰਾ ਸਹਿਬਾਨ ਦਫਾ-੮੫ ਤੋਂ ਸਹਾਇਤਾ | = ਇੱਕ ਕਰੋੜ ਪੰਜ ਲੱਖ ਰੁਪਏ। |
| ਧਰਮ ਪ੍ਰਚਾਰ ਕਮੇਟੀ ਤੋਂ ਸਹਾਇਤਾ | = ਦੋ ਕਰੋੜ ਰੁਪਏ। |
| ਕੁੱਲ ਆਮਦਨ | = ਤਿੰਨ ਕਰੋੜ ਨੌ ਲੱਖ ਰੁਪਏ। |

ਸਿੱਖ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖਰਾ ਖੇਡ ਵਿਭਾਗ ਬਣਾ ਕੇ ਇਸਦੇ ਖਰਚਿਆਂ ਲਈ ਸਪੈਸ਼ਲ ਵੱਖਰਾ ਬਜਟ ਤਿਆਰ ਕਰਵਾਇਆ ਗਿਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਖੇਡ ਅਕੈਡਮੀਆਂ ਵਿੱਚੋਂ ਤਿਆਰ ਟੀਮਾਂ ਨੇ ਆਪਣੇ-ਆਪਣੇ ਖੇਤਰ ਵਿੱਚ ਵੱਡੀਆਂ ਮੱਲ੍ਹਾਂ ਮਾਰੀਆਂ ਹਨ। ਇਸ ਸਬੰਧੀ ਮੈਂ ਸੰਖੇਪ ਰੂਪ ਵਿੱਚ ਆਪ ਜੀ ਨੂੰ ਪਿੱਛੇ ਜਾਣਕਾਰੀ ਦੇ ਆਇਆ ਹਾਂ। ਖੇਡ ਵਿਭਾਗ ਲਈ ਸਾਲ ੨੦੨੫-੨੦੨੬ ਵਿੱਚ ਤਿੰਨ ਕਰੋੜ ਨੌ ਲੱਖ ਰੁਪਏ ਦਾ ਰਾਖਵਾਂ ਬਜਟ ਰੱਖਿਆ ਗਿਆ ਹੈ। ਇਸ ਦੇ ਖਰਚ ਦੀਆਂ ਮੱਦਾਂ ਦਾ ਸੰਖੇਪ ਵੇਰਵਾ ਹੇਠ ਲਿਖੇ ਅਨੁਸਾਰ ਹੈ।

* ਖੇਡ ਵਿਭਾਗ ਦੇ ਦਫਤਰੀ ਸਟਾਫ ਦੀ ਤਨਖਾਹ ਲਈ ਵੀਹ ਲੱਖ ਰੁਪਏ ਰੱਖੇ ਗਏ ਹਨ।
* ਖਿਡਾਰੀਆਂ ਦੀਆਂ ਸਕੂਲ ਫੀਸਾਂ ਲਈ ਦਸ ਲੱਖ ਰੁਪਏ ਰੱਖੇ ਗਏ ਹਨ
* ਕਬੱਡੀ ਖਿਡਾਰੀਆਂ ਦੀ ਤਨਖਾਹ ਲਈ ਸੱਠ ਲੱਖ ਰੁਪਏ ਰੱਖੇ ਗਏ ਹਨ।
* ਜੇਕਰ ਟੀਮ ਤੋਂ ਬਾਹਰੋਂ ਕਿਸੇ ਖਿਡਾਰੀ ਨੂੰ ਖਿਡਾਉਣ ਦੀ ਜਰੂਰਤ ਪੈਂਦੀ ਹੈ ਤਾਂ ਮਹਿਮਾਨ ਖਿਡਾਰੀਆਂ ਲਈ ਦਸ ਲੱਖ ਰੁਪਏ ਰੱਖੇ ਗਏ ਹਨ।

* ਹਾਕੀ ਟੀਮ ਦੇ ਸਟਾਫ ਦੀ ਤਨਖਾਹ ਲਈ ਤੀਹ ਲੱਖ ਰੁਪਏ ਰੱਖੇ ਗਏ ਹਨ।
* ਹਾਕੀ ਖਿਡਾਰੀਆਂ ਦੀ ਖੁਰਾਕ ਅਤੇ ਲੰਗਰ ਪਾਣੀ ਲਈ ਚੌਵੀ ਲੱਖ ਰੁਪਏ ਰੱਖੇ ਗਏ।
* ਹਾਕੀ ਦੇ ਗਾਇਡ, ਕੋਚ ਅਤੇ ਖਿਡਾਰੀਆਂ ਦੇ ਮਾਣ-ਸਨਮਾਨ ਲਈ ਪੰਜ ਲੱਖ ਰੁਪਏ ਰੱਖੇ ਗਏ ਹਨ।
* ਹਾਕੀ ਖਿਡਾਰੀਆਂ ਦੀ ਬੱਸ ਅਤੇ ਸਫਰ ਖਰਚ ਲਈ ਦਸ ਲ਼ੱਖ ਰੁਪਏ ਰੱਖੇ ਗਏ ਹਨ।
* ਗਰਾਊਡਾਂ ਦੀ ਸਾਂਭ ਸੰਭਾਲ ਲਈ ਪੰਜ ਲੱਖ ਰੁਪਏ ਰੱਖੇ ਗਏ ਹਨ।
* ਸਪੋਰਟਸ ਵਿਭਾਗ ਦੇ ਸਟਾਫ ਦੀ ਗ੍ਰੈਚੂਇਟੀ ਲਈ ਨੌ ਲੱਖ ਰੁਪਏ ਰੱਖੇ ਗਏ ਹਨ।
* ਖਿਡਾਰੀਆ ਦੀਆਂ ਵਰਦੀਆਂ ਅਤੇ ਸਪੋਰਟਸ ਕਿੱਟਾਂ ਲਈ ਛੇ ਲੱਖ ਰੁਪਏ ਰੱਖੇ ਗਏ ਹਨ।
* ਜੇ ਇੰਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਇੱਕ ਕਰੋੜ ਦਸ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਰੱਖਿਆ ਗਿਆ ਹੈ।

### (੫) ਬਜਟ ਭਾਗ ("ੳ-੫") ਪ੍ਰਿੰਟਿੰਗ ਪ੍ਰੈੱਸਾਂ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ, ਗੁਰਮਤਿ ਸਹਿਤ ਪ੍ਰਕਾਸ਼ਿਤ ਕਰਨ ਦਾ ਸਭ ਤੋਂ ਵੱਡਾ ਅਦਾਰਾ ਹੈ। ਜਿਸ ਵਿੱਚ ਛੋਟੇ ਕਿਤਾਬਚਿਆਂ ਤੋਂ ਲੈ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਤੱਕ ਦੀ ਛਪਾਈ ਪੂਰੀ ਸ਼ਰਧਾ, ਸਤਿਕਾਰ, ਭਾਵਨਾ ਅਤੇ ਮਰਯਾਦਾ ਨਾਲ ਕੀਤੀ ਜਾਂਦੀ ਹੈ। ਇਸ ਕਾਰਜ ਵਾਸਤੇ ਯੋਗ ਅਤੇ ਮਾਹਰ ਸਟਾਫ਼ ਰੱਖਿਆ ਗਿਆ ਹੈ। ਜਿਨ੍ਹਾਂ ਦੀਆਂ ਤਨਖਾਹਾਂ ਦਾ ਖ਼ਰਚਾ ਪ੍ਰਿੰਟਿੰਗ ਪ੍ਰੈੱਸਾਂ ਦੀ ਆਮਦਨ ਵਿੱਚੋਂ ਹੀ ਕੀਤਾ ਜਾਂਦਾ ਹੈ। ਹੁਣ ਮੈਂ ਆਪ ਜੀ ਦੀ ਸੇਵਾ ਵਿੱਚ ਪ੍ਰਿੰਟਿੰਗ ਪ੍ਰੈੱਸਾਂ ਦੇ ਬਜਟ ਪੇਸ਼ ਕਰ ਰਿਹਾ ਹਾਂ ਜੋ ਹੇਠ ਲਿਖੇ ਅਨੁਸਾਰ ਹਨ:-

| | |
|---|---|
| (੧) ਗੋਲਡਨ ਆਫਸੈੱਟ ਪ੍ਰੈੱਸ | = ਪੰਜ ਕਰੋੜ ਪੰਜਾਸੀ ਲੱਖ ਰੁਪਏ। |
| (੨) ਗੁਰਦੁਆਰਾ ਪ੍ਰਿੰਟਿੰਗ ਪ੍ਰੈੱਸ | = ਇੱਕ ਕਰੋੜ ਦਸ ਲੱਖ ਰੁਪਏ। |
| (੩) ਸ਼੍ਰੋਮਣੀ ਪ੍ਰਿੰਟਿੰਗ ਪ੍ਰੈੱਸ | = ਇੱਕ ਕਰੋੜ ਸਤਾਰਾਂ ਲੱਖ ਰੁਪਏ। |
| ਜੋੜ | = ਅਠ ਕਰੋੜ ਬਾਰ੍ਹਾਂ ਲੱਖ ਰੁਪਏ ਕੇਵਲ। |

### (੬) ਬਜਟ ਭਾਗ ("ੳ-੬")
### ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ, ਠੱਠਾ।
### ਭਾਗ ਆਮਦਨ

| | |
|---|---|
| ਆਪਣੀ ਨਿਰੋਲ ਆਮਦਨ | = ਇੱਕ ਕਰੋੜ ਰੁਪਏ। |
| ਗੁਰਦੁਆਰਾ ਬੀੜ ਬਾਬਾ ਬੁੱਢਾ ਜੀ, ਠੱਠਾ ਤੋਂ ਸਹਾਇਤਾ | = ਚਾਰ ਕਰੋੜ ਪੰਜਾਹ ਲੱਖ ਰੁਪਏ। |
| ਕੁੱਲ ਆਮਦਨ | = ਪੰਜ ਕਰੋੜ ਪੰਜਾਹ ਲੱਖ ਰੁਪਏ। |

ਗੁਰੂ ਅਰਜਨ ਦੇਵ ਜੀ ਵਲੋਂ ਦੁਖੀਆਂ, ਬੀਮਾਰਾਂ ਅਤੇ ਕੋਹੜੀਆਂ ਦੇ ਦੁੱਖ ਦਰਦਾਂ ਨੂੰ ਦੂਰ ਕਰਨ ਲਈ ਦਵਾਖਾਨੇ ਸੁਰੂ ਕੀਤੇ ਗਏ ਸਨ। ਗੁਰੂ ਸਾਹਿਬ ਵਲੋਂ ਅਰੰਭੇ ਮਾਨਵ ਭਲਾਈ ਦੇ ਕਾਰਜਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅੱਗੇ ਵਧਾਉਂਦਿਆ ਗੁਰੂ ਘਰਾਂ ਵਿੱਚ ਡਿਸਪੈਂਸਰੀਆਂ ਅਤੇ ਚੈਰੀਟੇਬਲ ਹਸਪਤਾਲ ਖੋਲੇ ਹੋਏ ਹਨ। ਬਾਬਾ ਬੁੱਢਾ ਜੀ ਦੀ ਚਰਨ ਛੋਹ ਪ੍ਰਾਪਤ ਬੀੜ ਬਾਬਾ ਬੁੱਢਾ ਜੀ, ਪਿੰਡ ਠੱਠਾ (ਤਰਨ ਤਾਰਨ) ਦੇ ਪੇਂਡੂ ਇਲਾਕੇ ਵਿੱਚ ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ ਚਲਾਇਆ ਜਾ ਰਹਾ ਹੈ। ਬੀਮਾਰ ਅਤੇ ਦੁਖੀ ਲੋਕਾਂ ਦੀ ਭਲਾਈ ਲਈ ਹਸਪਤਾਲ ਵਿੱਚ ਮਾਹਰ ਅਤੇ ਉਚ ਕੋਟੀ ਦੇ ਡਾਕਟਰਾਂ ਰਾਹੀਂ ਮਰੀਜਾਂ ਦਾ ਇਲਾਜ ਸਸਤਾ ਅਤੇ ਸੇਵਾ ਭਾਵਨਾ ਨਾਲ ਕੀਤਾ ਜਾਂਦਾ ਹੈ। ਬੀੜ

ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ ਦਾ ਸਾਲ ੨੦੨੫-੨੦੨੬ ਲਈ ਬਜਟ ਪੰਜ ਕਰੋੜ ਪੰਜਾਹ ਲੱਖ ਰੁਪਏ ਦਾ ਹੈ। ਇਸ ਦੇ ਖਰਚ ਦੀਆਂ ਖਾਸ-ਖਾਸ਼ ਮੱਦਾਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ :-

* ਸਟਾਫ ਦੀ ਤਨਖਾਹ ਲਈ ਚਾਰ ਕਰੋੜ ਪਜਾਹ ਲੱਖ ਰੁਪਏ ਰੱਖੇ ਗਏ ਹਨ।
* ਲੈਬ ਖਰਚ (ਐਕਸਰੇ, ਈ.ਸੀ.ਜੀ., ਅਲਟਰਾਸਉਂਡ ਆਦਿ) ਲਈ ਗਿਆਰਾਂ ਲੱਖ ਰੁਪਏ ਰੱਖੇ ਰਏ ਹਨ।
* ਬਿੱਲ ਬਿਜਲੀ ਅਤੇ ਸਮਾਨ ਲਈ ਬਾਰਾਂ ਲੱਖ ਰੁਪਏ ਰੱਖੇ ਗਏ ਹਨ।
* ਹਸਪਤਾਲ ਦੇ ਸੇਵਾ ਮੁੱਕਤ ਹੋਣ ਵਾਲੇ ਸਟਾਫ ਦੀ ਗ੍ਰੈਚੁਇਟੀ ਲਈ ਛਿਆਲੀ ਲੱਖ ਪੰਜਾਹ ਹਜਾਰ ਰੁਪਏ ਰੱਖੇ ਗਏ ਹਨ।
* ਸਟਾਫ ਦੇ ਮੈਡੀਕਲੇਮ ਅਤੇ ਐਕਸੀਡੈਂਟਲ ਬੀਮੇਂ ਲਈ ਅੱਠ ਲੱਖ ਰੁਪਏ ਰੱਖੇ ਗਏ ਹਨ।

**ਬਜਟ ਭਾਗ "ਅ" (ਧਰਮ ਪ੍ਰਚਾਰ ਕਮੇਟੀ)**

**ਭਾਗ ਆਮਦਨ**

| | | |
|---|---|---|
| ਧਰਮ ਪ੍ਰਚਾਰ ਕਮੇਟੀ ਦੀ ਆਪਣੀ ਆਮਦਨ | = | ਸਤਾਰ੍ਹਾਂ ਕਰੋੜ ਰੁਪਏ |
| ਗੁਰਦੁਆਰਾ ਸਾਹਿਬਾਨ ਦਫਾ-੮੫ ਤੋਂ ਧਾਰਮਿਕ ਫੰਡ | = | ਤਰਿਆਨਵੇਂ ਕਰੋੜ ਰੁਪਏ |
| ਕੁੱਲ ਆਮਦਨ | = | ਇੱਕ ਅਰਬ ਦਸ ਕਰੋੜ ਰੁਪਏ। |

ਧਰਮ ਪ੍ਰਚਾਰ ਕਮੇਟੀ ਦੀ ਬਣਤਰ ਸਿੱਖ ਗੁਰਦੁਆਰਾ ਐਕਟ ੧੯੨੫ ਦੀ ਧਾਰਾ ੧੦੮-ਬੀ ਅਨੁਸਾਰ ਹੈ। ਇਸ ਦੇ ਬਜਟ ਸਬੰਧੀ ਵੀ ਮੈਂ ਆਪ ਜੀ ਨੂੰ ਦੱਸਣਾ ਚਾਹੁੰਦਾ ਹਾਂ ਕਿ ਇਸ ਵਿੱਚ ਗੁਰਦੁਆਰਾ ਸਾਹਿਬਾਨ ਦਫਾ-੮੫ ਅਤੇ ਦਫਾ-੮੭ ਪਾਸੋਂ ਨਿਯਮਾਂ ਅਨੁਸਾਰ ੫% ਤੋਂ ਲੈ ਕੇ ੧੫% ਤੀਕ ਧਾਰਮਿਕ ਫੰਡ ਪ੍ਰਾਪਤ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਬੈਂਕ ਦੇ ਵਿਆਜ ਦੀ ਆਮਦਨ ਅਤੇ ਨਾ-ਮਾਤਰ ਪ੍ਰਚਾਰ ਸਹਾਇਤਾ ਅਤੇ ਮਕਾਨਾਂ/ਦੁਕਾਨਾਂ ਆਦਿ ਦੇ ਕਿਰਾਏ ਤੋਂ ਪ੍ਰਾਪਤ ਹੋਣ ਵਾਲੀ ਆਮਦਨ ਹੈ। ਇਸ ਦੇ ਖਰਚੇ ਅੰਮ੍ਰਿਤ-ਸੰਚਾਰ, ਭੇਟਾ ਰਹਿਤ ਗੁਰਮਤਿ ਸਾਹਿਤ, ਗੁਰਮਤਿ ਪ੍ਰਕਾਸ਼, ਗੁਰਮਤਿ ਗਿਆਨ, ਗੁਰਮਤਿ ਵਿਦਿਆਲੇ, ਸਿੱਖ ਮਿਸ਼ਨਰੀ ਕਾਲਜ, ਧਰਮ ਪ੍ਰਚਾਰ ਲਹਿਰ, ਧਾਰਮਿਕ ਦੀਵਾਨ, ਮੇਲੇ, ਗੁਰਮਤਿ ਕੈਂਪ, ਸ਼ਤਾਬਦੀਆਂ, ਸਿੱਖ ਮਿਸ਼ਨ, ਧਾਰਮਿਕ ਪ੍ਰੀਖਿਆ, ਪੱਤਰ ਵਿਹਾਰ ਕੋਰਸ, ਇਤਿਹਾਸਿਕ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ, ਤੇ ਸਮਾਜ- ਸੇਵੀ ਸੰਸਥਾਵਾਂ ਨੂੰ ਸਹਾਇਤਾ, ਧਾਰਮਿਕ ਵਿੱਦਿਆ ਆਦਿ ਹੁੰਦੇ ਹਨ।ਇਨ੍ਹਾਂ ਖਰਚਿਆਂ ਵਿੱਚ ਦਫਤਰੀ ਸਟਾਫ, ਸਮੂਹ ਸਿੱਖ ਮਿਸ਼ਨ, ਸਮੂਹ ਗੁਰਮਤਿ ਮਿਸ਼ਨਰੀ ਕਾਲਜ ਤੇ ਵਿਦਿਆਲੇ, ਧਾਰਮਿਕ ਟੀਚਰ, ਪੰਜ ਪਿਆਰੇ ਸਾਹਿਬਾਨ, ਪ੍ਰਚਾਰਕ, ਕਵੀਸ਼ਰ, ਅਤੇ ਢਾਡੀ ਸਿੰਘਾਂ ਦੀਆਂ ਤਨਖਾਹਾਂ ਪੁਰ ਹੋਣ ਵਾਲਾ ਅੰਦਾਜਨ ਚਾਲੀ ਕਰੋੜ ਰੁਪਏ ਖਰਚ ਵੀ ਸ਼ਾਮਲ ਹੈ। ਸਾਲ ੨੦੨੫-੨੦੨੬ ਲਈ ਧਰਮ ਪ੍ਰਚਾਰ ਕਮੇਟੀ ਦਾ ਕੁੱਲ ਬਜਟ ਇੱਕ ਅਰਬ ਦਸ ਕਰੋੜ ਰੁਪਏ ਦਾ ਹੈ।

**ਇਸ ਬਜਟ ਦੇ ਖਰਚਿਆਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ :-**

* ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ੩੫੦ ਸਾਲਾ ਸ਼ਹੀਦੀ ਦਿਵਸ ੨੫ ਨਵੰਬਰ, ੨੦੨੫ ਨੂੰ ਆ ਰਿਹਾ ਹੈ। ਇਸ ਦੇ ਨਾਲ ਸ਼ਹੀਦ ਭਾਈ ਮਤੀ ਦਾਸ ਜੀ, ਸ਼ਹੀਦ ਭਾਈ ਸਤੀ ਦਾਸ ਜੀ, ਸ਼ਹੀਦ ਭਾਈ ਦਿਆਲਾ ਜੀ ਦਾ ਸ਼ਹੀਦੀ ਦਿਹਾੜਾ ਅਤੇ ਪੰਥ ਦੇ ਬਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਗੁਰਿਆਈ ਦਿਵਸ ਵੀ ਮਨਾਉਣ ਦਾ ਪ੍ਰੋਗਰਾਮ ਹੈ। ਇਹ ਦਿਹਾੜੇ ਵੱਡੇ ਪੱਧਰ ਤੇ ਮਨਾਉਣ ਲਈ ਵਿਸ਼ੇਸ਼ ਗੁਰਮਤਿ ਸਮਾਗਮ ਕੀਤੇ ਜਾਣਗੇ। ਇੰਨ੍ਹਾਂ ਦਿਹਾੜਿਆਂ ਨੂੰ ਸ਼ਤਾਬਦੀ ਦੇ ਰੂਪ ਵਿੱਚ ਮਨਾਉਣ ਦੀ ਤਜਵੀਜ਼ ਹੈ। ਇਸ ਸਬੰਧੀ ਰੂਪ-ਰੇਖਾ ਤਿਆਰ ਕੀਤੀ ਜਾ ਰਹੀ ਹੈ। ਇਸ ਕਾਰਜ ਲਈ ਇਸ ਸਾਲ ਦੇ ਬਜਟ ਵਿੱਚ ਪੰਜ ਕਰੋੜ ਰੁਪਏ ਰੱਖੇ ਗਏ ਹਨ।

* ਧਰਮ ਪ੍ਰਚਾਰ ਕਮੇਟੀ ਵੱਲੋਂ ਸਿੱਖ ਧਰਮ ਨਾਲ ਸੰਬੰਧਤ ਧਾਰਮਿਕ ਪ੍ਰੀਖਿਆਵਾਂ ਕਰਵਾਈਆਂ ਜਾਂਦੀਆਂ ਹਨ। ਪ੍ਰੀਖਿਆ ਵਿੱਚ ਚੰਗੇ ਨੰਬਰ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਜੀਫੇ ਆਦਿ ਦਿੱਤੇ ਜਾਂਦੇ ਹਨ। ਇਸ ਕਾਰਜ ਲਈ ਇੱਕ ਕਰੋੜ ਸੱਠ ਲੱਖ ਰੁਪਏ ਰੱਖੇ ਗਏ ਹਨ।
* ਸਕੂਲਾਂ ਅਤੇ ਕਾਲਜਾਂ ਵਿੱਚ ਵਿਦਿਆਰਥੀਆਂ ਨੂੰ ਧਾਰਮਿਕ ਵਿੱਦਿਆ ਦੇਣ ਲਈ ਧਾਰਮਿਕ ਅਧਿਆਪਕ ਰੱਖੇ ਗਏ ਹਨ। ਇੰਨ੍ਹਾਂ ਦੀਆਂ ਤਨਖਾਹਾਂ ਆਦਿ ਲਈ ਦੋ ਕਰੋੜ ਪੰਝੀ ਲੱਖ ਰੁਪਏ ਰੱਖੇ ਗਏ ਹਨ।
* ਭੇਟਾ-ਰਹਿਤ ਧਾਰਮਿਕ ਲਿਟਰੇਚਰ, ਡਾਇਰੀਆਂ ਅਤੇ ਤਸਵੀਰਾਂ ਆਦਿ ਲਈ ਇੱਕ ਕਰੋੜ ਚਾਲੀ ਲੱਖ ਰੁਪਏ ਰੱਖੇ ਗਏ ਹਨ।
* ਵੱਖ-ਵੱਖ ਸਥਾਨਾਂ ਪੁਰ ਜਾਕੇ ਅੰਮ੍ਰਿਤ-ਸੰਚਾਰ ਕਰਨ ਵਾਲੇ ਪੰਜ ਪਿਆਰੇ ਸਹਿਬਾਨ ਦੀਆਂ ਤਨਖਾਹਾਂ, ਗੱਡੀਆਂ ਦਾ ਖਰਚ ਅਤੇ ਭੇਟਾ ਰਹਿਤ ਕਕਾਰ ਦੇਣ ਲਈ ਇੱਕ ਕਰੋੜ ਪੰਚਾਨਵੇਂ ਲੱਖ ਰੁਪਏ ਰੱਖੇ ਗਏ ਹਨ।
* ਸਿੱਖ ਧਰਮ ਨਾਲ ਸੰਬੰਧਤ ਇਤਿਹਾਸ ਅਤੇ ਧਰਮ ਦੇ ਗਿਆਨ ਨੂੰ ਘਰ-ਘਰ ਪਹੁੰਚਾਉਣ ਲਈ ਗੁਰਮਤਿ ਪ੍ਰਕਾਸ਼ ਅਤੇ ਗੁਰਮਤਿ ਗਿਆਨ ਮਾਸਿਕ ਪੱਤਰ ਦੇ ਖਰਚ ਲਈ ਤਿੰਨ ਕਰੋੜ ਸੱਠ ਲੱਖ ਰੁਪਏ ਰੱਖੇ ਗਏ ਹਨ।
* ਪ੍ਰਚਾਰਕ, ਕਵੀਸ਼ਰ ਅਤੇ ਢਾਡੀ ਸਾਹਿਬਾਨ ਦੀਆਂ ਤਨਖਾਹਾਂ ਲਈ ਤੇਰ੍ਹਾਂ ਕਰੋੜ ਰੁਪਏ ਰੱਖੇ ਗਏ ਹਨ।
* ਗੁਰਮਤਿ ਪ੍ਰਚਾਰ ਲਹਿਰ ਲਈ ਇੱਕ ਕਰੋੜ ਚੌਦਾਂ ਲੱਖ ਪਚਾਨਵੇਂ ਹਜਾਰ ਰੁਪਏ ਰੱਖੇ ਗਏ ਹਨ।
* 'ਨਿਸਚੈ ਪ੍ਰਸਾਸਕੀ ਸੇਸਾਵਾਂ ਸਿਖਲਾਈ ਕੇਂਦਰ' ਲਈ ਵਿੱਦਿਆ ਫੰਡ ਨੂੰ ਸਹਾਇਤਾ ਦੇਣ ਲਈ ਦੋ ਕਰੋੜ ਰੁਪਏ ਰੱਖੇ ਗਏ ਹਨ।
* ਗੱਡੀਆਂ ਦੇ ਖਰਚ ਲਈ ਪਚਵਿੰਜਾ ਲੱਖ ਰੁਪਏ ਰੱਖੇ ਗਏ ਹਨ।
* ਮੁਕੱਦਮਿਆਂ ਦੇ ਖ਼ਰਚ ਲਈ ਪੈਂਹਠ ਲੱਖ ਰੁਪਏ ਰੱਖੇ ਗਏ ਹਨ।
* ਪੰਜਾਬ ਤੋਂ ਬਾਹਰ ਸਿੱਖ ਮਿਸ਼ਨਾਂ ਦੀਆਂ ਤਨਖਾਹਾਂ, ਧਾਰਮਿਕ ਦੀਵਾਨ, ਗੁਰਮਤਿ ਕੈਂਪ, ਸਫਰ ਖਰਚ ਆਦਿ ਲਈ ਨੌ ਕਰੋੜ ਤੀਹ ਲੱਖ ਪੰਝੱਤਰ ਹਜ਼ਾਰ ਰੁਪਏ ਰੱਖੇ ਗਏ ਹਨ।
* ਸਹਾਇਤਾ ਅੰਮ੍ਰਿਤਧਾਰੀ ਵਿਦਿਆਰਥੀਆਂ ਦੇ ਵਜੀਫੇ (ਸਕੂਲ ਫੀਸਾਂ ਸ਼੍ਰੋ:ਗੁ:ਪ੍ਰ:ਕਮੇਟੀ ਦੇ ਸਕੂਲ/ਕਾਲਜਾਂ) ਲਈ ਦੋ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਸਿੱਖ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਪੋਰਟਸ ਫੰਡ ਲਈ ਸਹਾਇਤਾ ਦੋ ਕਰੋੜ ਰੁਪਏ ਰੱਖੀ ਗਈ ਹੈ।
* ਧਾਰਮਿਕ ਸ਼ਖਸ਼ੀਅਤਾਂ ਅਤੇ ਸਮਾਜਸੇਵੀ ਸੰਸਥਾਵਾਂ ਨੂੰ ਉਤਸ਼ਾਹਿਤ ਕਰਨ ਲਈ ਸਹਾਇਤਾ ਵਜੋਂ ਦੋ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਗਰੀਬ ਅਤੇ ਲੋੜਵੰਦ ਪ੍ਰੀਵਾਰਾਂ ਦੀ ਸਹਾਇਤਾ ਲਈ ਦੋ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਸ੍ਰੀ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ ਅਤੇ ਮਾਤਾ ਸਾਹਿਬ ਕੌਰ ਗਰਲਜ ਕਾਲਜ਼ ਤਲਵੰਡੀ ਸਾਬ੍ਹੋ ਵਿਖੇ ਸਿੱਖ ਵਿਦਿਆਰਥਣਾਂ (ਲੜਕੀਆਂ) ਨੂੰ ਮੁਫਤ ਵਿਦਿਆ ਦੇਣ ਦੇ ਨਾਲ-ਨਾਲ ਉਨ੍ਹਾਂ ਦੀ ਰਿਹਾਇਸ਼ ਅਤੇ ਲੰਗਰ ਆਦਿ ਦਾ ਸਾਰਾ ਖਰਚ ਧਰਮ ਪ੍ਰਚਾਰ ਕਮੇਟੀ ਵੱਲੋਂ ਕੀਤਾ ਜਾਂਦਾ ਹੈ। ਇਸ ਕਾਰਜ ਲਈ ਦੋ ਕਰੋੜ ਰੁਪਏ ਰੱਖੇ ਗਏ ਹਨ।
* ਪੰਜਾਬ ਅਤੇ ਪੰਜਾਬ ਤੋਂ ਬਾਹਰ ਇਤਿਹਾਸਿਕ ਗੁਰਦੁਆਰਾ ਸਾਹਿਬਾਨਾਂ ਦੀ ਸਹਾਇਤਾ ਲਈ ਦੋ ਕਰੋੜ ਨੱਬੇ ਲੱਖ ਰੁਪਏ ਰੱਖੇ ਗਏ ਹਨ।

* ਸਹਾਇਤਾ ਸਿਕਲੀਗਰ ਅਤੇ ਵਣਜਾਰੇ ਸਿੱਖਾਂ, ਗੁਰਦੁਆਰਾ ਸਾਹਿਬਾਨ ਪੰਜਾਬ ਅਤੇ ਪੰਜਾਬ ਤੋਂ ਬਾਹਰਲੇ ਸੂਬਿਆਂ ਦੇ ਸਕੂਲ/ਕਾਲਜਾਂ, ਯੂਨੀਵਰਸਿਟੀ, ਮੈਡੀਕਲ ਸਹੂਲਤਾਂ ਵਾਲੀਆਂ ਵੈਨਾਂ, ਦਵਾਈਆਂ ਆਦਿ ਲਈ ਦੋ ਕਰੋੜ ਇਕਿਆਸੀ ਲੱਖ ਰੁਪਏ ਕੇਵਲ ਰੱਖੇ ਗਏ ਹਨ।
* ਨਵੀਆਂ ਇਮਾਰਤਾਂ (ਸਮੇਤ ਇਮਾਰਤ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਬਹਾਦਰਗੜ੍ਹ, ਪਟਿਆਲਾ ਅਤੇ ਇਮਾਰਤ ਗੁਰਦੁਆਰਾ ਸਾਹਿਬ ਅਤੇ ਸਿੱਖ ਮਿਸ਼ਨ ਜੰਮੂ-ਕਸ਼ਮੀਰ) ਦਫ਼ਤਰ, ਸਿੱਖ ਮਿਸ਼ਨ, ਸਿੱਖ ਮਿਸ਼ਨਰੀ ਕਾਲਜ, ਗੁਰਮਤਿ ਵਿਦਿਆਲਿਆਂ ਲਈ ਸਾਮਾਨ, ਕਿਤਾਬਾਂ ਗੁਰਮਤਿ ਸਾਹਿਤ, ਨਵੀਆਂ ਗੱਡੀਆਂ (ਪੂੰਜੀਗਤ ਖ਼ਰਚਿਆਂ ਲਈ) ਆਦਿ ਲਈ ਨੌ ਕਰੋੜ ਉਨੱਤੀ ਲੱਖ ਰੁਪਏ ਕੇਵਲ ਰੱਖੇ ਗਏ ਹਨ।
* ਜੇਕਰ ਇੰਨ੍ਹਾਂ ਖਰਚਿਆਂ ਦੀਆਂ ਮੱਦਾਂ ਤੋਂ ਇਲਾਵਾ ਹੋਰ ਕੋਈ ਖਰਚ ਕਰਨ ਦੀ ਜ਼ਰੂਰਤ ਪੈਂਦੀ ਹੈ ਤਾਂ ਚੌਦਾਂ ਕਰੋੜ ਪੰਜਾਹ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਵੀ ਰੱਖਿਆ ਗਿਆ ਹੈ।

**ਬਜਟ ਭਾਗ "ੲ" (ਗੁਰਦੁਆਰਾ ਸਾਹਿਬਾਨ ਦਫਾ-੮੫)**

ਹੁਣ ਮੈਂ ਆਪ ਜੀ ਦੀ ਸੇਵਾ ਵਿਚ ਗੁਰਦੁਆਰਾ ਸਾਹਿਬਾਨ ਦਫਾ-੮੫ ਦੇ ਬਜਟ ਪੇਸ਼ ਕਰ ਰਿਹਾ ਹਾਂ। ਜਿਸ ਤਰ੍ਹਾਂ ਸ਼ੁਰੂ ਵਿੱਚ ਦੱਸਿਆ ਗਿਆ ਹੈ ਕਿ ਗੁਰਦੁਆਰਾ ਸਾਹਿਬਾਨ ਦੀ ਆਮਦਨ ਸੰਗਤਾਂ ਵੱਲੋਂ ਸ਼ਰਧਾ ਸਤਿਕਾਰ ਨਾਲ ਆਪਣੀ ਕਿਰਤ ਕਮਾਈ ਵਿਚੋਂ ਅਰਪਨ ਕੀਤੀ ਦਰਸ਼ਨੀ ਭੇਟਾ ਅਤੇ ਲੰਗਰ, ਕੜਾਹਿ ਪ੍ਰਸ਼ਾਦਿ ਆਦਿ ਲਈ ਭੇਟ ਕੀਤੀ ਮਾਇਆ ਹੀ ਹੁੰਦੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇਨ੍ਹਾਂ ਗੁਰਦੁਆਰਾ ਸਾਹਿਬਾਨ ਤੋਂ ਕੇਵਲ ਨੀਯਤ ਫੰਡ ਹੀ ਆਉਂਦੇ ਹਨ। ਬਾਕੀ ਰਕਮ ਗੁਰਦੁਆਰਾ ਸਾਹਿਬਾਨ ਦੇ ਵੱਖ-ਵੱਖ ਕਾਰਜਾਂ ਜਿਵੇਂ ਲੰਗਰ, ਬਿਜਲੀ ਦੇ ਖਰਚ, ਗੁਰਮਤਿ ਸਮਾਗਮਾਂ, ਮੇਲੇ-ਗੁਰਪੁਰਬਾਂ ਦੇ ਖਰਚ, ਇਮਾਰਤਾਂ ਦੇ ਨਵ-ਨਿਰਮਾਣ ਅਤੇ ਮੁਲਾਜਮਾਂ ਦੀ ਤਨਖਾਹ ਆਦਿ ਪੁਰ ਖਰਚ ਕੀਤੀ ਜਾਂਦੀ ਹੈ।

ਗੁਰੂ ਘਰਾਂ ਵਿੱਚ ਨਤਮਸਤਕ ਹੋਣ ਆਉਣ ਵਾਲੀ ਸੰਗਤ ਦੀ ਗਿਣਤੀ ਵਿੱਚ ਰੋਜ਼ਾਨਾ ਵਾਧਾ ਹੋ ਰਿਹਾ ਹੈ। ਗੁਰੂ ਘਰਾਂ ਵਿੱਚ ਰਾਤ ਦਾ ਵਿਸ਼ਰਾਮ ਕਰਨ ਵਾਲੀ ਸੰਗਤ ਦੀ ਸਹੂਲਤ ਲਈ ਨਵੀਆਂ ਸਰਾਵਾਂ ਦੀ ਉਸਾਰੀ ਕੀਤੀ ਜਾ ਰਹੀ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਭਾਈ ਜੈਤਾ ਜੀ ਨਿਵਾਸ, ਬਾਬਾ ਬਸੰਤ ਸਿੰਘ ਨਿਵਾਸ ਅਤੇ ਭਗਤ ਨਾਮਦੇਵ ਜੀ ਨਿਵਾਸ ਦੀ ਉਸਾਰੀ ਕੀਤੀ ਜਾ ਰਹੀ ਹੈ। ਇੰਨ੍ਹਾਂ ਵਿੱਚੋਂ ੯੮ ਕਮਰਿਆਂ ਵਾਲੀ ਸਰ੍ਹਾਂ ਬਾਬਾ ਬਸੰਤ ਸਿੰਘ ਨਿਵਾਸ ਦੀਆਂ ਤਿੰਨ ਮੰਜ਼ਿਲਾਂ ਦਾ ਲੈਂਟਰ ਪੈ ਚੁੱਕਾ ਹੈ ਅਤੇ ਅਗਲੀ ਉਸਾਰੀ ਦਾ ਕੰਮ ਤੇਜੀ ਨਾਲ ਚੱਲ ਰਿਹਾ ਹੈ। ਭਗਤ ਨਾਮਦੇਵ ਜੀ ਨਿਵਾਸ ਦੇ ੮੭ ਕਮਰਿਆਂ ਵਾਲੀ ਸਰਾਂ ਦੀਆਂ ਸੱਤ ਮੰਜਲਾਂ ਉੱਪਰ ਲੈਂਟਰ ਪੈ ਚੁੱਕਾ ਹੈ, ਜਲਦੀ ਹੀ ਰਹਿੰਦੇ ਕਾਰਜ ਮੁਕੰਮਲ ਕਰਕੇ ਇਸ ਨੂੰ ਯਾਤਰੂਆਂ ਦੀ ਰਿਹਾਇਸ਼ ਲਈ ਤਿਆਰ ਕਰਵਾਕੇ ਵਰਤੋਂ ਵਿੱਚ ਲ਼ਿਆਂਦਾ ਜਾਵੇਗਾ। ਇਸੇ ਤਰਾਂ ੯੩ ਕਮਰਿਆਂ ਵਾਲੀ ਭਾਈ ਜੈਤਾ ਜੀ ਨਿਵਾਸ ਦੀਆਂ ਸੱਤ ਮੰਜਲਾਂ ਉੱਪਰ ਲੈਂਟਰ ਪੈ ਚੁੱਕਾ ਹੈ। ਕਮਰਿਆਂ ਦੀ ਪਾਰਟੀਸ਼ਨ ਦਾ ਕੰਮ ਚੱਲ੍ਹ ਰਿਹਾ ਹੈ ਅਤੇ ਇਹ ਸਰਾਂ ਵੀ ਜਲਦੀ ਹੀ ਸੰਗਤ ਦੀ ਰਿਹਾਇਸ਼ ਲਈ ਵਰਤੀ ਜਾਵੇਗੀ।ਇਸ ਸਾਲ ਦੇ ਬਜਟ ਵਿੱਚ ਇਨ੍ਹਾਂ ਕਾਰਜ ਲਈ ਪੰਜੀ ਕਰੋੜ ਰੁਪਏ ਰੱਖੇ ਗਏ ਹਨ।

ਸੰਗਤਾਂ ਨੂੰ ਅੰਮ੍ਰਿਤਸਰ, ਤਰਨ ਤਾਰਨ ਅਤੇ ਕਪੂਰਥਲਾ ਜਿਲਿਆਂ ਵਿੱਚ ਇਤਿਹਾਸਕ ਗੁਰਦੁਆਰਿਆਂ ਦੇ ਦਰਸ਼ਨ ਕਰਵਾਉਣ ਲਈ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵੱਲੋਂ ਫਰੀ ਬੱਸ ਸੇਵਾ ਚਲਾਈ ਜਾ ਰਹੀ ਹੈ।ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਆਉਣ ਵਾਲੀ ਸੰਗਤ ਦੀ ਸਹੂਲਤ ਲਈ ਏਅਰਪੋਰਟ, ਰੇਲਵੇ ਸਟੇਸ਼ਨ ਅਤੇ ਬੱਸ ਅੱਡੇ ਤੋਂ ਸੰਗਤ ਨੂੰ ਲਿਆਉਣ

ਅਤੇ ਲਿਜਾਣ ਲਈ ਵੀ ਮੁਫਤ ਬੱਸਾਂ ਚਲਾਈਆਂ ਜਾ ਰਹੀਆਂ ਹਨ।

ਸਿੱਖ ਗੁਰਦੁਆਰਾ ਐਕਟ ਦੀ ਧਾਰਾ ੮੫ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕ ਹੇਠ ੭੦ ਗੁਰਦੁਆਰਾ ਸਾਹਿਬਾਨ ਹਨ ਅਤੇ ੨ ਸਿੱਧੇ ਪ੍ਰਬੰਧ ਵਾਲੇ ਗੁਰਦੁਆਰਾ ਸਾਹਿਬਾਨ ਆਉਂਦੇ ਹਨ। ਇਨ੍ਹਾਂ ਗੁਰਦੁਆਰਾ ਸਾਹਿਬਾਨ ਦੀ ਕੁੱਲ ਗਿਣਤੀ ੭੨ ਹੈ। ਇੰਨ੍ਹਾਂ ੭੨ ਗੁਰਦੁਆਰਾ ਸਾਹਿਬਾਨ ਦਾ ਕੁੱਲ ਬਜਟ ਦਸ ਅਰਬ ਬਾਹਠ ਕਰੋੜ ਚਾਰ ਲੱਖ ਰੁਪਏ ਦਾ ਹੈ।

**ਗੁਰਦੁਆਰਾ ਸਹਿਬਾਨ ਦਫਾ-੮੫ ਦੇ ਬਜਟ ਦਾ ਸੰਖੇਪ ਵੇਰਵਾ ਇਸ ਪ੍ਰਕਾਰ ਹੈ:-**

| | | |
|---|---|---|
| ੧. | ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ | - ਚਾਰ ਅਰਬ ਨੱਬੇ ਕਰੋੜ ਰੁਪਏ |
| ੨. | ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ | - ਛਿਆਸੀ ਕਰੋੜ ਰੁਪਏ |
| ੩. | ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ | - ਚੌਹਠ ਕਰੋੜ ਰੁਪਏ |
| ੪. | ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲਾ | - ਤੇਤੀ ਕਰੋੜ ਰੁਪਏ |
| ੫. | ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਠੱਠਾ, (ਤਰਨ ਤਾਰਨ) | - ਚਾਲੀ ਕਰੋੜ ਰੁਪਏ |
| ੬. | ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ | - ਸੈਂਤੀ ਕਰੋੜ ਰੁਪਏ |
| ੭. | ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਕੀ | - ਪੰਝੀ ਕਰੋੜ ਰੁਪਏ |
| ੮. | ਸ੍ਰੀ ਦਰਬਾਰ ਸਾਹਿਬ ਤਰਨ ਤਾਰਨ | - ਇੱਕੀ ਕਰੋੜ ਰੁਪਏ |
| ੯. | ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ | - ਛੱਬੀ ਕਰੋੜ ਰੁਪਏ |
| ੧੦. | ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ | - ਪੰਦਰਾਂ ਕਰੋੜ ਚਾਲੀ ਲੱਖ ਰੁਪਏ |
| ੧੧. | ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ਲੁਧਿਆਣਾ | - ਗਿਆਰਾਂ ਕਰੋੜ ਸੱਠ ਲੱਖ ਰੁਪਏ |
| ੧੨. | ਗੁਰਦੁਆਰਾ ਬਾਬਾ ਬੁੱਢਾ ਜੀ ਰਾਮਦਾਸ, ਅੰਮ੍ਰਿਤਸਰ | - ਬਾਰ੍ਹਾਂ ਕਰੋੜ ਅੱਸੀ ਲੱਖ ਰੁਪਏ |
| ੧੩. | ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ | - ਬਾਰਾਂ ਕਰੋੜ ਪੰਝੀ ਲੱਖ ਰੁਪਏ |
| ੧੪. | ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਦਸਵੀਂ ਕਟਾਣਾ | - ਨੌ ਕਰੋੜ ਦਸ ਲੱਖ ਰੁਪਏ |
| ੧੫. | ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਛੇਵੀਂ ਲਸ਼ਕਰੀ ਕੋਟਾਂ, ਲੁਧਿਆਣਾ | - ਅੱਠ ਕਰੋੜ ਇਕੱਤੀ ਲੱਖ ਰੁਪਏ |
| ੧੬. | ਗੁਰਦੁਆਰਾ ਸ੍ਰੀ ਛੇਹਰਟਾ ਸਾਹਿਬ ਪਾਤਸ਼ਾਹੀ ਛੇਵੀਂ ਸ੍ਰੀ ਅੰਮ੍ਰਿਤਸਰ | - ਅੱਠ ਕਰੋੜ ਚਾਲੀ ਲੱਖ ਰੁਪਏ |
| ੧੭. | ਗੁਰਦੁਆਰਾ ਸ੍ਰੀ ਅੰਬ ਸਾਹਿਬ ਪਾਤਸ਼ਾਹੀ ਸੱਤਵੀਂ ਲੰਬੇ, ਮੁਹਾਲੀ | - ਸੱਤ ਕਰੋੜ ਸਤਵਿੰਜਾ ਲੱਖ ਰੁਪਏ |
| ੧੮. | ਗੁਰਦੁਆਰਾ ਸ੍ਰੀ ਟਾਹਲੀਆਣਾ ਸਾਹਿਬ ਪਾਤਸ਼ਾਹੀ ਦਸਵੀਂ ਰਾਏਕੋਟ | - ਸੱਤ ਕਰੋੜ ਰੁਪਏ |
| ੧੯. | ਗੁਰਦੁਆਰਾ ਬਾਬਾ ਗਾਂਧਾ ਸਿੰਘ ਜੀ ਬਰਨਾਲਾ | - ਛੇ ਕਰੋੜ ਅਠਾਸੀ ਲੱਖ ਰੁਪਏ |
| ੨੦. | ਗੁਰਦੁਆਰਾ ਝਾੜ ਸਾਹਿਬ ਅਤੇ ਚਰਨ ਕੰਵਲ ਸਾਹਿਬ ਮਾਛੀਵਾੜਾ ਲੁਧਿਆਣਾ | - ਛੇ ਕਰੋੜ ਤੀਹ ਲੱਖ ਰੁਪਏ |

| | |
|---|---|
| ੨੧. ਗੁਰਦੁਆਰਾ ਸ੍ਰੀ ਬਾਰਠ ਸਾਹਿਬ ਜਿਲ੍ਹਾ ਪਠਾਨਕੋਟ | - ਅੱਠ ਕਰੋੜ ਪੰਜਾਹ ਲੱਖ ਰੁਪਏ |
| ੨੨. ਗੁਰਦੁਆਰਾ ਸ੍ਰੀ ਚਮਕੌਰ ਸਾਹਿਬ (ਰੋਪੜ) | - ਅੱਠ ਕਰੋੜ ਚਾਲੀ ਲੱਖ ਰੁਪਏ |
| ੨੩. ਗੁਰਦੁਆਰਾ ਸ੍ਰੀ ਭੱਠਾ ਸਾਹਿਬ ਪਾਤਸ਼ਾਹੀ ਦਸਵੀਂ ਰੋਪੜ | - ਪੰਜ ਕਰੋੜ ਚਾਲੀ ਲੱਖ ਰੁਪਏ |
| ੨੪. ਗੁਰਦੁਆਰਾ ਗੁਰੂਸਰ ਜਾਮਨੀ ਸਾਹਿਬ ਬਜ਼ੀਦਪੁਰ ਫਿਰੋਜਪੁਰ | - ਛੇ ਕਰੋੜ ਅੱਸੀ ਲੱਖ ਰੁਪਏ |
| ੨੫. ਗੁਰਦੁਆਰਾ ਸਾਹਿਬ ਗੋਬਿੰਦ ਨਗਰ ਪਾਤਸ਼ਾਹੀ ਦਸਵੀਂ ਹਾਜੀਰਤਨ ਅਤੇ ਕਿਲਾ ਮੁਬਾਰਕ (ਬਠਿੰਡਾ) | - ਪੰਜ ਕਰੋੜ ਰੁਪਏ |
| ੨੬. ਗੁਰਦੁਆਰਾ ਸ਼ਹੀਦਾਂ ਲੱਧੇਵਾਲ, ਮਾਹਿਲਪੁਰ, ਹੁਸ਼ਿਆਰਪੁਰ | - ਪੰਜ ਕਰੋੜ ਤੀਹ ਲੱਖ ਰੁਪਏ |
| ੨੭. ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਕੱਥੂਨੰਗਲ | - ਚਾਰ ਕਰੋੜ ਚਾਲੀ ਲੱਖ ਰੁਪਏ |
| ੨੮. ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਹਰਾ ਬਾਬਾ ਨਾਨਕ | - ਪੰਜ ਕਰੋੜ ਸੱਠ ਲੱਖ ਰੁਪਏ |
| ੨੯. ਗੁਰਦੁਆਰਾ ਸ੍ਰੀ ਗਰਨਾ ਸਾਹਿਬ ਬੋਦਲ, ਹੁਸ਼ਿਆਰਪੁਰ | - ਚਾਰ ਕਰੋੜ ਪੰਝੱਤਰ ਲੱਖ ਰੁਪਏ |
| ੩੦. ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ | - ਤਿੰਨ ਕਰੋੜ ਬਾਹਠ ਲੱਖ ਰੁਪਏ |
| ੩੧. ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਸੰਗਰੂਰ | - ਦੋ ਕਰੋੜ ਅਠਾਨਵੇਂ ਲੱਖ ਰੁਪਏ |
| ੩੨. ਗੁਰਦੁਆਰਾ ਸਾਹਿਬ ਗੁਰੂ ਕਾ ਬਾਗ, ਘੁੱਕੇਵਾਲੀ | - ਦੋ ਕਰੋੜ ਅੱਸੀ ਲੱਖ ਰੁਪਏ |
| ੩੩. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ (ਪਟਿਆਲਾ) | - ਦੋ ਕਰੋੜ ਅਠੱਤਰ ਲੱਖ ਰੁਪਏ |
| ੩੪. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ, ਦਸਵੀਂ ਭਦੌੜ ਗਹਿਲ | - ਦੋ ਕਰੋੜ ਸੱਠ ਲੱਖ ਰੁਪਏ |
| ੩੫. ਗੁਰਦੁਆਰਾ ਸ੍ਰੀ ਥੰਮ੍ਹ ਜੀ ਸਾਹਿਬ ਕਰਤਾਰਪੁਰ (ਜਲੰਧਰ) | - ਦੋ ਕਰੋੜ ਸੱਠ ਲੱਖ ਰੁਪਏ |
| ੩੬. ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ | - ਦੋ ਕਰੋੜ ਅੱਸੀ ਲੱਖ ਰੁਪਏ |
| ੩੭. ਗੁਰਦੁਆਰਾ ਸਾਹਿਬ ਗੁਰੂਸਰ ਸਤਲਾਣੀ ਪਾਤਸ਼ਾਹੀ ਛੇਵੀਂ ਹੁਸ਼ਿਆਰ ਨਗਰ (ਅੰਮ੍ਰਿਤਸਰ) | - ਦੋ ਕਰੋੜ ਨੱਬੇ ਲੱਖ ਰੁਪਏ |
| ੩੮. ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਹੇਰਾਂ (ਲਧਿਆਣਾ) | - ਦੋ ਕਰੋੜ ਪਚਾਸੀ ਲੱਖ ਰੁਪਏ |
| ੩੯. ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ (ਗੁਰਦਾਸਪੁਰ) | - ਦੋ ਕਰੋੜ ਸੱਤਰ ਲੱਖ ਰੁਪਏ |
| ੪੦. ਗੁਰਦੁਆਰਾ ਸ੍ਰੀ ਅੱਚਲ ਸਾਹਿਬ ਸਲੋਚਾਹਲ (ਬਟਾਲਾ) | - ਦੋ ਕਰੋੜ ਪੰਜ ਲੱਖ ਰੁਪਏ |
| ੪੧. ਗੁਰਦੁਆਰਾ ਬਾਬਾ ਬੁੱਢਾ ਜੀ, ਤੇਜਾ ਕਲਾਂ (ਗੁਰਦਾਸਪੁਰ) | - ਇਕ ਕਰੋੜ ਅਠੱਤਰ ਲੱਖ ਰੁਪਏ |
| ੪੨. ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਜੀ ਨਾਭਾ | |

(ਪਟਿਆਲਾ) - ਦੋ ਕਰੋੜ ਪੰਜਾਹ ਲੱਖ ਰੁਪਏ

੪੩. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਗੁਰੂਸਰ ਕਾਉਂਕੇ (ਲੁਧਿਆਣਾ) - ਦੋ ਕਰੋੜ ਦੋ ਲੱਖ ਰੁਪਏ

੪੪. ਗੁਰਦੁਆਰਾ ਸਾਹਿਬ ਚੁੱਲੇ ਬਾਬਾ ਆਲਾ ਸਿੰਘ ਜੀ ਲੌਂਗੋਵਾਲ - ਦੋ ਕਰੋੜ ਗਿਆਰਾਂ ਲੱਖ ਰੁਪਏ

੪੫. ਗੁਰਦੁਆਰਾ ਸੰਨ ਸਾਹਿਬ ਬਾਸਰਕੇ ਗਿੱਲਾਂ, ਅੰਮ੍ਰਿਤਸਰ - ਇੱਕ ਕਰੋੜ ਪੰਝੱਤਰ ਲੱਖ ਰੁਪਏ

੪੬. ਗੁਰਦੁਆਰਾ ਬਾਬਾ ਬੀਰ ਸਿੰਘ ਜੀ ਰੱਤੋਕੇ (ਤਰਨ ਤਾਰਨ) - ਦੋ ਕਰੋੜ ਚੌਵੀ ਲੱਖ ਰੁਪਏ

੪੭. ਗੁਰਦੁਆਰਾ ਲੋਹਗੜ੍ਹ ਸਾਹਿਬ ਦੀਨਾ ਪਾਤਸ਼ਾਹੀ ਦਸਵੀਂ (ਮੋਗਾ) - ਇੱਕ ਕਰੋੜ ਸੱਤਰ ਲੱਖ ਰੁਪਏ

੪੮. ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਮੌ ਸਾਹਿਬ (ਫਿਲੌਰ) - ਇੱਕ ਕਰੋੜ ਛਿਅੱਤਰ ਲੱਖ ਰੁਪਏ

੪੯. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਨੌਵੀਂ ਕਰਹਾਲੀ - ਦੋ ਕਰੋੜ ਛਿਆਲੀ ਲੱਖ ਰੁਪਏ

੫੦. ਗੁਰਦੁਆਰਾ ਸਾਹਿਬ ਗੁਰੂਸਰ ਪਾਤਸ਼ਾਹੀ ਛੇਵੀਂ ਮਹਿਰਾਜ (ਬਠਿੰਡਾ) - ਇੱਕ ਕਰੋੜ ਅਠਵਿੰਜਾ ਲੱਖ ਰੁਪਏ

੫੧. ਗੁਰਦੁਆਰਾ ਨਾਨਕਸਰ ਸਾਹਿਬ ਪਾਤਸ਼ਾਹੀ ਪਹਿਲੀ ਵੇਰਕਾ - ਦੋ ਕਰੋੜ ਪੰਜ ਲੱਖ ਰੁਪਏ

੫੨. ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ ਦਸਵੀਂ ਮੂਲੋਵਾਲ - ਇਕ ਕਰੋੜ ਬਤਾਲੀ ਲੱਖ ਰੁਪਏ

੫੩. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਗੁਰੂਸਰ ਹੰਢਿਆਇਆ (ਸੰਗਰੂਰ) - ਇਕ ਕਰੋੜ ਤਰਵਿੰਜਾ ਲੱਖ ਰੁਪਏ

੫੪. ਗੁਰਦੁਆਰਾ ਪ੍ਰਕਾਸ਼ ਅਸਥਾਨ ਭਾਈ ਲਾਲੂ ਜੀ ਡੱਲਾ, (ਕਪੂਰਥਲਾ) - ਇਕ ਕਰੋੜ ਸੱਤਰ ਲੱਖ ਰੁਪਏ

੫੫. ਗੁਰਦੁਆਰਾ ਗੰਗਸਰ ਸਾਹਿਬ ਪਾਤਸ਼ਾਹੀ ਦਸਵੀਂ ਜੈਤੋ (ਫਰੀਦਕੋਟ) - ਇੱਕ ਕਰੋੜ ਚਾਲੀ ਲੱਖ ਰੁਪਏ

੫੬. ਗੁਰਦੁਆਰਾ ਚੋਹਲਾ ਸਾਹਿਬ ਪਾਤਸ਼ਾਹੀ ਪੰਜਵੀਂ (ਤਰਨ ਤਾਰਨ) - ਦੋ ਕਰੋੜ ਚੌਵੀ ਲੱਖ ਰੁਪਏ

੫੭. ਗੁਰਦੁਆਰਾ ਬਾਬਾ ਸੰਗ ਜੀ, ਢੇਸੀਆਂ ਸੰਗ (ਫਿਲੌਰ) - ਇੱਕ ਕਰੋੜ ਸਤਾਰਾਂ ਲੱਖ ਰੁਪਏ

੫੮. ਗੁਰਦੁਆਰਾ ਭਾਈ ਤਾਰਾ ਸਿੰਘ ਜੀ ਸ਼ਹੀਦ ਪਿੰਡ ਵਾਂ - ਇੱਕ ਕਰੋੜ ਸਤਾਰਾਂ ਲੱਖ ਰੁਪਏ

੫੯. ਗੁਰਦੁਆਰਾ ਸਾਹਿਬ ਪਾਤਸ਼ਾਹੀ ਪੰਜਵੀਂ ਓਠੀਆਂ, ਬਟਾਲਾ - ਇੱਕ ਕਰੋੜ ਚਾਲੀ ਲੱਖ ਰੁਪਏ

੬੦. ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਜੀਂਦੋਵਾਲ ਬੰਗਾ - ਇੱਕ ਕਰੋੜ ਤੇਤੀ ਲੱਖ ਰੁਪਏ

੬੧. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਭੀਖੀ

(ਮਾਨਸਾ) - ਇੱਕ ਕਰੋੜ ਤੇਰਾਂ ਲੱਖ ਰੁਪਏ

੬੨. ਗੁਰਦੁਆਰਾ ਸ੍ਰੀ ਗੋਬਿੰਦਗੜ੍ਹ ਸਾਹਿਬ ਪਾ:ਛੇਵੀਂ, ਦਸਵੀਂ ਰਾਣਵਾਂ - ਬਾਨਵੇਂ ਲੱਖ ਰੁਪਏ

੬੩. ਗੁਰਦੁਆਰਾ ਸ੍ਰੀ ਰੇਰੂ ਸਾਹਿਬ ਪਾਤਸ਼ਾਹੀ ਦਸਵੀਂ ਰਾਮਪੁਰ - ਪਚਾਨਵੇਂ ਲੱਖ ਰੁਪਏ

੬੪. ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਪਾਤਸ਼ਾਹੀ ਛੇਵੀਂ, ਨਡਾਲਾ - ਇੱਕ ਕਰੋੜ ਚੌਤੀ ਲੱਖ ਰੁਪਏ

੬੫. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਗੁਰੂਸਰ ਸੁਧਾਰ (ਲੁਧਿਆਣਾ) - ਇੱਕ ਕਰੋੜ ਇੱਕੀ ਲੱਖ ਰੁਪਏ

੬੬. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਭਵਾਨੀਗੜ੍ਹ (ਸੰਗਰੂਰ) - ਇੱਕ ਕਰੋੜ ਤੀਹ ਲੱਖ ਰੁਪਏ

੬੭. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਦਸਵੀਂ ਭਗਤਾ ਭਾਈ ਕਾ - ਦੋ ਕਰੋੜ ਸੱਠ ਲੱਖ ਰੁਪਏ

੬੮. ਗੁਰਦੁਆਰਾ ਡੇਹਰਾ ਸਾਹਿਬ ਸਤਿਕਰਤਾਰੀਆਂ (ਬਟਾਲਾ) - ਇੱਕ ਕਰੋੜ ਦੋ ਲੱਖ ਰੁਪਏ

੬੯. ਗੁਰਦੁਆਰਾ ਸਾਹਿਬ ਪਾਤਸ਼ਾਹੀ ਪੰਜਵੀਂ ਪੰਚਾਇਤੀ ਬਿਲਗਾ (ਜਲੰਧਰ) - ਪੈਂਹਠ ਲੱਖ ਰੁਪਏ

੭੦. ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਬਰਗਾੜੀ (ਫਰੀਦਕੋਟ) - ਛਿਆਹਠ ਲੱਖ ਰੁਪਏ

**ਜੋੜ ਗੁਰਦੁਆਰਾ ਸਾਹਿਬਾਨ ਦਫਾ ੮੫:- ਦਸ ਅਰਬ ਉਨਾਹਠ ਕਰੋੜ ਤਰਵਿੰਜਾ ਲੱਖ ਰੁਪਏ।**

**ਸਿੱਧਾ ਪ੍ਰਬੰਧ ਗੁਰਦੁਆਰਾ ਸਾਹਿਬਾਨ ਦਫਾ - ੮੫**

੧. ਗੁਰਦੁਆਰਾ ਸਾਹਿਬ ਬਾਗ ਸ਼ਹੀਦਾਂ, ਬੁੜੈਲ ਸੈਕਟਰ-੪੪, ਚੰਡੀਗੜ੍ਹ - ਇੱਕ ਕਰੋੜ ਛੇ ਲੱਖ ਰੁਪਏ

੨. ਗੁਰਦੁਆਰਾ ਸਾਹਿਬ ਬਾਬਾ ਸੁਖਚੈਨ ਦਾਸ ਜੀ ਬਾਜਵਾਂ ਕਲਾਂ, ਸ਼ਾਹਕੋਟ - ਇੱਕ ਕਰੋੜ ਪੰਜਤਾਲੀ ਲੱਖ ਰੁਪਏ

ਜੋੜ ਗੁਰਦੁਆਰਾ ਸਾਹਿਬਾਨ ਦਫਾ ੮੫ ਸਿੱਧਾ ਪ੍ਰਬੰਧ: - ਦੋ ਕਰੋੜ ਇਕਵਿੰਜਾ ਲੱਖ ਰੁਪਏ।

ਕੁੱਲ ਜੋੜ ਗੁਰਦੁਆਰਾ ਸਾਹਿਬਾਨ ਦਫਾ-੮੫ ਅਤੇ ਸਿੱਧਾ ਪ੍ਰਬੰਧ: - ਦਸ ਅਰਬ ਬਾਹਠ ਕਰੋੜ ਚਾਰ ਲੱਖ ਰੁਪਏ ਰੁਪਏ।

**(ੳ) ਗੁਰਦੁਆਰਾ ਸਾਹਿਬਾਨ ਦਫਾ-੮੫ ਅਤੇ ਸਿੱਧਾ ਪ੍ਰਬੰਧ ਦੇ ਰੁਟੀਨ ਖਰਚਿਆਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ।**

**(੧) ਤਨਖਾਹ ਸਟਾਫ:-** ਗੁਰਦੁਆਰਾ ਦਫਾ-੮੫ ਦੇ ਸਟਾਫ ਦੀਆਂ ਤਨਖਾਹਾਂ ਲਈ ਦੋ ਅਰਬ ਇਕਹੱਤਰ ਕਰੋੜ ਛਿਆਸੀ ਲੱਖ ਸੱਤਰ ਹਜਾਰ ਰੁਪਏ ਰੱਖੇ ਗਏ ਹਨ।

**(੨) ਖਰਚ ਕੜਾਹ ਪ੍ਰਸ਼ਾਦਿ:-** ਗੁਰਦੁਆਰਾ ਸਾਹਿਬਾਨ ਦਫਾ-੮੫ ਵਿਚ ਕੜਾਹ ਪ੍ਰਸ਼ਾਦਿ ਤਿਆਰ ਕਰਨ ਲਈ ਤਿਹੱਤਰ ਕਰੋੜ ਤੇਤੀ ਲੱਖ ਸੋਲਾਂ ਹਜਾਰ ਰੁਪਏ ਰੱਖੇ ਗਏ ਹਨ।

(੩) **ਖਰਚ ਸ੍ਰੀ ਅਖੰਡਪਾਠ ਸਾਹਿਬ :-** ਗੁਰਦੁਆਰਾ ਸਹਿਬਾਨਾਂ ਵਿੱਚ ਸੰਗਤਾਂ ਵਲੋਂ ਕਰਵਾਏ ਜਾਣ ਵਾਲੇ ਸ੍ਰੀ ਅਖੰਡਪਾਠ ਸਾਹਿਬ ਦੀ ਭੇਟਾ ਦੇਣ ਲਈ ਪੰਜਤਾਲੀ ਕਰੋੜ ਇਕਾਨਵੇਂ ਲੱਖ ਬੱਤੀ ਹਜਾਰ ਰੁਪਏ ਰੱਖੇ ਗਏ ਹਨ।

(੪) **ਗੁਰੂ ਕੇ ਲੰਗਰ ਲਈ ਖ਼ਰਚ:-** ਇਸ ਖਾਤੇ ਇੱਕ ਅਰਬ ਸੱਤ ਕਰੋੜ ਪਚਵਿੰਜਾ ਲੱਖ ਸੱਤਰ ਹਜਾਰ ਰੁਪਏ ਰੱਖੇ ਗਏ ਹਨ।

(੫) **ਮੇਲੇ ਗੁਰਪੁਰਬ:-** ਇਸ ਖਾਤੇ ਦਸ ਕਰੋੜ ਚੌਤੀ ਲੱਖ ਉਨਤਾਲੀ ਹਜਾਰ ਰੁਪਏ ਰੱਖੇ ਗਏ ਹਨ।

(੬) **ਖਰਚ ਬਿਜਲੀ,ਪਾਣੀ ਅਤੇ,ਜਨਰੇਟਰ :-** ਇਸ ਖਾਤੇ ਛੱਤੀ ਕਰੋੜ ਚੌਦਾਂ ਲੱਖ ਪੈਂਤੀ ਹਜਾਰ ਰੁਪਏ ਰੱਖੇ ਗਏ ਹਨ।

(੭) **ਪ੍ਰਸਾਦਿ, ਸਿਰੋਪਾਓ:-** ਇਸ ਖਾਤੇ ਨੌ ਕਰੋੜ ਚੁਰਿੰਜਾ ਲੱਖ ਸਤਾਹਠ ਹਜਾਰ ਰੁਪਏ ਰੱਖੇ ਗਏ ਹਨ।

(੮) **ਜਿਉਟਮੈਟ, ਟਾਟ ਅਤੇ ਪਾਏਦਾਨ:-** ਇਸ ਖਾਤੇ ਦੋ ਕਰੋੜ ਇਕਤਾਲੀ ਲੱਖ ਪਚਾਨਵੇਂ ਹਜਾਰ ਰੁਪਏ ਰੱਖੇ ਗਏ ਹਨ।

(੯) **ਨਿਹੰਗ ਸਿੰਘਾਂ ਨੂੰ ਬੰਧਾਨ ਦੇਣ ਲਈ:-** ਇਸ ਖਾਤੇ ਇੱਕ ਕਰੋੜ ਤੇਈ ਲੱਖ ਅਠੱਤੀ ਹਜਾਰ ਰੁਪਏ ਰੱਖੇ ਗਏ ਹਨ।

(੧੦) **ਬੀਮਾਂ ਮੁਲਾਜਮਾਂ:-** ਇਸ ਖਾਤੇ ਸੱਤ ਕਰੋੜ ਚੁਤਾਲੀ ਲੱਖ ਬਵਿੰਜਾ ਹਜਾਰ ਰੁਪਏ ਰੱਖੇ ਗਏ ਹਨ।

(੧੧) **ਖਰਚ ਗੱਡੀਆਂ (ਮੁਰੰਮਤ ਅਤੇ ਤੇਲ ਆਦਿ):-** ਇਸ ਖਾਤੇ ਪੰਜ ਕਰੋੜ ਇਕਤਾਲੀ ਲੱਖ ਚੌਦਾਂ ਹਜਾਰ ਰੁਪਏ ਰੱਖੇ ਗਏ ਹਨ।

(੧੨) **ਮੁਰੰਮਤ ਇਮਾਰਤਾਂ:-** ਇਸ ਖਾਤੇ ਪੰਜ ਕਰੋੜ ਚੌਹਠ ਲੱਖ ਇਕਤਾਲੀ ਹਜਾਰ ਰੁਪਏ ਰੱਖੇ ਗਏ ਹਨ।

(੧੩) **ਮੁਰੰਮਤ ਸਮਾਨ:-** ਇਸ ਖਾਤੇ ਇੱਕ ਕਰੋੜ ਪੰਝੱਤਰ ਲੱਖ ਚੌਵੀ ਹਜਾਰ ਰੁਪਏ ਰੱਖੇ ਗਏ ਹਨ।

(੧੪) **ਖਰਚ ਨਿਵਾਸ:-** ਇਸ ਖਾਤੇ ਤਿੰਨ ਕਰੋੜ ਬਹੱਤਰ ਲੱਖ ਅਠਤਾਲੀ ਹਜਾਰ ਰੁਪਏ ਰੱਖੇ ਗਏ ਹਨ।

(੧੫) **ਖਰਚ ਖੇਤੀਬਾੜੀ :-** ਇਸ ਖਾਤੇ ਪੰਜ ਕਰੋੜ ਤਰਵਿੰਜਾ ਲੱਖ ਨੱਬੇ ਹਜਾਰ ਰੁਪਏ ਰੱਖੇ ਗਏ ਹਨ।

(੧੬) **ਤਨਖ਼ਾਹਾਂ ਖੇਤੀਬਾੜੀ:-** ਇਸ ਖਾਤੇ ਇੱਕ ਕਰੋੜ ਸਤਵਿੰਜਾ ਲੱਖ ਪੰਜ ਹਜਾਰ ਰੁਪਏ ਰੱਖੇ ਗਏ ਹਨ।

(੧੭) **ਗੁ:ਸਾਹਿਬ ਤੋ ਸਹਾਇਤਾ/ਕਰਜਾ (ਪਿੰਗਲਵਾੜਾ, ਪੈਨਸ਼ਨਾਂ, ਸਕੂਲ, ਕਾਲਜਾਂ ਅਤੇ ਹੋਰ ਅਦਾਰੇ ਆਦਿ)**

ਇਸ ਖਾਤੇ ਚਾਰ ਕਰੋੜ ਉਨੱਤਰ ਲੱਖ ਚੁਤਾਲੀ ਹਜਾਰ ਰੁਪਏ ਰੱਖੇ ਗਏ ਹਨ।

(੧੮) **ਫੁਟਕਲ, ਵਰਦੀਆਂ ਸਟਾਫ, ਮੁਕਦਮੇਂ, ਸਟੇਸ਼ਨਰੀ, ਸਫਰ ਖਰਚ, ਟੈਲੀਫੋਨ, ਆਡਿਟ ਫੀਸ, ਡਾਕ ਖਰਚ ਅਤੇ ਹੋਰ ਖਰਚੇ :-**

ਇਸ ਖਾਤੇ ਦੱਸ ਕਰੋੜ ਦਸ ਲੱਖ ਬਹੱਤਰ ਹਜਾਰ ਦੋ ਸੌ ਦਸ ਰੁਪਏ ਰੱਖੇ ਗਏ ਹਨ।

(੧੯) **ਖਰਚ ਡਿਸਪੈਂਸਰੀਆਂ:-** ਗੁਰੂ ਘਰਾਂ ਵਿੱਚ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਫਰੀ ਡਿਸਪੈਂਸਰੀਆਂ ਖੋਲੀਆਂ ਹੋਈਆਂ ਹਨ। ਸਟਾਫ ਦੀਆਂ ਤਨਖਾਹਾਂ ਅਤੇ ਦਵਾਈਆਂ ਆਦਿ ਦੇ ਖਰਚਿਆਂ

ਲਈ ਚੁਤਾਲੀ ਲੱਖ ਪੈਂਤੀ ਹਜਾਰ ਰੁਪਏ ਰੱਖੇ ਗਏ ਹਨ।

(੨੦) **ਪੂੰਜੀਗਤ ਖਰਚ:-** ਇਸ ਖਾਤੇ ਇੱਕਿਆਸੀ ਕਰੋੜ ਪਚਾਨਵੇਂ ਲੱਖ ਪੰਝੱਤਰ ਹਜਾਰ ਰੁਪਏ ਖਰਚ ਦਾ ਅੰਦਾਜਾ ਹੈ।

(੨੧) **ਰਿਜ਼ਰਵ ਫੰਡ ਅਤੇ ਤਰੱਕੀ ਗੁਰਦੁਆਰਾ ਸਾਹਿਬ ਫੰਡ:-** ਉਪ੍ਰੋਕਤ ਖਰਚਿਆਂ ਦੀਆਂ ਮੱਦਾਂ ਤੋਂ ਇਲਾਵਾ ਜੇਕਰ ਹੋਰ ਕੋਈ ਖਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਚੁਤਾਲੀ ਕਰੋੜ ਨੱਬੇ ਲੱਖ ਪੰਜਾਸੀ ਹਜਾਰ ਰੁਪਏ ਰਿਜ਼ਰਵ ਫੰਡ ਅਤੇ ਤਰੱਕੀ ਗੁਰਦੁਆਰਾ ਸਾਹਿਬ ਫੰਡ ਵੱਖਰੇ ਤੌਰ ਤੇ ਰੱਖੇ ਗਏ ਹਨ।

**ਰੁਟੀਨ ਖਰਚ ਦਾ ਕੁੱਲ ਜੋੜ:- ਸੱਤ ਅਰਬ ਇਕੱਤੀ ਕਰੋੜ ਪਚਵਿੰਜਾ ਲੱਖ ਸੰਤਾਲੀ ਹਜਾਰ ਦੋ ਸੌ ਦਸ ਰੁਪਏ।**

(ਅ) **ਗੁਰਦੁਆਰਾ ਸਹਿਬਾਨ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਦੇਣਯੋਗ ਫੰਡਾਂ ਦਾ ਖਰਚ।**

(੧) **ਧਰਮ ਪ੍ਰਚਾਰ ਕਮੇਟੀ ਦੇਣਯੋਗ ਧਾਰਮਿਕ ਫੰਡ:-** ਇੱਕ ਅਰਬ ਇੱਕੀ ਕਰੋੜ ਗਿਆਰਾਂ ਹਜਾਰ ਤਿੰਨ ਸੌ ਪਚਾਨਵੇਂ ਰੁਪਏ।

(੨) **ਦਸਵੰਧ (ਜਨਰਲ ਬੋਰਡ ਫੰਡ) ਨੂੰ ਦੇਣਯੋਗ :-** ਅੱਸੀ ਕਰੋੜ ਛਿਆਹਠ ਲੱਖ ਚੁਵੱਤਰ ਹਜਾਰ ਦੋ ਸੌ ਪੰਜਾਹ ਰੁਪਏ।

(੩) **ਸਹਾਇਤਾ ਮੀਰੀ ਪੀਰੀ ਮੈਡੀਕਲ ਕਾਲਜ ਐਂਡ ਇੰਸਟੀਚਿਊਟ ਸ਼ਾਹਬਾਦ ਮਾਰਕੰਡਾ (ਜਨਰਲ ਬੋਰਡ ਫੰਡ) ਨੂੰ ਦੇਣਯੋਗ:-** ਅੱਠ ਕਰੋੜ ਰੁਪਏ।

(੪) **ਸਹਾਇਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਸਿੱਖ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ (ਜਨਰਲ ਬੋਰਡ ਫੰਡ) ਨੂੰ ਦੇਣਯੋਗ:-** ਅੱਠ ਕਰੋੜ ਰੁਪਏ।

(੫) **ਸਿੱਖ ਇਤਿਹਾਸ ਫੰਡ (ਟਰੱਸਟ ਫੰਡਜ) ਨੂੰ ਦੇਣਯੋਗ:-** ਤਿੰਨ ਕਰੋੜ ਇੱਕ ਲੱਖ ਚਾਲੀ ਹਜਾਰ ਰੁਪਏ।

(੬) **ਗੁਰਬਾਣੀ ਅਤੇ ਗੁਰਮਤਿ ਲਿਟਰੇਚਰ ਫੰਡ (ਟਰੱਸਟ ਫੰਡਜ) ਨੂੰ ਦੇਣਯੋਗ:-** ਤਿੰਨ ਕਰੋੜ ਛਿਅੱਤਰ ਲੱਖ ਪੰਜਾਹ ਹਜਾਰ ਰੁਪਏ।

(੭) **ਧਰਮ ਅਰਥ ਫੰਡ (ਟਰੱਸਟ ਫੰਡਜ) ਨੂੰ ਦੇਣਯੋਗ:-** ਤਿੰਨ ਕਰੋੜ ਇੱਕ ਲੱਖ ਚਾਲੀ ਹਜਾਰ ਰੁਪਏ।

(੮) **ਪੰਥਕ ਭਲਾਈ ਫੰਡ (ਟਰੱਸਟ ਫੰਡਜ) ਨੂੰ ਦੇਣਯੋਗ:-** ਇੱਕ ਕਰੋੜ ਗਿਆਰਾਂ ਲੱਖ ਨੱਬੇ ਹਜਾਰ ਰੁਪਏ।

(੯) **ਭਾਈਚਾਰਕ ਸੁਧਾਰ (ਟਰੱਸਟ ਫੰਡਜ) ਨੂੰ ਦੇਣਯੋਗ:-** ਇੱਕ ਕਰੋੜ ਗਿਆਰਾਂ ਲੱਖ ਨੱਬੇ ਹਜਾਰ ਰੁਪਏ।

(੧੦) **ਸਹਾਇਤਾ ਕੁਦਰਤੀ ਆਫਤਾਂ (ਟਰੱਸਟ ਫੰਡਜ) ਨੂੰ ਦੇਣਯੋਗ:-** ਇੱਕ ਕਰੋੜ ਛਿਆਸੀ ਲੱਖ ਤੀਹ ਹਜਾਰ ਰੁਪਏ।

(੧੧) **ਸ਼ਹੀਦੀ ਫੰਡ (ਟਰੱਸਟ ਫੰਡਜ) ਨੂੰ ਦੇਣਯੋਗ:-** ਇੱਕ ਕਰੋੜ ਛਿਆਸੀ ਲੱਖ ਤੀਹ ਹਜਾਰ ਰੁਪਏ।

(੧੨) **ਗਰੈਚੂਟੀ ਅਤੇ ਰਿਆਇਤੀ ਛੁੱਟੀਆ ਦਾ ਸੇਵਾਫਲ (ਟਰੱਸਟ ਫੰਡਜ) ਨੂੰ ਦੇਣਯੋਗ:-** ਅਠਾਈ ਕਰੋੜ ਨੌ ਲੱਖ ਸੱਠ ਹਜਾਰ ਰੁਪਏ

(੧੩) **ਵਿਦਿਆ ਫੰਡ (ਵਿਦਿਆ ਫੰਡ) ਨੂੰ ਦੇਣਯੋਗ:-** ਚਾਲੀ ਕਰੋੜ ਤੇਤੀ ਲੱਖ ਸੈਂਤੀ ਹਜਾਰ

ਇੱਕ ਸੌ ਪੰਤਾਲੀ ਰੁਪਏ।

**(੧੪) ਵਿਸ਼ੇਸ਼ ਸਹਾਇਤਾ (ਵਿਦਿਆ ਫੰਡ) ਨੂੰ ਦੇਣਯੋਗ:-** ਸਤਾਰਾਂ ਕਰੋੜ ਅੱਠਵਿੰਜਾ ਲੱਖ ਰੁਪਏ।

**(੧੫) ਸਹਾਇਤਾ ਸਪੋਰਟਸ ਵਿੰਗ ਲਈ (ਸ੍ਰੋ:ਗੁ:ਪ੍ਰ:ਕਮੇਟੀ):-** ਇੱਕ ਕਰੋੜ ਪੰਜ ਲੱਖ ਰੁਪਏ।

**ਫੰਡਾਂ ਅਤੇ ਸਹਾਇਤਾ ਦਾ ਜੋੜ :-** ਤਿੰਨ ਅਰਬ ਵੀਹ ਕਰੋੜ ਅਠਤਾਲੀ ਲੱਖ ਬਵਿੰਜਾ ਹਜਾਰ ਸੱਤ ਸੌ ਨੱਬੇ ਰੁਪਏ।

**ਖਰਚ ਦਾ ਕੁੱਲ ਜੋੜ :-** ਦਸ ਅਰਬ ਬਵਿੰਜਾ ਕਰੋੜ ਚਾਰ ਲੱਖ ਰੁਪਏ।

## ਬਜਟ ਭਾਗ "ਸ" (ਵਿਦਿਅਕ ਅਦਾਰੇ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਂ ਦੇ ਹਾਣ ਨਾਲ ਜਿਥੇ ਧਰਮ ਪ੍ਰਚਾਰ ਅਤੇ ਸਿਹਤ ਸੇਵਾਵਾਂ ਲਈ ਯਤਨਸ਼ੀਲ ਹੈ ਉਥੇ ਵਿਦਿਅਕ ਖੇਤਰ ਵਿਚ ਵੱਡੀਆਂ ਪੁਲਾਂਘਾਂ ਪੁਟ ਰਹੀ ਹੈ। ਇਸੇ ਭਾਵਨਾ ਦੇ ਪੂਰਨ ਅਨੁਸਰਨ ਵਜੋਂ ਕੁਝ ਕੁ ਧਾਰਮਿਕ ਵਿਦਿਆ ਦੇ ਅਦਾਰੇ ਮੁਫਤ ਵਿਦਿਆ ਵੀ ਮੁਹੱਈਆ ਕਰਵਾ ਰਹੇ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਫੁਰਮਾਣ 'ਵਿਦਿਆ ਵੀਚਾਰੀ ਤਾਂ ਪਰਉਪਕਾਰੀ' ਨੂੰ ਸਮਾਜ ਵਿੱਚ ਪ੍ਰਫੁੱਲਤ ਕਰਨ ਵਿੱਚ ਯੋਗਦਾਨ ਪਾ ਰਹੀ ਹੈ।। ਸਮੁੱਚੇ ਅਦਾਰਿਆਂ ਵਿਚ ਗੁਰਸਿੱਖ ਅਤੇ ਯੋਗ ਵਿਦਿਆਰਥੀਆਂ ਨੂੰ ਵਿਸ਼ੇਸ਼ ਵਜ਼ੀਫੇ ਵੀ ਪ੍ਰਦਾਨ ਕੀਤੇ ਜਾਂਦੇ ਹਨ

ਸਮਾਜ 'ਚੋਂ ਵਿਦਿਆ ਦੀ ਕਮੀ ਨੂੰ ਪੂਰਾ ਕਰਨਾ ਸਰਕਾਰਾਂ ਦੀ ਜਿੰਮੇਵਾਰੀ ਹੁੰਦੀ ਹੈ, ਪ੍ਰੰਤੂ ਮੌਜੂਦਾਂ ਸਰਕਾਰਾਂ ਇਸ ਨੂੰ ਪੂਰਾ ਕਰਨ ਵਿੱਚ ਅਸਫਲ ਰਹੀਆਂ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਸੀਮਤ ਸਾਧਨਾਂ ਨਾਲ ਇਸ ਕਮੀ ਨੂੰ ਪੂਰਾ ਕਰਨ ਲਈ ਯਤਨ ਕਰ ਰਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਸਮੇਂ ਉਚੇਰੀ ਸਿਖਿਆ ਦੀਆਂ ੩੧ ਵਿਦਿਅਕ ਸੰਸਥਾਵਾਂ ਅਤੇ ਪ੍ਰਾਇਮਰੀ ਤੇ ਸੈਕੰਡਰੀ ਵਿਦਿਆ ਦੀਆਂ ੪੯ ਸੰਸਥਾਵਾਂ ਪੰਜਾਬ, ਹਿਮਾਚਲ ਅਤੇ ਮਹਾਂਰਾਸ਼ਟਰ ਪ੍ਰਾਂਤਾਂ ਵਿਚ ਚਲ ਰਹੀਆਂ ਹਨ। ਏਡਿਡ ਪੋਸਟਾਂ ਪੁਰ ਰੱਖੇ ਗਏ ਅਧਿਆਪਕਾਂ ਦੀਆਂ ਅਸਾਮੀਆਂ ਸਰਕਾਰ ਵੱਲੋਂ ਭਰੀਆਂ ਨਹੀਂ ਜਾ ਰਹੀਆਂ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੰਨ੍ਹਾਂ ਪੋਸਟਾਂ ਪੁਰ ਆਪਣੇ ਵਲੋਂ ਅਧਿਆਪਕ ਰੱਖ ਕੇ ਤਨਖਾਹਾਂ ਦਿੱਤੀਆ ਜਾ ਰਹੀਆਂ ਹਨ। ਜਿਸ ਕਰਕੇ ਸੰਸਥਾ ਨੂੰ ਹਰ ਸਾਲ ਵਾਧੂ ਵਿੱਤੀ ਬੋਝ ਝੱਲਣਾ ਪੈ ਰਿਹਾ ਹੈ। ਇਸ ਸਾਲ ਵੀ ਵਿਦਿਅਕ ਅਦਾਰਿਆਂ ਦਾ ਖਰਚ ਆਮਦਨ ਨਾਲੋਂ ਪੰਝੀ ਕਰੋੜ ਬਾਈ ਲੱਖ ਰੁਪਏ ਵੱਧ ਹੋਣ ਦਾ ਅੰਦਾਜਾ ਹੈ।

